'ਜ਼ਿਕਰ ਪੰਜਾਬ' ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com



ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 20 ਅਪ੍ਰੈਲ ਤੋਂ ਐਤਵਾਰ, 26 ਅਪ੍ਰੈਲ, 2026

WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ
Ludhiana : Monday, 20 April to Sunday, 26 April 2026



ਹਫਤਾਵਾਰੀ 'ਜ਼ਿਕਰ ਪੰਜਾਬ' ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com



E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 16 | Website : www.zikarpunjab.com


# ਬੇਅਦਬੀ ਲਈ ਸਜ਼ਾਵਾਂ ਬਾਰੇ ਨਵੇਂ ਸੋਧ ਬਿੱਲ 'ਤੇ ਰਾਜਪਾਲ ਨੇ ਲਗਾਈ ਮੋਹਰ



ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਵਿੱਚ ਹੁਣ ਬੇਅਦਬੀ ਕਰਨ ਵਾਲਿਆਂ ਦੀ ਖ਼ੈਰ ਨਹੀਂ ਹੈ ਕਿਉਂਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026' ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਹ ਜਾਣਕਾਰੀ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੁਦ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀ ਦਿੱਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇਹ ਬਿੱਲ ਕਾਨੂੰਨ ਬਣ ਗਿਆ ਹੈ ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਜਿਹੀ ਸੇਵਾ ਉਸ ਦੇ ਹਿੱਸੇ ਲਾਉਣ ਲਈ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ਬਿੱਲ ਉੱਤੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਨੇ ਦਸਤਖ਼ਤ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਹੁਣ ਇਹ ਬਿੱਲ ਕਾਨੂੰਨ ਬਣ ਗਿਆ ਹੈ ਤੇ ਮੇਰੇ ਵਰਗੇ ਨਿਮਾਣੇ ਤੋਂ ਇਹ ਸੇਵਾ ਲੈਣ ਲਈ ਵਾਹਿਗੁਰੂ ਜੀ ਦਾ ਕੋਟਿਨ- ਕੋਟ ਧੰਨਵਾਦ, ਸਮੂਹ ਸੰਗਤ ਦਾ ਸ਼ੁਕਰਾਨਾ। ਜ਼ਿਕਰਯੋਗ ਹੈ ਕਿ ਇਹ ਬਿੱਲ 13 ਅਪਰੈਲ ਨੂੰ ਵਿਸਾਖੀ ਵਾਲੇ ਦਿਨ ਪੰਜਾਬ ਵਿਧਾਨ ਸਭਾ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਸੀ। ਮਾਨ ਸਰਕਾਰ ਨੇ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਸੀ ਕਿ ਕਿਉਂਕਿ ਇਹ ਸੂਬਾ ਐਕਟ ਵਿੱਚ ਸੋਧ ਹੈ, ਇਸ ਲਈ ਇਸ ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਦੀ ਲੋੜ ਨਹੀਂ ਸੀ ਅਤੇ ਰਾਜਪਾਲ ਦੀ ਸਹਿਮਤੀ ਨਾਲ ਹੀ ਇਹ ਲਾਗੂ ਹੋ ਸਕਦਾ ਸੀ ਪੰਜਾਬ ਸਰਕਾਰ ਵੱਲੋਂ ਬਣਾਏ ਇਸ ਕਾਨੂੰਨ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਜੁੜੀਆਂ ਘਟਨਾਵਾਂ ਲਈ ਦੋਸ਼ੀਆਂ ਨੂੰ ਮੌਤ ਤੱਕ ਉਮਰ ਕੈਦ ਦੀ ਸਜਾ ਤੇ 25 ਲੱਖ ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਰੱਖੀ ਗਈ ਹੈ। ਇਸ ਦਾ ਮਕਸਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ, ਪਬਲਿਸ਼ਿੰਗ ਤੇ ਸਾਂਭਣ 'ਚ ਨਿੱਜੀ ਲੋਕਾਂ ਵੱਲੋਂ ਕੀਤੀਆਂ ਜਾ ਰਹੀਆਂ ਗਲਤੀਆਂ ਨੂੰ ਰੋਕਣਾ ਹੈ।

## ਬੇਅਦਬੀ ਘਟਨਾਵਾਂ ਸੰਬੰਧੀ ਬਿੱਲ ਨੂੰ ਗਵਰਨਰ ਦੀ ਪ੍ਰਵਾਨਗੀ ਦਾ ਐਡਵੋਕੇਟ ਧਾਮੀ ਵੱਲੋਂ ਸਵਾਗਤ

ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾਵਾਂ ਦੇਣ ਲਈ ਬਿੱਲ ਨੂੰ ਪੰਜਾਬ ਦੇ ਗਵਰਨਰ ਵੱਲੋਂ ਮਿਲੀ ਪ੍ਰਵਾਨਗੀ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਧਾਰਮਿਕ ਆਸਥਾ ਅਤੇ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਰੱਖਿਆ ਲਈ ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ ਦਾ ਮੁਕੰਮਲ ਖਾਤਮਾ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਆਪਣੀ ਥਾਂ ਠੀਕ ਹੈ, ਪਰ ਇਸ ਤੋਂ ਵੀ ਵੱਧ ਜਰੂਰੀ ਹੈ ਕਿ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਨ ਵਾਲੀਆਂ ਤਾਕਤਾਂ ਨੂੰ ਬੇਪਰਦ ਕਰਕੇ • ਬਾਕੀ ਸਫ਼ਾ 2 'ਤੇ

## ਸੰਤ ਸੀਚੇਵਾਲ ਵੱਲੋਂ ਸਿੱਖ ਜਗਤ ਨੂੰ ਵਧਾਈ

ਜ਼ਿਕਰ ਪੰਜਾਬ
ਜਲੰਧਰ/ਬਲਵਿੰਦਰ ਕੁਮਾਰ

ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026 ਨੂੰ ਸੂਬੇ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਪ੍ਰਵਾਨਗੀ ਦੇਣ 'ਤੇ ਰਾਜ ਸਭਾ ਮੈਂਬਰ ਤੇ ਉਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਜੀ ਨੇ ਸਮੁੱਚੇ ਸਿੱਖ ਜਗਤ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਜਾਰੀ ਕੀਤੇ ਬਿਆਨ ਵਿੱਚ ਕਿਹਾ ਹੈ ਕਿ 13 ਅਪ੍ਰੈਲ 2026 ਨੂੰ ਪੰਜਾਬ ਦੀ ਵਿਧਾਨ ਸਭਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਜਿਹੜਾ ਸੋਧ ਬਿੱਲ ਪਾਸ ਕੀਤਾ ਸੀ, ਉਸ ਨੂੰ ਪੰਜਾਬ ਦੇ ਰਾਜਪਾਲ ਵੱਲੋਂ ਦਸਤਖ਼ਤ ਕੀਤੇ ਜਾਣ ਨਾਲ ਇਸ ਬਿੱਲ ਨੇ ਹੁਣ ਕਾਨੂੰਨ ਦਾ ਰੂਪ ਲੈ ਲਿਆ ਹੈ। ਇਸ ਨਾਲ ਬੇਅਦਬੀ ਕਰਨ ਵਾਲੇ ਨੂੰ ਉਮਰਕੈਦ ਅਤੇ 25 ਲੱਖ ਤੱਕ ਦਾ ਜੁਰਮਾਨਾ ਲਾਇਆ ਜਾਵੇਗਾ। ਯਾਦ ਰਹੇ ਕਿ ਪਾਰਲੀਮੈਂਟ ਦੇ ਬਜਟ ਸੈਸ਼ਨ ਦੌਰਾਨ ਸੰਤ ਸੀਚੇਵਾਲ ਵੱਲੋਂ ਸਪੈਸ਼ਲ ਮੈਨਸ਼ਨ ਰਾਹੀਂ ਕੇਂਦਰ ਸਰਕਾਰ ਕੋਲੋਂ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਗਈ ਸੀ। ਇਹ ਪਹਿਲੀ



ਵਾਰ ਸੀ ਜਦੋਂ ਕਿਸੇ ਐਮ.ਪੀ ਵੱਲੋਂ ਬੇਅਬਦੀਆਂ ਵਿਰੁੱਧ ਕਾਨੂੰਨ ਬਣਾਉਣ ਦੀ ਮੰਗ ਕੀਤੀ ਗਈ ਸੀ।ਜ਼ਿਕਰਯੋਗ ਹੈ ਕਿ 13 ਅਪ੍ਰੈਲ ਨੂੰ ਜਦੋਂ ਇਹ ਬਿੱਲ ਨੂੰ ਪਾਸ ਕੀਤਾ ਜਾ ਰਿਹਾ ਸੀ ਤਾਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਧਾਰਮਿਕ ਆਗੂਆਂ ਦੇ ਨਾਲ ਪੰਜਾਬ ਵਿਧਾਨ ਸਭਾ ਦੀ ਰਾਜਪਾਲ ਗੈਲਰੀ ਵਿੱਚ ਬੈਠਕੇ ਇਸ ਇਤਿਹਾਸਕ ਪਲਾਂ ਦੇ ਚਸ਼ਮਦੀਦ ਗਵਾਹ ਬਣੇ ਸਨ।

## ਪੰਜਾਬ ਪੁਲਿਸ ਨਵੇਂ ਤਰੀਕੇ ਨਾਲ ਕਰੇਗੀ ਜਾਂਚ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵੱਲੋਂ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026' ਨੂੰ ਮਨਜ਼ੂਰੀ ਦਿੱਤੇ ਜਾਣ ਤੋਂ ਬਾਅਦ ਪੰਜਾਬ ਪੁਲਿਸ ਬੇਅਦਬੀ ਦੇ ਮਾਮਲਿਆਂ ਦੀ ਜਾਂਚ ਬਿਲਕੁਲ ਨਵੇਂ ਤਰੀਕੇ ਨਾਲ ਕਰਨ ਲਈ ਤਿਆਰ ਹੋ ਗਈ ਹੈ। ਹੁਣ ਅਧਿਕਾਰੀਆਂ ਲਈ ਘਟਨਾ ਵਾਲੀ ਥਾਂ 'ਤੇ ਪੂਰੀ ਧਾਰਮਿਕ ਮਰਿਯਾਦਾ ਦੀ ਪਾਲਣਾ ਕਰਨਾ ਲਾਜ਼ਮੀ ਹੋਵੇਗਾ। ਇਸ ਜਾਂਚ ਦਾ ਦਾਇਰਾ ਹੁਣ ਕ੍ਰਿਪਟੋਕਰੰਸੀ ਰਾਹੀਂ ਫੰਡਿੰਗ, ਸਰਹੱਦ ਪਾਰ ਦੀ ਸਾਜ਼ਿਸ਼ ਅਤੇ ਮਾਨਸਿਕ ਤੌਰ 'ਤੇ ਅਸਥਿਰ ਮੁਲਜ਼ਮਾਂ ਲਈ ਮਨੋਵਿਗਿਆਨਕ ਬੋਰਡ ਗਠਿਤ ਕਰਨ ਤੱਕ ਵਧਾ ਦਿੱਤਾ ਗਿਆ ਹੈ। ਪੰਜਾਬ ਬਿਊਰੋ ਆਫ ਇਨਵੈਸਟੀਗੇਸ਼ਨ ਨੇ ਇੱਕ ਵਿਆਪਕ 'ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ' ਜਾਰੀ ਕੀਤਾ ਹੈ ਜੋ ਕਿ ਰਵਾਇਤੀ ਅਪਰਾਧਾਂ ਦੀ ਜਾਂਚ ਨਾਲੋਂ ਕਾਫ਼ੀ ਵੱਖਰੀ ਅਤੇ ਉੱਨਤ ਹੈ ਇਹ ਪੁਲੀਸ ਲਈ ਜ਼ਰੂਰੀ ਬਣਾਉਂਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 'ਅੰਗਾਂ' (ਪਾਵਨ ਸਰੂਪਾਂ) ਦੀ ਪੂਰੀ ਸ਼ਰਧਾ ਅਤੇ ਮਰਿਯਾਦਾ ਨਾਲ ਸੰਭਾਲ ਕੀਤੀ ਜਾਵੇ। ਇਹ ਮਰਿਯਾਦਾ ਪੁਲੀਸ ਦੇ ਮੌਕੇ 'ਤੇ ਪਹੁੰਚਣ ਦੇ ਪਹਿਲੇ ਪਲ ਤੋਂ ਹੀ ਸ਼ੁਰੂ ਹੋਣੀ ਚਾਹੀਦੀ ਹੈ। • ਬਾਕੀ ਸਫ਼ਾ 2 'ਤੇ

## ਮਾਨਸਿਕ ਅਸਥਿਰਤਾ ਲਈ ਡਾਕਟਰਾਂ ਦਾ ਹੋਵੇਗਾ ਵਿਸ਼ੇਸ਼ ਬੋਰਡ

ਜੇਕਰ ਕੋਈ ਮੁਲਜ਼ਮ ਮਾਨਸਿਕ ਤੌਰ 'ਤੇ ਬਿਮਾਰ ਜਾਂ ਅਸਥਿਰ ਹੋਣ ਦੇ ਲੱਛਣ ਦਿਖਾਉਂਦਾ ਹੈ ਤਾਂ ਉਸ ਦੀ ਜਾਂਚ ਲਈ ਮਾਹਿਰ ਮਨੋਵਿਗਿਆਨਕ ਡਾਕਟਰਾਂ ਦਾ ਇੱਕ ਵਿਸ਼ੇਸ਼ ਬੋਰਡ ਬਣਾਇਆ ਜਾਵੇਗਾ। ਇਹ ਬੋਰਡ ਤੈਅ ਕਰੇਗਾ ਕਿ ਕੀ ਉਹ ਵਿਅਕਤੀ ਆਪਣੇ ਕੀਤੇ ਦੇ ਨਤੀਜੇ ਬਾਰੇ ਜਾਣਦਾ ਸੀ ਅਤੇ ਸਭ ਤੋਂ ਜ਼ਰੂਰੀ ਇਹ ਕਿ ਕੀ ਕਿਸੇ ਹੋਰ ਨੇ ਉਸ ਨੂੰ ਅਜਿਹਾ ਕਰਨ ਲਈ ਉਕਸਾਇਆ ਸੀ। ਇਸ ਦੇ ਨਾਲ ਹੀ, ਜਾਂਚ ਅਧਿਕਾਰੀਆਂ ਲਈ ਹੁਣ ਬਿਟਕੋਇਨ ਅਤੇ ਹੋਰ ਡਿਜੀਟਲ ਕਰੰਸੀ (ਕ੍ਰਿਪਟੋਕਰੰਸੀ) ਦੇ ਲੈਣ-ਦੇਣ ਦੀ ਪੜਤਾਲ ਕਰਨੀ ਵੀ ਲਾਜ਼ਮੀ ਹੋਵੇਗੀ, ਤਾਂ ਜੋ ਇਹ ਪਤਾ ਲੱਗ ਸਕੇ ਕਿ ਬੇਅਦਬੀ ਲਈ ਵਿਦੇਸ਼ਾਂ ਤੋਂ ਪੈਸਾ ਤਾਂ ਨਹੀਂ ਭੇਜਿਆ ਗਿਆ। ਇਸ ਗੁੰਝਲਦਾਰ ਜਾਂਚ ਵਿੱਚ ਮਦਦ ਲਈ ਚੇਨਾਲਿਸਿਸ ਅਤੇ ਬੱਬਲਮੈਪਸ ਵਰਗੇ ਆਧੁਨਿਕ ਤਕਨੀਕੀ ਟੂਲਸ ਦੀ ਵਰਤੋਂ ਕਰਨ ਲਈ ਖਾਸ ਤੌਰ 'ਤੇ ਕਿਹਾ ਗਿਆ ਹੈ। ਅਦਾਲਤੀ ਕਾਰਵਾਈ ਨੂੰ ਲੈ ਕੇ ਵੀ ਨਵੇਂ ਨਿਯਮਾਂ ਵਿੱਚ ਸਖ਼ਤੀ ਕੀਤੀ ਗਈ ਹੈ। ਚਾਰਜਸ਼ੀਟ ਦਾਇਰ ਹੁੰਦੇ ਹੀ ਜਾਂਚ ਅਧਿਕਾਰੀ ਨੂੰ ਤੁਰੰਤ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਲਈ ਤਜਵੀਜ਼ ਭੇਜਣੀ ਪਵੇਗੀ ਜਾਂਚ ਨੂੰ ਜਲਦੀ ਮੁਕੰਮਲ ਕਰਨ ਲਈ ਸਮਾਂ ਤੈਅ ਕਰ ਦਿੱਤਾ ਗਿਆ ਹੈ, ਜੇਕਰ ਅਪਰਾਧ ਦੀ ਸਜ਼ਾ 7 ਸਾਲ ਤੋਂ ਵੱਧ ਹੈ ਤਾਂ 90 ਦਿਨਾਂ ਵਿੱਚ ਅਤੇ ਬਾਕੀ ਮਾਮਲਿਆਂ 'ਚ 60 ਦਿਨਾਂ ਦੇ ਅੰਦਰ ਜਾਂਚ ਪੂਰੀ ਕਰਨੀ ਪਵੇਗੀ। ਖਾਸ ਗੱਲ ਇਹ ਹੈ ਕਿ ਇਹ ਨਿਯਮ ਉਨ੍ਹਾਂ ਮੁਲਜ਼ਮਾਂ 'ਤੇ ਵੀ ਲਾਗੂ ਹੋਣਗੇ ਜੋ ਜ਼ਮਾਨਤ 'ਤੇ ਬਾਹਰ ਹਨ। ਸੀਸੀਟੀਵੀ ਫੁਟੇਜ ਜਾਂ ਸੋਸ਼ਲ ਮੀਡੀਆ ਤੋਂ ਮਿਲੇ ਡਿਜੀਟਲ ਸਬੂਤਾਂ ਨੂੰ ਅਦਾਲਤ ਵਿੱਚ ਮਨਜ਼ੂਰ ਕਰਵਾਉਣ ਲਈ ਹੁਣ 'ਭਾਰਤੀ ਸਾਖਿਆ ਕਾਨੂੰਨ, 2023' ਦੀ ਧਾਰਾ 63 ਮੁਤਾਬਕ ਇੱਕ ਸਰਟੀਫਿਕੇਟ ਦੇਣਾ ਜ਼ਰੂਰੀ ਹੋਵੇਗਾ। ਇਸ ਤੋਂ ਇਲਾਵਾ, ਅਦਾਲਤ ਵਿੱਚ ਚਾਰਜਸ਼ੀਟਾਂ ਹੁਣ ਇਲੈਕਟ੍ਰਾਨਿਕ ਤਰੀਕੇ ਨਾਲ (ਸਕੈਨ ਕੀਤੀਆਂ, ਇੰਡੈਕਸਡ ਅਤੇ ਪੀਡੀਐੱਫ ਫਾਰਮੈਟ ਵਿੱਚ) ਦਾਇਰ ਕੀਤੀਆਂ ਜਾਣਗੀਆਂ। ਪੀ ਬੀ ਆਈ ਦੇ ਡਾਇਰੈਕਟਰ ਐੱਲ ਕੇ ਯਾਦਵ ਨੇ ਕਿਹਾ ਕਿ ਅਜਿਹੇ ਮਾਮਲਿਆਂ ਦੀ ਜਾਂਚ ਵਿੱਚ ਵਿਗਿਆਨਕ ਸਪੱਸ਼ਟਤਾ (ਫੋਰੈਂਸਿਕ ਸ਼ੁੱਧਤਾ) • ਬਾਕੀ ਸਫ਼ਾ 2 'ਤੇ

## ਅਕਾਲੀ ਦਲ ਵਾਰਿਸ ਪੰਜਾਬ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਗਠਜੋੜ ਦਾ ਐਲਾਨ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ 'ਚ 2027 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਰਾਜਨੀਤਿਕ ਗਤੀਵਿਧੀਆਂ ਤੇਜ਼ ਹੋ ਗਈਆਂ ਹਨ। ਇਸੇ ਸਿਲਸਿਲੇ ਵਿਚਕਾਰ ਸੂਬੇ ਦੀਆਂ ਦੋ ਪੰਥਕ ਪਾਰਟੀਆਂ ਨੇ ਗਠਜੋੜ ਦਾ ਐਲਾਨ ਕਰ ਦਿੱਤਾ ਹੈ। ਖਡੂਰ ਸਾਹਿਬ ਤੋਂ ਸਾਂਸਦ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਗਠਜੋੜ ਦਾ ਐਲਾਨ ਕੀਤਾ ਹੈ। ਇਸ ਗੱਠਜੋੜ ਦੀ ਤਾਲਮੇਲ ਕਮੇਟੀ ਦਾ ਕਨਵੀਨਰ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੂੰ ਚੁਣਿਆ ਗਿਆ ਹੈ। ਉਨ੍ਹਾਂ ਨੇ ਖ਼ੁਦ ਇਸ ਬਾਰੇ ਜਾਣਕਾਰੀ ਦਿੱਤੀ ਹੈ। ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇਸ ਬਾਬਤ ਜਾਣਕਾਰੀ ਸਾਂਝੀ ਕਰਦੇ ਹੋਏ ਬੀਤੇ ਦਿਨ, ਸ਼ਨੀਵਾਰ ਨੂੰ ਇੱਕ ਪੋਸਟ ਕੀਤੀ ਹੈ। ਉਨ੍ਹਾਂ ਨੇ ਪੋਸਟ 'ਚ ਲਿਖਿਆ- ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਤਾਲਮੇਲ ਕਮੇਟੀਆਂ ਵੱਲੋਂ ਪਹਿਲੀ ਮੀਟਿੰਗ ਕਰਕੇ ਗੱਠਜੋੜ ਕਰਦਿਆਂ ਪੰਥਕ ਏਕਤਾ ਤਾਲਮੇਲ ਕਮੇਟੀ ਬਣਾਈ ਗਈ। ਜਿਸ ਦਾ ਦਾਸ ਨੂੰ ਸਰਬਸੰਮਤੀ ਨਾਲ ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਜਿਸ ਤਹਿਤ ਅਸੀਂ ਦੋਵਾਂ ਪੰਥਕ ਅਕਾਲੀ ਧਿਰਾਂ ਦਾ ਤਹਿ ਦਿੱਲੋਂ ਧੰਨਵਾਦ ਕਰਦੇ ਹਾਂ। ਈਆਲੀ ਨੇ ਅੱਗੇ ਲਿਖਿਆ- 2 ਦਸੰਬਰ 2024, ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਹੁਕਮਨਾਮੇ ਸਾਹਿਬ ਤਹਿਤ ਜੋ ਪੰਥਕ ਏਕਤਾ ਦਾ ਕਾਰਜ ਅਧੂਰਾ ਪਿਆ ਸੀ। ਉਸ ਦੀ ਆਰੰਭਤਾ ਤੇ ਸਫਲਤਾ ਵੱਲ ਅੱਜ ਪਹਿਲਾ ਕਦਮ ਚੁੱਕਿਆ ਗਿਆ ਹੈ ਤੇ ਸਾਡੀ ਪਿਛਲੇ ਸਮਿਆਂ 'ਚ ਚੱਲ ਰਹੀਆਂ ਕੋਸ਼ਿਸ਼ਾਂ ਤੇ ਮਿਹਨਤ ਨੂੰ ਬੂਰ ਪਿਆ ਹੈ। ਸਿੱਖ ਪੰਥ, ਪੰਜਾਬ ਤੇ ਪੰਜਾਬੀਅਤ ਨੂੰ ਹੋਰ ਮਜ਼ਬੂਤ ਕਰਨ ਲਈ ਤੇ ਪੰਥਕ ਏਕਤਾ ਲਈ ਹਰ ਸੰਭਵ ਕੋਸ਼ਿਸ਼ ਕਰਾਂਗੇ। ਜਿਸ ਤਹਿਤ ਅਸੀ ਸਾਰੀਆਂ ਪੰਥਕ, ਸਮਾਜਿਕ-ਧਾਰਮਿਕ , ਮੁਲਾਜ਼ਮ ਤੇ ਕਿਸਾਨ ਜਥੇਬੰਦੀਆਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਇਸ ਗੱਠਜੋੜ ਦਾ ਹਿੱਸਾ ਬਣਨ ਤੇ ਇਸ ਕਾਰਜ 'ਚ ਉਹ ਸਾਡਾ ਸਾਥ ਦੇਣ ਤਾਂ ਜੋ ਪੰਜਾਬ ਦੀ ਬਿਹਤਰੀ ਲਈ ਸਭ ਮਿਲ ਕੇ ਕੰਮ ਕਰ ਸਕੀਏ।



## ਭਾਰਤੀਆਂ ਦਾ ਹੱਜ ਲਈ ਪਹਿਲਾ ਜਥਾ ਸਾਊਦੀ ਅਰਬ ਪਹੁੰਚਿਆ

ਜ਼ਿਕਰ ਪੰਜਾਬ
ਨਵੀਂ ਦਿੱਲੀ/ਬਿਊਰੋ

ਸਾਲਾਨਾ ਹੱਜ ਯਾਤਰਾ ਲਈ ਭਾਰਤੀਆਂ ਦਾ ਪਹਿਲਾ ਜਥਾ ਸਾਊਦੀ ਅਰਬ ਪਹੁੰਚ ਗਿਆ ਹੈ। ਸਾਊਦੀ ਅਰਬ ਵਿਚਲੇ ਭਾਰਤੀ ਸਫ਼ਾਰਤਖ਼ਾਨੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਹੱਜ ਯਾਤਰੀਆਂ ਦੇ ਪਹਿਲੇ ਗਰੁੱਪ ਦਾ ਮਦੀਨਾ ਹਵਾਈ ਅੱਡੇ 'ਤੇ ਰਾਜਦੂਤ ਡਾ. ਸੁਹੇਲ ਐਜਾਜ਼ ਖ਼ਾਨ ਤੇ ਕੌਂਸੁਲ ਜਨਰਲ ਫ਼ਾਹਦ ਸੂਰੀ ਨੇ ਸਵਾਗਤ ਕੀਤਾ। ਰਾਜਦੂਤ ਨੇ ਮਦੀਨਾ ਹਵਾਈ ਅੱਡੇ ਉਤੇ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਭਾਰਤੀ ਵਲੰਟੀਅਰਾਂ ਨੂੰ ਵੀ ਮਿਲੇ ਜੋ ਕਿ ਹੱਜ ਯਾਤਰੀਆਂ ਦੀ ਮਦਦ ਕਰ ਰਹੇ ਹਨ। ਘੱਟਗਿਣਤੀ ਮਾਮਲਿਆਂ ਬਾਰੇ ਮੰਤਰਾਲੇ ਮੁਤਾਬਕ ਇਸ ਸਾਲ 1,75,025 ਯਾਤਰੀਆਂ ਦੇ ਹੱਜ ਲਈ ਸਾਊਦੀ ਅਰਬ ਜਾਣ ਦੀ ਸੰਭਾਵਨਾ ਹੈ।

## ਪਟਾਕਾ ਫੈਕਟਰੀ ਵਿੱਚ ਜ਼ਬਰਦਸਤ ਧਮਾਕਾ, 24 ਲੋਕਾਂ ਦੀ ਮੌਤ, ਅਨੇਕਾਂ ਜ਼ਖ਼ਮੀ

ਜ਼ਿਕਰ ਪੰਜਾਬ
ਵਿਰੁਧੁਨਗਰ (ਤਾਮਿਲਨਾਡੂ)/ਬਿਊਰੋ




ਐਤਵਾਰ ਨੂੰ ਵਿਰੁਧੁਨਗਰ ਜ਼ਿਲ੍ਹੇ ਵਿੱਚ ਇੱਕ ਪਟਾਕਾ ਫੈਕਟਰੀ ਅੰਦਰ ਹੋਏ ਇੱਕ ਵੱਡੇ ਧਮਾਕੇ ਵਿੱਚ 24 ਲੋਕਾਂ ਦੀ ਮੌਤ ਹੋ ਗਈ। ਰਿਪੋਰਟਾਂ ਮੁਤਾਬਿਕ ਇਹ ਧਮਾਕਾ ਅੱਜ ਦੁਪਹਿਰ ਵਿਰੁਧੁਨਗਰ ਜ਼ਿਲ੍ਹੇ ਦੇ ਕੱਟਨਾਰਪੱਟੀ ਵਿੱਚ ਇੱਕ ਨਿੱਜੀ ਪਟਾਕਾ ਨਿਰਮਾਣ ਯੂਨਿਟ ਵਿੱਚ ਹੋਇਆ। ਪਟਾਕਿਆਂ ਦੇ ਫਟਣ ਦੀ ਅਵਾਜ਼ ਲਗਭਗ 10 ਕਿਲੋਮੀਟਰ ਤੱਕ ਸੁਣਾਈ ਦਿੱਤੀ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਅੱਗ ਬੁਝਾਊ ਅਤੇ ਬਚਾਅ ਸੇਵਾ ਦੇ ਕਰਮਚਾਰੀ ਮੌਕੇ 'ਤੇ ਪਹੁੰਚੇ ਅਤੇ ਫਿਲਹਾਲ ਅੱਗ ਬੁਝਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਛੇ ਲੋਕਾਂ ਨੂੰ ਸਥਾਨਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਧਮਾਕਾ ਏਨਾ ਜ਼ਬਰਦਸਤ ਸੀ ਕਿ ਇਸ ਨਾਲ ਪੂਰੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ, ਜਿਸ ਤੋਂ ਬਾਅਦ ਐਮਰਜੈਂਸੀ ਟੀਮਾਂ ਤੁਰੰਤ ਬਚਾਅ ਕਾਰਜਾਂ ਲਈ ਮੌਕੇ 'ਤੇ ਪਹੁੰਚ ਗਈਆਂ। ਜ਼ਖ਼ਮੀਆਂ ਨੂੰ ਤੁਰੰਤ ਵਿਰੁਧੁਨਗਰ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਅਧਿਕਾਰੀਆਂ ਨੇ ਘਟਨਾ 'ਤੇ ਚਿੰਤਾ ਪ੍ਰਗਟ ਕੀਤੀ ਹੈ ਅਤੇ ਚਿਤਾਵਨੀ ਦਿੱਤੀ ਹੈ ਕਿ ਮੌਤਾਂ ਦੀ ਗਿਣਤੀ ਹੋਰ ਵੱਧ ਸਕਦੀ ਹੈ। ਹਸਪਤਾਲ ਵਿੱਚ ਦਾਖਲ ਕੁਝ ਜ਼ਖਮੀਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ ਅਤੇ ਡਾਕਟਰਾਂ ਦੀ ਇੱਕ ਟੀਮ ਉਨ੍ਹਾਂ ਦੀ ਲਗਾਤਾਰ ਨਿਗਰਾਨੀ ਕਰ ਰਹੀ ਹੈ। ਅੱਗ ਬੁਝਾਊ ਅਤੇ ਬਚਾਅ ਵਿਭਾਗ ਦੇ ਇੱਕ ਅਧਿਕਾਰੀ ਨੇ ਏਐੱਨਆਈ ਨੂੰ ਪੁਸ਼ਟੀ ਕੀਤੀ, 'ਹੁਣ ਤੱਕ, ਘਟਨਾ ਸਥਾਨ ਤੋਂ 8 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਉਨ੍ਹਾਂ ਕਿਹਾ ਕਿ ਅੰਦਰ ਫਸੇ ਲੋਕਾਂ ਨੂੰ ਬਚਾਉਣ ਲਈ ਕਾਰਵਾਈ ਜਾਰੀ ਹੈ। ਤਾਮਿਲਨਾਡੂ ਦੇ ਮੁੱਖ ਮੰਤਰੀ ਐਮ ਕੇ ਸਟਾਲਿਨ • ਬਾਕੀ ਸਫ਼ਾ 2 'ਤੇ

## ਪਾਕਿਸਤਾਨ ਯਾਤਰਾ ਤੋਂ ਵਾਪਸ ਆਇਆ ਸਿੱਖ ਸ਼ਰਧਾਲੂਆਂ ਦਾ ਜੱਥਾ



ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਪਾਕਿਸਤਾਨ ਦੇ ਧਾਰਮਿਕ ਦਰਸ਼ਨਾਂ ਲਈ ਗਿਆ ਸਿੱਖ ਸ਼ਰਧਾਲੂਆਂ ਦਾ ਵੱਡਾ ਜੱਥਾ ਅੱਜ ਸੁਰੱਖਿਅਤ ਤੌਰ 'ਤੇ ਭਾਰਤ ਵਾਪਸ ਪਰਤ ਆਇਆ। ਲਗਭਗ 2238 ਸ਼ਰਧਾਲੂਆਂ 'ਤੇ ਮੁਸ਼ਤਮਿਲ ਇਸ ਜੱਥੇ ਨੇ ਯਾਤਰਾ ਦੌਰਾਨ ਸ੍ਰੀ ਨਨਕਾਣਾ ਸਾਹਿਬ, ਸ੍ਰੀ ਪੰਜਾ ਸਾਹਿਬ, ਸ੍ਰੀ ਡੇਰਾ ਸਾਹਿਬ ਅਤੇ ਸ੍ਰੀ ਕਰਤਾਰਪੁਰ ਸਾਹਿਬ ਵਰਗੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਕੇ ਗਹਿਰੀ ਆਤਮਿਕ ਸ਼ਾਂਤੀ ਦਾ ਅਨੁਭਵ ਕੀਤਾ। ਵਾਪਸੀ ਉਪਰੰਤ ਸ਼ਰਧਾਲੂਆਂ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਪੂਰੀ ਯਾਤਰਾ ਬਿਨਾਂ ਕਿਸੇ ਰੁਕਾਵਟ ਦੇ ਬਹੁਤ ਹੀ ਸੁਚੱਜੇ ਢੰਗ ਨਾਲ ਸੰਪੰਨ ਹੋਈ। ਉਨ੍ਹਾਂ ਨੇ ਪਾਕਿਸਤਾਨ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕੀਤੇ ਗਏ ਰਹਿਣ-ਸਹਿਣ, ਸੁਰੱਖਿਆ, ਲੰਗਰ ਅਤੇ ਆਵਾਜਾਈ ਦੇ ਪ੍ਰਬੰਧਾਂ ਦੀ ਖਾਸ ਤੌਰ 'ਤੇ ਸ਼ਲਾਘਾ ਕੀਤੀ। ਇਸ ਦੇ ਨਾਲ ਹੀ • ਬਾਕੀ ਸਫ਼ਾ 2 'ਤੇ



## ਨਿਊਜ਼ੀਲੈਂਡ ਦੇ ਪੀ.ਐਮ ਕ੍ਰਿਸਟੋਫਰ ਨੇ ਜਥੇਦਾਰ ਗੜਗੱਜ ਨਾਲ ਕੀਤੀ ਮੁਲਾਕਾਤ

ਜ਼ਿਕਰ ਪੰਜਾਬ
ਆਕਲੈਂਡ/ਬਿਊਰੋ

ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਨੇ ਆਕਲੈਂਡ ਦੇ ਓਟਾਹੂਹੂ ਵਿਖੇ ਸਥਿਤ ਗੁਰੂ ਨਾਨਕ ਸਿੱਖ ਸੰਗਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਐਤਵਾਰ ਨੂੰ ਅਕਾਲ ਤਖ਼ਤ ਸਕੱਤਰੇਤ ਵੱਲੋਂ ਜਾਰੀ ਇੱਕ ਬਿਆਨ ਵਿੱਚ ਦੱਸਿਆ ਗਿਆ ਕਿ ਦੋਵਾਂ ਆਗੂਆਂ ਨੇ ਨਿਊਜ਼ੀਲੈਂਡ ਵਿੱਚ ਰਹਿ ਰਹੇ ਸਿੱਖ ਭਾਈਚਾਰੇ ਅਤੇ ਹੋਰਨਾਂ ਭਾਈਚਾਰਿਆਂ ਵਿਚਕਾਰ ਆਪਸੀ ਸਮਝ ਤੇ ਇਤਫ਼ਾਕ ਸਬੰਧੀ ਵਿਚਾਰਾਂ ਹੋਈਆਂ। ਉਨ੍ਹਾਂ ਨੇ ਨਿਊਜ਼ੀਲੈਂਡ ਦੇ ਵਿਕਾਸ ਅਤੇ ਭਾਈਚਾਰਕ ਸਾਂਝ ਨੂੰ ਵਧਾਉਣ ਲਈ ਸਿੱਖਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ। ਜਥੇਦਾਰ ਗੜਗੱਜ ਨੇ ਨਿਊਜ਼ੀਲੈਂਡ ਵਿੱਚ ਸਿੱਖਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਉਨ੍ਹਾਂ ਨੂੰ ਮਾਣ-ਸਨਮਾਨ ਦੇਣ ਲਈ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਦਾ ਧੰਨਵਾਦ ਕੀਤਾ ਉਨ੍ਹਾਂ ਨੇ ਪ੍ਰਧਾਨ ਮੰਤਰੀ ਲਕਸਨ ਨੂੰ ਸੰਸਾਰ ਦੇ ਸਭ ਤੋਂ ਪਵਿੱਤਰ ਸਿੱਖ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਸੱਦਾ ਦਿੱਤਾ, ਜਿਸ ਨੂੰ ਉਨ੍ਹਾਂ ਨੇ ਖੁਸ਼ੀ-ਖੁਸ਼ੀ ਸਵੀਕਾਰ ਕੀਤਾ। ਮੁਲਾਕਾਤ ਦੌਰਾਨ ਜਥੇਦਾਰ ਗੜਗੱਜ ਨੇ ਪ੍ਰਧਾਨ • ਬਾਕੀ ਸਫ਼ਾ 2 'ਤੇ

## ਅੱਗ ਨਾਲ ਹਜ਼ਾਰ ਘਰ ਸੜ ਕੇ ਸੁਆਹ

ਜ਼ਿਕਰ ਪੰਜਾਬ
ਸਬਾਹ (ਮਲੇਸ਼ੀਆ)/ਬਿਊਰੋ

ਮਲੇਸ਼ੀਆ ਦੇ ਸਬਾਹ ਰਾਜ ਵਿੱਚ ਦੇ ਤੱਟਵਰਤੀ ਪਿੰਡ ਵਿੱਚ ਅੱਜ ਅੱਗ ਲੱਗ ਗਈ ਜਿਸ ਕਾਰਨ 1,000 ਘਰ ਸੜ ਕੇ ਸੁਆਹ ਹੋ ਗਏ। ਇਸ ਹਾਦਸੇ ਕਾਰਨ ਹਜ਼ਾਰਾਂ ਲੋਕਾਂ ਨੂੰ ਆਪਣਾ ਘਰ-ਬਾਰ ਛੱਡਣਾ ਪਿਆ ਹੈ ਅਤੇ ਉਹ ਹੁਣ ਬੇਘਰ ਹੋ ਗਏ ਹਨ। ਅੱਗ ਬੁਝਾਊ ਵਿਭਾਗ ਨੇ ਦੱਸਿਆ ਕਿ ਇਹ ਅੱਗ ਬੋਰਨੀਓ ਟਾਪੂ ਦੇ ਸਬਾਹ ਰਾਜ ਵਿੱਚ ਲੱਗੀ ਸੀ। ਸਥਾਨਕ ਫਾਇਰ ਵਿਭਾਗ ਦੇ ਮੁਖੀ ਜਿਮੀ ਲਾਗੁੰਗ ਅਨੁਸਾਰ ਅਧਿਕਾਰੀਆਂ ਨੂੰ ਇਸ ਅੱਗ ਬਾਰੇ ਜਾਣਕਾਰੀ ਮਿਲੀ ਤੇ ਉਹ ਮੌਕੇ 'ਤੇ ਪੁੱਜੇ। ਉਨ੍ਹਾਂ ਦੱਸਿਆ ਕਿ ਤੇਜ਼ ਹਵਾਵਾਂ ਅਤੇ ਘਰਾਂ ਦੇ ਬਹੁਤ ਨੇੜੇ-ਨੇੜੇ ਹੋਣ ਕਰਕੇ ਅੱਗ ਬਹੁਤ ਤੇਜ਼ੀ ਨਾਲ ਫੈਲ ਗਈ। ਇਸ ਤੋਂ ਇਲਾਵਾ ਸਮੁੰਦਰ ਵਿੱਚ • ਬਾਕੀ ਸਫ਼ਾ 2 'ਤੇ

## ਚਾਰਧਾਮ ਯਾਤਰਾ ਸ਼ੁਰੂ; ਗੰਗੋਤਰੀ ਤੋਂ ਬਾਅਦ ਯਮੁਨੋਤਰੀ ਧਾਮ ਦੇ ਕਪਾਟ ਵੀ ਖੁੱਲ੍ਹੇ, ਪਹੁੰਚੇ ਹਜ਼ਾਰਾਂ ਸ਼ਰਧਾਲੂ

ਜ਼ਿਕਰ ਪੰਜਾਬ
ਉੱਤਰਕਾਸ਼ੀ/ਬਿਊਰੋ

ਗੰਗੋਤਰੀ ਧਾਮ ਵਿਖੇ ਮਾਂ ਗੰਗਾ ਦੇ ਦਰਵਾਜ਼ੇ ਖੁੱਲ੍ਹਣ ਤੋਂ ਬਾਅਦ ਯਮੁਨੋਤਰੀ ਧਾਮ ਵਿਖੇ ਯਮੁਨੋਤਰੀ ਜੀ ਦੇ ਦਰਵਾਜ਼ੇ ਅੱਜ 19 ਅਪ੍ਰੈਲ ਨੂੰ ਦੁਪਹਿਰ 12:35 ਵਜੇ ਛੇ ਮਹੀਨਿਆਂ ਲਈ ਖੋਲ੍ਹ ਦਿੱਤੇ ਗਏ। ਹੁਣ ਸ਼ਰਧਾਲੂ ਛੇ ਮਹੀਨਿਆਂ ਲਈ ਯਮੁਨੋਤਰੀ ਧਾਮ ਵਿਖੇ ਯਮੁਨੋਤਰੀ ਜੀ ਦੇ ਦਰਸ਼ਨ ਕਰ ਸਕਣਗੇ। ਇਸ ਤੋਂ ਪਹਿਲਾਂ ਐਤਵਾਰ ਸਵੇਰੇ ਮਾਂ ਯਮੁਨਾ ਜੀ ਦੀ ਮੂਰਤੀ ਢੋਲ ਦਮੌਂ ਦੀ ਧੁਨ ਨਾਲ ਖਰਸਲੀ ਤੋਂ ਯਮੁਨੋਤਰੀ ਧਾਮ ਲਈ ਰਵਾਨਾ ਹੋਈ। ਉਨ੍ਹਾਂ ਦੇ ਭਰਾ ਸ਼ਨੀ ਮਹਾਰਾਜ ਹਰ ਸਾਲ ਦੀ ਤਰ੍ਹਾਂ ਆਪਣੀ ਭੈਣ ਨੂੰ ਵਿਦਾਇਗੀ ਦੇਣ ਲਈ ਯਮੁਨੋਤਰੀ ਧਾਮ ਪਹੁੰਚੇ। ਐਤਵਾਰ 19 ਅਪ੍ਰੈਲ ਨੂੰ ਡੋਲੀ ਵਿਦਾਇਗੀ ਦੌਰਾਨ ਖਰਸ਼ਾਲੀ ਅਤੇ ਆਸ ਪਾਸ ਦੇ ਪਿੰਡਾਂ ਵਿੱਚ ਇੱਕ ਭਾਵੁਕ ਮਾਹੌਲ ਬਣਿਆ ਰਿਹਾ। ਪਿੰਡ ਵਾਸੀਆਂ ਨੇ ਆਪਣੀ ਪਿਆਰੀ ਦੇਵੀ ਯਮੁਨਾ ਨੂੰ ਹੰਝੂਆਂ ਭਰੀਆਂ ਅੱਖਾਂ ਨਾਲ ਵਿਦਾਇਗੀ ਦਿੱਤੀ। ਡੋਲੀ ਯਾਤਰਾ ਪੂਰੇ ਖੇਤਰ ਵਿੱਚ ਢੋਲ, ਜੈਕਾਰਿਆਂ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਚੱਲੀ, ਜਿਸ ਨਾਲ ਸ਼ਰਧਾਲੂ ਸ਼ਰਧਾ ਨਾਲ ਭਰ ਗਏ। ਸਰਦੀਆਂ ਦੇ ਮੌਸਮ ਦੌਰਾਨ ਮਾਂ ਯਮੁਨਾ ਦੀ ਭੋਗ • ਬਾਕੀ ਸਫ਼ਾ 2 'ਤੇ



## ਜਵੱਦੀ ਟਕਸਾਲ ਵਿਖੇ ਭਗਤ ਧੰਨਾ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਾਮ ਸਿਮਰਨ ਸਮਾਗਮ



ਜ਼ਿਕਰ ਪੰਜਾਬ
ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ

ਗੁਰਬਾਣੀ, ਸਿੱਖ ਸਿਧਾਂਤ ਦੇ ਪ੍ਰਚਾਰ ਪ੍ਰਸਾਰ ਅਤੇ ਪੁਰਾਤਨ ਗੁਰਮਤਿ ਸੰਗੀਤ ਦੇ ਮੁੜ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਸਾਹਿਬ ਵਿਖੇ ਸ਼?ਰੋਮਣੀ ਭਗਤ ਧੰਨਾ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹਫਤਾਵਾਰੀ ਸਮਾਗਮ ਕਰਵਾਇਆ ਗਿਆ। ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਜੁੜੀਆਂ ਸੰਗਤਾਂ ਸਨਮੁੱਖ ਸ਼?ਰੋਮਣੀ ਭਗਤ ਧੰਨਾ ਜੀ ਨਾਲ ਸੰਬੰਧਿਤ ਇਤਿਹਾਸਕ ਸਰੋਤਾਂ ਦੇ ਹਵਾਲਿਆਂ ਰਹੀਂ ਉਨ੍ਹਾਂ ਦੇ ਜੀਵਨ ਅਤੇ ਬਾਣੀ ਸਬੰਧੀ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਮਝਾਇਆ ਕਿ ਭਗਤ ਧੰਨਾ ਜੀ ਸਮੁੱਚੀ ਲੋਕਾਈ ਲਈ ਪ੍ਰੇਮ ਅਤੇ ਸਾਂਝੀਵਾਲਤਾ ਦਾ ਸੁਨੇਹਾ ਲੈ ਕੇ ਆਏ ਸਨ। ਆਪ ਜੀ ਦੀ ਬਾਣੀ ਦੇ ਸ਼ਬਦ ਆਨੰਦਮਈ ਸੁਹਜਤਾ ਦਾ ਅਲੌਕਿਕ ਅਤੇ ਰੂਹਾਨੀ ਪ੍ਰਕਾਸ਼ ਦਾ ਆਨੰਦ ਭਰਪੂਰ ਅਲੌਕਿਕ ਨਜ਼ਾਰਾ ਪੇਸ਼ ਕਰਦੇ ਹਨ। ਬਾਬਾ ਜੀ ਨੇ ਜੋਰ ਦਿੰਦਿਆਂ ਸਮਝਾਇਆ ਕਿ ਸੰਤਾਂ-ਭਗਤਾਂ ਅਤੇ ਬ੍ਰਹਮ ਗਿਆਨੀਆਂ ਦੀ ਮਲਕੀਅਤ ਪ੍ਰੇਮ ਭਗਤੀ, ਸਤ-ਸੰਤੋਖ, ਗਿਆਨ ਅਤੇ ਸਹਜਤਾ ਹੁੰਦੀ ਹੈ। ਅਕਾਲ ਪੁਰਖ ਦੇ ਪਰਮ ਭਗਤ ਧੰਨਾ ਜੀ ਇਹਨਾਂ ਸਾਰੇ ਗੁਣਾਂ ਨਾਲ ਮਾਲਾ-ਮਾਲ ਸਨ। ਉਨ੍ਹਾਂ • ਬਾਕੀ ਸਫ਼ਾ 2 'ਤੇ

## ਉਪਕਾਰ ਸਿੰਘ ਆਹੂਜਾ ਬਿਨਾਂ ਵਿਰੋਧ ਸੀ.ਆਈ.ਸੀ.ਯੂ. ਦੇ ਮੁੜ ਪ੍ਰਧਾਨ ਚੁਣੇ ਗਏ

ਜ਼ਿਕਰ ਪੰਜਾਬ
ਲੁਧਿਆਣਾ/ਵਾਸੂ ਜੇਤਲੀ




ਸਨਅਤੀ ਸ਼ਹਿਰ ਲੁਧਿਆਣਾ ਦੇ ਪ੍ਰਸਿੱਧ ਉਦਯੋਗਪਤੀ ਸ. ਉਪਕਾਰ ਸਿੰਘ ਆਹੂਜਾ ਨੂੰ ਆਉਣ ਵਾਲੇ ਕਾਰਜਕਾਲ ਲਈ ਬਿਨਾਂ ਵਿਰੋਧ ਦੇ ਚੈਂਬਰ ਆਫ਼ ਇੰਡਸਟਰੀਅਲ ਐਂਡ ਕਮਰਸ਼ੀਅਲ ਅੰਡਰਟੇਕਿੰਗਜ਼ (ਸੀ.ਆਈ.ਸੀ.ਯੂ.) ਦੇ ਪ੍ਰਧਾਨ ਵਜੋਂ ਦੁਬਾਰਾ ਚੁਣਿਆ ਗਿਆ ਹੈ। ਇਹ ਐਲਾਨ ਲੁਧਿਆਣਾ ਦੇ ਸੀ.ਆਈ.ਸੀ.ਯੂ. ਕੰਪਲੈਕਸ ਵਿਖੇ ਹੋਈ ਸਾਲਾਨਾ ਜਨਰਲ ਬਾਡੀ ਮੀਟਿੰਗ ਦੌਰਾਨ ਕੀਤਾ ਗਿਆ। ਆਹੂਜਾ ਦੀ ਨਾਮਜ਼ਦਗੀ ਨੂੰ ਉਦਯੋਗਿਕ ਭਾਈਚਾਰੇ ਤੋਂ ਭਾਰੀ ਸਮਰਥਨ ਮਿਲਿਆ। ਉਨ੍ਹਾਂ ਦੇ ਨਾਮ ਦਾ ਪ੍ਰਸਤਾਵ ਅਤੇ ਸਮਰਥਨ ਸੀਨੀਅਰ ਮੈਂਬਰਾਂ ਦੇ ਇੱਕ ਵਿਸ਼ੇਸ਼ ਸਮੂਹ ਦੁਆਰਾ ਕੀਤਾ ਗਿਆ ਸੀ, ਜਿਨ੍ਹਾਂ ਵਿੱਚ ਪਦਮਸ਼੍ਰੀ ਸ. ਓਂਕਾਰ ਸਿੰਘ ਪਾਹਵਾ, ਸ੍ਰੀ ਰਾਮ ਲੁਭਾਇਆ, ਸ੍ਰੀ ਅਸ਼ਵਨੀ ਕੋਹਲੀ, ਸ੍ਰੀ ਵਿਜੇ ਮੈਨੀ, ਸ. ਜੇ.ਐਸ. ਭੋਗਲ, ਸ. ਜਸਪਾਲ ਸਿੰਘ ਸ਼ਾਹਪੁਰੀ, ਸ. ਸਤਿੰਦਰਜੀਤ ਸਿੰਘ ਬਰਨਾਲਾ, ਸ੍ਰੀ ਸੁਦਰਸ਼ਨ ਗੋਸਾਈਂ, ਸ. ਜੀ.ਐਸ. ਢਿੱਲੋਂ, ਸ. ਚਰਨਜੀਤ ਵਿਸ਼ਵਕਰਮਾ, ਸ. ਦਲਜੀਤ ਸਿੰਘ (ਡਿੱਕੋ), ਸ. ਲਖਵੀਰ ਸਿੰਘ (ਲੱਕੀ)। ਸ. ਸਤਿੰਦਰਜੀਤ ਸਿੰਘ (ਆਟੋਨ), ਡਾ. ਐਸ.ਬੀ. ਸਿੰਘ, ਸੰਦੀਪ ਜੈਨ, ਐਸ.ਪੀ. ਸਿੰਘ, ਸ਼੍ਰੀ ਜਤਿੰਦਰ ਮਿੱਤਲ, ਜੀ.ਐਸ. ਸਚਦੇਵਾ, ਹਰਕੇਸ਼ ਮਿੱਤਲ, ਸ਼੍ਰੀ ਰਵਿੰਦਰ ਸੈਨੀ, ਸ਼੍ਰੀ ਗੌਤਮ ਮਲਹੋਤਰਾ, ਸ. ਗਗਨਦੀਪ ਸਿੰਘ, ਸ. ਦੀਪਜੋਤ ਸਿੰਘ, ਸ਼੍ਰੀ ਅਮਿਤ ਸ਼ਰਮਾ, ਸ਼੍ਰੀ ਰਾਜੇਸ਼ ਚੋਪੜਾ, ਸ. ਗੁਰਮੁਖ ਸਿੰਘ, ਦੀਦਾਰਜੀਤ ਸਿੰਘ ਲੋਟੇ, ਕਨਿਸ਼ ਕੌੜਾ, ਅਜੈ ਭਾਰਤੀ, ਸੰਜੇ ਧੀਮਾਨ, ਸਰਵਜੀਤ ਸਿੰਘ, ਅਤੇ ਸ਼੍ਰੀ ਹਨੀ ਸੇਠੀ ਸਮੇਤ ਹੋਰ ਵੀ ਉੱਘੇ ਉਦਯੋਗਪਤੀ ਸ਼ਾਮਿਲ ਸਨ। ਕੋਈ ਵੀ ਵਿਰੋਧੀ ਨਾਮਜ਼ਦਗੀਆਂ ਦਾਖਲ ਨਾ ਹੋਣ ਕਰਕੇ, ਚੋਣ ਪ੍ਰਕਿਰਿਆ ਬਿਨਾਂ ਕਿਸੇ ਵਿਰੋਧ ਦੇ ਸਮਾਪਤ ਹੋਈ, ਜਿਸ ਨੇ ਸ. ਆਹੂਜਾ ਦੀ ਮਜ਼ਬੂਤ ਅਗਵਾਈ ਅਤੇ ਵਿਆਪਕ ਸਵੀਕ੍ਰਿਤੀ ਦੀ ਪੁਸ਼ਟੀ ਕੀਤੀ। ਇਹ ਕਾਰਵਾਈ ਸ਼੍ਰੀ ਵਿਸ਼ਵ ਬੰਧੂ ਮੋਂਗਾ, ਸਾਬਕਾ ਸੰਯੁਕਤ ਨਿਰਦੇਸ਼ਕ, ਉਦਯੋਗ ਅਤੇ ਵਣਜ ਵਿਭਾਗ, ਪੰਜਾਬ, ਦੀ ਨਿਗਰਾਨੀ ਹੇਠ ਕੀਤੀ ਗਈ, ਜੋ ਕਿ ਪ੍ਰਧਾਨ ਅਧਿਕਾਰੀ ਵਜੋਂ ਸੇਵਾ ਨਿਭਾ ਰਹੇ ਸਨ। ਉਨ੍ਹਾਂ ਨੇ ਸ. ਆਹੂਜਾ ਨੂੰ ਰਸਮੀ ਤੌਰ 'ਤੇ ਪ੍ਰਧਾਨ ਚੁਣੇ ਜਾਣ ਦਾ ਐਲਾਨ ਕੀਤਾ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ, ਉਦਯੋਗਿਕ ਵਿਕਾਸ ਨੂੰ ਅੱਗੇ ਵਧਾਉਣ ਅਤੇ MSME ਈਕੋਸਿਸਟਮ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਦੀ ਨਿਰੰਤਰ • ਬਾਕੀ ਸਫ਼ਾ 2 'ਤੇ

# ਪੰਜਾਬ ਸਰਕਾਰ ਵੱਲੋਂ "ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026" ਨੂੰ ਰਾਜਪਾਲ ਪੰਜਾਬ ਨੇ ਦਿੱਤੀ ਮਨਜ਼ੂਰੀ : ਸੌਂਦ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਐਤਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਸਾਹਿਬ ਦੀ ਕਿਰਪਾ ਸਦਕਾ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਅਤੇ ਸਤਿਕਾਰ ਨੂੰ ਬਰਕਰਾਰ ਰੱਖਣ ਲਈ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਚਨਬੱਧ ਹੈ। ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਵਾਸੀਆਂ ਅਤੇ ਦੁਨੀਆ ਭਰ ਦੇ ਵਿੱਚ ਵੱਸਦੇ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ ਦਿੰਦਿਆਂ ਦੱਸਿਆ 13 ਅਪ੍ਰੈਲ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕੀਤੇ ਗਏ ÷ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026÷ ਨੂੰ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ, ਜੋ ਕਿ ਇੱਕ ਇਤਿਹਾਸਕ ਕਦਮ ਹੈ। ਉਨ੍ਹਾਂ ਦੱਸਿਆ ਕਿ ਇਹ ਬਿੱਲ ਗੁਰਬਾਣੀ ਦੀ ਬੇਅਦਬੀ ਰੋਕਣ ਅਤੇ ਸਤਿਕਾਰ ਨੂੰ ਯਕੀਨੀ ਬਣਾਉਣ ਲਈ ਮੀਲ ਪੱਥਰ ਸਾਬਤ ਹੋਵੇਗਾ। ਮੰਤਰੀ ਸੌਂਦ ਨੇ ਦੱਸਿਆ ਕਿ 13 ਅਪ੍ਰੈਲ ਨੂੰ ਵਿਸਾਖੀ ਵਾਲੇ ਦਿਨ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਸੀ। ਇਸ ਵਿਸ਼ੇਸ਼ ਸੈਸ਼ਨ ਵਿੱਚ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਨੇ ਜੋ ਬੇਅਦਬੀਆਂ ਦੇ ਵਿਰੁੱਧ ÷ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026÷ ਪੇਸ਼ ਕੀਤਾ ਸੀ। ਅੱਜ ਤੋਂ ਤਿੰਨ ਦਿਨ ਪਹਿਲਾਂ ਇਹ ਬਿੱਲ ਰਾਜਪਾਲ ਪੰਜਾਬ ਦੇ ਕੋਲ ਪੰਜਾਬ ਸਰਕਾਰ ਦੁਆਰਾ ਭੇਜ ਦਿੱਤਾ ਗਿਆ ਸੀ। ਅੱਜ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੇ 'ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' 'ਤੇ ਆਪਣੇ ਹਸਤਾਖਰ ਕਰਕੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਲਈ ਮੈਂ ਰਾਜਪਾਲ ਪੰਜਾਬ ਦਾ ਵੀ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਲਿਆ ਗਿਆ ਇਹ ਫੈਸਲਾ ਬਹੁਤ ਵੱਡਾ ਇਤਿਹਾਸਿਕ ਫੈਸਲਾ ਹੈ। ਉਨ੍ਹਾਂ ਅੱਗੇ ਕਿਹਾ ਕਿ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ, ਜਿਹਨਾਂ ਦੇ ਵਿੱਚ ਸਾਰੇ ਪੰਜਾਬੀਆਂ ਦੀ



ਬਹੁਤ ਆਸਥਾ ਹੈ। ਪੰਜਾਬ ਵਿੱਚ ਚਾਹੇ ਕੋਈ ਸਿੱਖ ਹੋਵੇ, ਚਾਹੇ ਸਾਡਾ ਕੋਈ ਹਿੰਦੂ ਵੀਰ ਹੋਵੇ, ਚਾਹੇ ਕੋਈ ਮੁਸਲਮਾਨ ਵੀਰ ਹੋਵੇ, ਇਸਾਈ ਵੀਰ ਹੋਵੇ ਅਤੇ ਚਾਹੇ ਕੋਈ ਵੀ ਹੋਵੇ ਜਿਹੜਾ ਪੰਜਾਬੀ ਮੂਲ ਰੂਪ ਵਿੱਚ ਪੰਜਾਬੀ ਹੈ ਉਨ੍ਹਾਂ ਸਾਰਿਆਂ ਦੀ ਆਸਥਾ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਵਿੱਚ ਹੈ। ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਸਾਂਝੀਵਾਲਤਾ ਦਾ ਉਪਦੇਸ਼ ਦਿੰਦੇ ਹਨ ਅਤੇ ਨਾਨਕ ਨਾਮ ਚੜ੍ਹਦੀ ਕਲਾ ਤੇਰੇ ਭਾਣੇ ਸਰਬੱਤ ਦਾ ਭਲਾ ਦਾ ਉਪਦੇਸ਼ ਦਿੰਦੇ ਹਨ। ਸੋ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਤੀ ਜਿਨ੍ਹਾਂ ਦੀ ਸੱਚੀ ਆਸਥਾ ਹੈ ਅੱਜ ਉਹਨਾਂ ਨੂੰ ਇਸ ਗੱਲ ਦੀਆਂ ਬਹੁਤ-ਬਹੁਤ ਵਧਾਈਆਂ ਦਿੰਦਾ ਹਾਂ ਕਿ ਜਿਹੜਾ ਇਹ ਕਾਨੂੰਨ ਪਾਸ ਹੋ ਚੁੱਕਾ ਹੈ। ਹੁਣ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਦੀ ਹਿੰਮਤ ਨਹੀਂ ਕਰੇਗਾ ਅਤੇ ਜਾਣੇ ਅਣਜਾਣੇ ਦੇ ਵਿੱਚ ਜੇਕਰ ਅਜਿਹਾ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਇਸ ਕਾਨੂੰਨ ਤਹਿਤ ਇਨੀਆਂ ਸਖਤ ਸਜ਼ਾਵਾਂ ਦਿੱਤੀਆਂ ਜਾਣਗੀਆਂ ਕਿ ਉਨ੍ਹਾਂ ਦੀਆਂ ਆਉਣ ਵਾਲੀਆਂ ਨਸਲਾਂ ਤੱਕ ਯਾਦ ਰੱਖਣਗੀਆਂ ਅਤੇ ਜ਼ਿੰਦਗੀ ਵਿੱਚ ਕਦੇ ਵੀ ਅਜਿਹਾ ਕੰਮ ਕਰਨ ਬਾਰੇ ਸੋਚਣਗੇ ਵੀ ਨਹੀਂ। ਸੋ ਮੈਂ ਜਿੱਥੇ ਸਾਰੇ ਪੰਜਾਬੀਆਂ ਨੂੰ ਵਧਾਈ ਦਿੰਦਾ ਹਾਂ ਉੱਥੇ ਮੈਂ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਦਿਲ ਦੀ ਗਹਿਰਾਈ ਤੋਂ ਧੰਨਵਾਦ ਵੀ ਕਰਦਾ ਹਾਂ ਅਤੇ ਉਨ੍ਹਾਂ ਦੀ ਸ਼ਲਾਘਾ ਵੀ ਕਰਦਾ ਕਿ ਤੁਸੀਂ ਬਹੁਤ ਵੱਡਾ ਕਾਰਜ ਕੀਤਾ ਹੈ। ਜਿਹੜਾ ਕਿ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਨੇ ਆਪ ਤਰੁੱਠ ਕੇ ਤੁਹਾਡੇ ਤੋਂ ਸੇਵਾ ਲਈ ਹੈ ਅਤੇ ਇਹ ਬਹੁਤ ਵੱਡੀ ਗੱਲ ਹੈ ਇਹ ਸੇਵਾ ਤੁਹਾਡੇ ਹਿੱਸੇ ਆਈ ਹੈ। ਸੌਂਦ ਨੇ ਕਿਹਾ ਕਿ ਅਸੀਂ ਵੀ ਤੁਹਾਡੀ ਵਜ਼ਾਰਤ ਦਾ ਹਿੱਸਾ ਹੋਣ ਦੇ ਨਾਤੇ ਆਪਣੇ ਆਪ ਨੂੰ ਭਾਗਾਂ ਵਾਲੇ ਮੰਨਦੇ ਹਾਂ। ਇਸ ਦੇ ਨਾਲ-ਨਾਲ ਮੈਂ ਇੱਕ ਗੱਲ ਜਰੂਰ ਕਹਾਂਗਾ ਕਿ ਜਿਹੜੇ ਅੱਜ ਤੱਕ ਆਪਣੇ ਆਪ ਨੂੰ ਪੰਥਕ ਸਰਕਾਰਾਂ ਕਹਾਂਉਂਦੇ ਰਹੇ ਅਤੇ ਜਿਨ੍ਹਾਂ ਨੇ ਸਾਰੀ ਜ਼ਿੰਦਗੀ ਪੰਥ ਦੇ ਨਾਂ 'ਤੇ ਵੋਟਾਂ ਲਈਆ, ਉਹ 13 ਅਪ੍ਰੈਲ ਵਿਸਾਖੀ ਵਾਲੇ ਦਿਨ, ਜਿਸ ਦਿਨ ਇਹ ਬਿੱਲ ਲਿਆਂਦਾ ਗਿਆ ਉਸ ਦਿਨ ਇਹ ਲੋਕ ਵਿਧਾਨ ਸਭਾ ਵਿੱਚ ਨਹੀਂ ਪਹੁੰਚੇ। ਸੋ ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਇਹਨਾਂ ਲੋਕਾਂ ਦਾ ਸੱਚ ਸਾਰੀਆਂ ਦੁਨੀਆਂ ਦੇ ਅੱਗੇ ਖੋਲ੍ਹ ਕੇ ਰੱਖ ਦਿੱਤਾ ਹੈ।

# ਭਗਵੰਤ ਮਾਨ ਸਰਕਾਰ ਦਾ ਬੇਅਦਬੀ ਵਿਰੋਧੀ ਬਿੱਲ ਰਾਜਪਾਲ ਦੀ ਮਨਜ਼ੂਰੀ ਨਾਲ ਕਾਨੂੰਨ ਬਣਿਆ, ਕਮਜ਼ੋਰ ਕਾਨੂੰਨਾਂ ਅਤੇ ਸਿਆਸੀ ਪੁਸ਼ਤਪਨਾਹੀ ਦੇ ਯੁੱਗ ਦਾ ਹੋਇਆ ਅੰਤ: ਹਰਪਾਲ ਸਿੰਘ ਚੀਮਾ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਭਗਵੰਤ ਮਾਨ ਸਰਕਾਰ ਨੇ ਅਧਿਕਾਰਤ ਤੌਰ 'ਤੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ' ਲਾਗੂ ਕਰ ਦਿੱਤਾ ਹੈ। ਪੰਜਾਬ ਦੇ ਰਾਜਪਾਲ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਦੋਸ਼ੀਆਂ ਲਈ ਉਮਰ ਕੈਦ ਦੀ ਵਿਵਸਥਾ ਵਾਲੇ ਇਸ ਕਾਨੂੰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਕਦਮ ਨੂੰ ਭਾਈਚਾਰਕ ਸਾਂਝ ਨੂੰ ਬਣਾਈ ਰੱਖਣ ਅਤੇ ਧਾਰਮਿਕ ਗ੍ਰੰਥਾਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ ਇੱਕ ਫੈਸਲਾਕੁੰਨ ਕਦਮ ਦੱਸਿਆ। ਉਨ੍ਹਾਂ ਅੱਗੇ ਕਿਹਾ, 'ਇਤਿਹਾਸ ਇੱਕ ਪਰੇਸ਼ਾਨ ਕਰਨ ਵਾਲੇ ਪੈਟਰਨ ਨੂੰ ਦਰਸਾਉਂਦਾ ਹੈ ਜਿੱਥੇ ਅਕਾਲੀ-ਭਾਜਪਾ ਸਰਕਾਰ ਦੇ ਕਾਰਜਕਾਲ ਦੌਰਾਨ ਬੇਅਦਬੀ ਦੀਆਂ ਘਟਨਾਵਾਂ



ਵਾਪਰੀਆਂ, ਖਾਸ ਤੌਰ 'ਤੇ 1986 ਦੀ ਨਕੋਦਰ ਘਟਨਾ ਅਤੇ 2015 ਦੇ ਬਰਗਾੜੀ ਅਤੇ ਬਹਿਬਲ ਕਲਾਂ ਮਾਮਲਿਆਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ।' ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਇਨਸਾਫ਼ ਯਕੀਨੀ ਬਣਾਉਣ ਵਿੱਚ ਨਾਕਾਮ ਰਹੀਆਂ ਹਨ। ਉਨ੍ਹਾਂ ਕਿਹਾ, 'ਪਿਛਲੀਆਂ ਸਰਕਾਰਾਂ ਅਧੀਨ ਵੱਖ-ਵੱਖ ਕਮਿਸ਼ਨਾਂ ਅਤੇ ਵਿਸ਼ੇਸ਼ ਜਾਂਚ ਟੀਮਾਂ ਦੇ ਗਠਨ ਦੇ ਬਾਵਜੂਦ, ਕਾਰਵਾਈ ਰਿਪੋਰਟਾਂ ਵਰਗੇ ਅਹਿਮ ਸਬੂਤ ਗਾਇਬ ਹੋ ਗਏ ਅਤੇ ਜਾਂਚ ਫਾਈਲਾਂ ਧੂੜ ਫੱਕਦੀਆਂ ਰਹੀਆਂ, ਜਿਸ ਨਾਲ ਦੋਸ਼ੀਆਂ ਅਤੇ ਸਾਜ਼ਿਸ਼ਕਰਤਾ ਕਾਨੂੰਨ ਤੋਂ ਬਚਦੇ ਰਹੇ।' 2022 ਤੋਂ ਆਏ ਬਦਲਾਅ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, 'ਭਗਵੰਤ ਮਾਨ ਸਰਕਾਰ ਨੇ ਦਹਾਕਿਆਂ ਤੋਂ ਰੁਕੀਆਂ ਪਈਆਂ ਜਾਂਚਾਂ ਨੂੰ ਤੇਜ਼ ਕਰਨ ਲਈ ਅਣਥੱਕ ਯਤਨ ਕੀਤੇ। ਪਹਿਲੀ ਵਾਰ, ਉੱਚ-ਪੱਧਰ ਦੀਆਂ ਸ਼ਖਸੀਅਤਾਂ, ਜਿਨ੍ਹਾਂ ਨੂੰ ਪਹਿਲਾਂ ਸਿਆਸੀ ਸੁਰੱਖਿਆ ਪ੍ਰਾਪਤ ਸੀ, ਨੂੰ ਅਦਾਲਤਾਂ ਤੋਂ ਅਗਾਊਂ ਜ਼ਮਾਨਤ ਲੈਣ ਲਈ ਮਜਬੂਰ ਹੋਣਾ ਪਿਆ ਹੈ।'

# ਬਿਜਲੀ ਕਾਮਿਆਂ ਦੀਆਂ ਇੱਕ ਵਿਚਾਰਧਾਰਾ ਵਾਲੀਆਂ ਦੋ ਜਥੇਬੰਦੀਆਂ ਦੀ ਆਪਸੀ ਏਕਤਾ ਸੂਬਾ ਕਾਨਫਰੰਸ ਸੰਪੰਨ

## ਮਨਜੀਤ ਸਿੰਘ ਬਾਸਰਕੇ ਪ੍ਰਧਾਨ, ਹਰਵਿੰਦਰ ਸਿੰਘ ਖੰਨਾ ਜਨਰਲ ਸਕੱਤਰ, ਦਵਿੰਦਰ ਸਿੰਘ ਰੋਪੜ ਖਜ਼ਾਨਚੀ ਅਤੇ ਗੁਰਪ੍ਰੀਤ ਸਿੰਘ ਮਹਿਦੂਦਾਂ ਸਕੱਤਰ ਚੁਣੇ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪਾਵਰਕਾਮ ਅਦਾਰੇ ਵਿੱਚ ਕੰਮ ਕਰ ਰਹੀਆਂ ਇੱਕ ਵਿਚਾਰਧਾਰਾ ਵਾਲੀਆਂ ਸੰਘਰਸ਼ੀਲ ਜਥੇਬੰਦੀਆਂ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ. 41 ਅਤੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਰਜਿ. 14/1965 ਨੇ ਅੱਜ ਦੇਸ਼ ਭਗਤ ਯਾਦਗਾਰ ਹਾਲ ਵਿੱਚ ਆਪਸੀ ਏਕਤਾ ਨੂੰ ਸਮਰਪਤ ਸੂਬਾ ਕਾਨਫਰੰਸ ਕੀਤੀ। ਇਸ ਕਾਨਫਰੰਸ ਦੀ ਪ੍ਰਧਾਨਗੀ ਦੋਵਾਂ ਜਥੇਬੰਦੀਆਂ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਜਰਨੈਲ ਸਿੰਘ ਔਲਖ ਨੇ ਸਾਂਝੇ ਤੌਰ 'ਤੇ ਕੀਤੀ। ਇਸ ਸੂਬਾ ਕਾਨਫਰੰਸ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਣ ਲਈ ਨਿਗਰਾਨ ਦੇ ਤੌਰ 'ਤੇ ਕੁੱਲ ਹਿੰਦ ਬਿਜਲੀ ਫੈਡਰੇਸ਼ਨ (ਐਫ ਈ) ਦੇ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ, ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਕਾਨਫਰੰਸ ਵਿੱਚ ਸੂਬੇ ਭਰ ਤੋਂ ਚੁਣ ਕੇ ਆਏ 222 ਡੈਲੀਗੇਟਾਂ ਨੇ ਹਿੱਸਾ ਲਿਆ। ਕਾਨਫਰੰਸ ਦੇ ਉਦਘਾਟਨੀ ਭਾਸ਼ਣ 'ਚ (ਐਫ ਏ) ਦੇ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ ਨੇ ਬਿਜਲੀ ਸੋਧ ਬਿੱਲ 2025 ਅਤੇ ਚਾਰ ਲੇਬਰ ਕੋਡ ਲਾਗੂ ਕਰਨ ਖਿਲਾਫ਼ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਵੱਡੇ ਪੱਧਰ 'ਤੇ ਬਿਜਲੀ ਕਾਮਿਆਂ ਵੱਲੋਂ ਮੁਕੰਮਲ ਹੜਤਾਲ ਕਰਕੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ਼ ਆਵਾਜ਼ ਬੁਲੰਦ ਕਰਨ ਲਈ ਹੜਤਾਲੀ ਵਰਕਰਾਂ ਅਤੇ ਸੁਚੱਜੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਜ਼ਦੂਰ ਵਿਰੋਧੀ ਨੀਤੀਆਂ ਦਾ ਟਾਕਰਾ ਕਰਨ ਲਈ ਇਸ ਨਾਜ਼ਕ ਦੌਰ ਵਿੱਚ ਹਲਾਤਾਂ ਦੇ ਟਾਕਰੇ ਲਈ ਦੋਵਾਂ ਜਥੇਬੰਦੀਆਂ ਦੀ ਲੀਡਰਸ਼ਿਪ ਵੱਲੋਂ ਕੀਤੀ ਆਪਸੀ ਏਕਤਾ ਦਾ ਸਵਾਗਤ ਕਰਦਿਆਂ ਲੀਡਰਸ਼ਿਪ ਅਤੇ ਡੈਲੀਗਟਾਂ ਨੂੰ ਵਧਾਈ ਦਿੱਤੀ। ਕਾਨਫਰੰਸ ਵਿੱਚ ਦੋਵਾਂ ਜਥੇਬੰਦੀਆਂ ਦੇ ਜਨਰਲ ਸਕੱਤਰਾਂ ਕ੍ਰਮਵਾਰ ਸਰਿੰਦਰਪਾਲ ਲਹੌਰੀਆਂ ਅਤੇ ਬਲਜੀਤ ਸਿੰਘ ਮੋਦਲਾ ਨੇ ਅਦਾਰੇ ਦੀ ਹੋਂਦ ਬਚਾਉਣ



ਅਤੇ ਮੰਗਾਂ ਦੀ ਪ੍ਰਾਪਤੀ ਲਈ ਪਿਛਲੇ ਤਿੰਨ ਸਾਲਾਂ ਵਿੱਚ ਲੜੇ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕਰਦਿਆਂ ਵਰਕਰਾਂ ਵੱਲੋਂ ਪਾਏ ਭਰਵੇਂ ਯੋਗਦਾਨ ਦੀ ਭਰਪੂਰ ਪ੍ਰਸੰਸਾ ਕੀਤੀ। ਦੋ ਜਥੇਬੰਦੀਆਂ ਦੀ ਆਪਸੀ ਏਕਤਾ ਦੇ ਅਮਲ ਨੂੰ ਨੇਪਰੇ ਚਾੜ੍ਹਨ ਲਈ ਪਾਏ ਗਏ ਵੱਡਮੁੱਲੇ ਯੋਗਦਾਨ ਲਈ ਪੰਜਾਬ ਏਟਕ ਦੀ ਸਿਖਰਲੀ ਅਤੇ ਜਥੇਬੰਦੀਆਂ ਦੀ ਸੁਹਿਰਦ ਲੀਡਰਸ਼ਿਪ ਵੱਲੋਂ ਸੰਜੀਦਗੀ ਨਾਲ ਕੀਤੇ ਯਤਨਾਂ ਦੀ ਪ੍ਰਸੰਸਾ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ 1936 ਦੇ ਆਗੂ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਨੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਨਵੀਂ ਚੁਣੀ ਜਾਣ ਵਾਲੀ ਆਗੂ ਟੀਮ ਨੂੰ ਸਖ਼ਤ ਮਿਹਨਤ ਨਾਲ ਕੰਮ ਕਰਨ ਦੀ ਅਪੀਲ ਕੀਤੀ। ਕਾਨਫਰੰਸ ਵਿੱਚ ਭਰਾਤਰੀ ਸੰਦੇਸ਼ ਦੇਣ ਲਈ ਪਹੁੰਚੇ ਪਾਵਰਕਾਮ/ਟ?ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਸਬੰਧਤ ਏਟਕ) ਦੇ ਸੂਬਾ ਵਰਕਿੰਗ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ ਨੇ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੇ ਹਿੱਤਾਂ ਦੀ ਪਹਿਰੇਦਾਰੀ ਕਰਨ ਲਈ ਏਟਕ ਨਾਲ ਸਬੰਧਤ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨੂੰ ਆਪਸੀ ਏਕਤਾ ਹੋਰ ਮਜ਼ਬੂਤ ਕਰਕੇ ਸੰਘਰਸ਼ਾਂ ਦੇ ਪਿੜ ਮੱਲਣ ਦਾ ਹਾਜ਼ਰੀਨ ਨੂੰ ਸੱਦਾ ਦਿੱਤਾ। ਇਸ ਮੌਕੇ ਪੀ ਐਸ ਈ ਬੀ ਇੰਪਲਾਈਜ਼ ਫੈਡਰਸ਼ਨ 14/1965 ਦੇ ਸੂਬਾ ਚੀਫ਼ ਪੈਟਰਨ ਕਰਮਚੰਦ ਭਾਰਦਵਾਜ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ 'ਤੇ ਧਾਰਨ ਕੀਤੀ ਘਟੀਆ ਨੀਤੀ ਦੀ ਜ਼ੋਰਦਾਰ ਸ਼ਬਦਾਂ 'ਚ ਨਿੰਦਾ ਕਰਦਿਆਂ ਮੁਲਾਜ਼ਮਾਂ ਅਤੇ ਪੈਨਸ਼ਰਾਂ ਦਾ ਰੋਕਿਆ ਹੋਇਆ 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ। ਕਾਨਫਰੰਸ ਦੇ ਅੰਤ 'ਚ ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਹਾਕਮ ਜਮਾਤਾਂ ਵੱਲੋਂ ਮਜ਼ਦੂਰ ਜਮਾਤ 'ਤੇ ਕੀਤੇ ਜਾ ਰਹੇ ਚੌਤਰਫੀ ਹਮਲਿਆਂ ਦੇ ਟਾਕਰੇ ਲਈ ਲੀਡਰਸ਼ਿਪ ਨੂੰ ਜਮਾਤੀ ਸੰਘਰਸ਼ ਮਜ਼ਬੂਤ ਕਰਕੇ ਅੱਗੇ ਵਧਣ ਲਈ ਕੀਤੀ ਆਪਸੀ ਏਕਤਾ ਦੀ ਭਰਪੂਰ ਪ੍ਰਸੰਸਾ ਕੀਤੀ। ਇਸ ਮੌਕੇ ਨਵੀਂ 18 ਮੈਂਬਰੀ ਸੂਬਾ ਕਮੇਟੀ ਦਾ ਪੈਨਲ ਪੇਸ਼ ਕੀਤਾ। ਜਿਸ ਵਿੱਚ ਪ੍ਰਧਾਨ ਮਨਜੀਤ ਸਿੰਘ ਬਾਸਰਕੇ, ਸੀਨੀ. ਮੀਤ ਪ੍ਰਧਾਨ ਰਾਕੇਸ਼ ਸੈਣੀ, ਮੀਤ ਪ੍ਰਧਾਨ ਅਰੁਣ ਕੁਮਾਰ, ਮੋਹਨ ਸਿੰਘ ਗਿੱਲ, ਕੁਲਵਿੰਦਰ ਸਿੰਘ ਬਾਗੜੀਆਂ, ਜਨਰਲ ਸਕੱਤਰ ਹਰਵਿੰਦਰ ਸਿੰਘ ਖੰਨਾ, ਸਕੱਤਰ ਗੁਰਪ੍ਰੀਤ ਸਿੰਘ ਮਹਿਦੂਦਾਂ, ਸਾਹਿਬ ਸਿੰਘ ਧਾਲੀਵਾਲ, ਲਖਬੀਰ ਸਿੰਘ ਸੰਗਰੂਰ, ਕੈਸ਼ੀਅਰ ਦਵਿੰਦਰ ਸਿੰਘ ਰੋਪੜ, ਸਹਾਇਕ ਕੈਸ਼ੀਅਰ ਨਰਿੰਦਰ ਸਿੰਘ, ਜਥੇਬੰਦਕ ਸਕੱਤਰ ਜਸਵਿੰਦਰ ਸਿੰਘ ਬਰਗਾੜੀ, ਅਰੁਣ ਕੁਮਾਰ, ਪ੍ਰੈਸ ਸਕੱਤਰ ਰਾਮ ਸਿੰਘ ਸੈਣੀ, ਆਡੀਟਰ ਠਾਕਰਪਰੀਤ ਨੂੰ 188 ਡੈਲੀਗੇਟਾਂ ਨੇ ਭਾਰੀ ਬਹੁਮਤ ਨਾਲ ਨਾਅਰਿਆਂ ਦੀ ਗੂੰਜ ਵਿਚ ਚੁਣਿਆ ਅਤੇ 34 ਡੈਲੀਗੇਟਾਂ ਨੇ ਪੈਨਲ 'ਤੇ ਅਸਹਿਮਤੀ ਜ਼ਾਹਰ ਕੀਤੀ। ਇਸ ਤੋਂ ਇਲਾਵਾ ਤਿੰਨ ਅਹੁਦਿਆਂ ਨੂੰ ਖਾਲੀ ਛੱਡਿਆ ਗਿਆ। ਕਾਨਫਰੰਸ 'ਚ ਬਿਜਲੀ ਸੋਧ ਬਿੱਲ 2025 ਵਾਪਸ ਲੈਣ, ਚਾਰ ਲੇਬਰ ਕੋਡ ਰੱਦ ਕਰਨ ਤੋਂ ਇਲਾਵਾ ਮੰਨੀਆਂ ਮੰਗਾਂ ਲਾਗੂ ਕਰਨ ਲਈ ਲੋੜੀਂਦੇ ਮਤੇ ਪਾਸ ਕੀਤੇ।

ਕਾਨਫਰੰਸ ਨੂੰ ਸਫ਼ਲਤਾਪੂਰਵਕ ਨੇਪਰੇ ਚਾੜਨ ਲਈ ਨਿਗਰਾਨ ਦੇ ਤੌਰ 'ਤੇ ਪਹੁੰਚੀ ਲੀਡਰਸ਼ਿਪ ਦਾ ਹਾਰ ਪਾ ਕੇ ਯਾਦਗਾਰੀ ਤੋਹਫਿਆਂ ਨਾਲ ਸਨਮਾਨ ਕੀਤਾ ਅਤੇ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਜਰਨੈਲ ਸਿੰਘ ਔਲਖ ਨੇ ਡੈਲੀਗੇਟਾਂ ਦੇ ਭਰਵੇਂ ਸਹਿਯੋਗ ਲਈ ਧੰਨਵਾਦ ਕੀਤਾ। ਨਵੀਂ ਚੁਣੀ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਅਤੇ ਜਨਰਲ ਸਕੱਤਰ ਹਰਵਿੰਦਰ ਸਿੰਘ ਖੰਨਾ ਨੇ ਮੁਲਾਜ਼ਮ ਹਿੱਤਾਂ ਦੀ ਪਹਿਰੇਦਾਰੀ ਕਰਨ ਲਈ ਵੱਡੀ ਲਾਮਬੰਦੀ ਕਰਕੇ ਮਜ਼ਬੂਤ ਇਰਾਦੇ ਨਾਲ ਸੰਘਰਸ਼ਾਂ ਦੀ ਅਗਵਾਈ ਕਰਨ ਦਾ ਹਾਜ਼ਰੀਨ ਨੂੰ ਵਿਸ਼ਵਾਸ਼ ਦਿਵਾਇਆ।

# ਐਸ.ਡੀ.ਐਮ ਸਵਾਤੀ ਟਿਵਾਣਾ ਨੇ ਖੰਨਾ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ



ਜ਼ਿਕਰ ਪੰਜਾਬ

**ਖੰਨਾ/ਗੀਤਾ ਸਕਸੈਨਾ**

ਉਪ ਮੰਡਲ ਮਜਿਸਟਰੇਟ ਖੰਨਾ ਸਵਾਤੀ ਟਿਵਾਣਾ ਨੇ ਸ਼ੁੱਕਰਵਾਰ ਨੂੰ ਦਫਤਰ ਮਾਰਕੀਟ ਕਮੇਟੀ ਖੰਨਾ ਦੇ ਮੀਟਿੰਗ ਹਾਲ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸੀਨੀਅਰ ਮੈਡੀਕਲ ਅਫਸਰ (ਐਸ.ਐਮ.ਓ) ਮਾਨੂੰਪੁਰ ਅਤੇ ਖੰਨਾ, ਆਸ਼ਾ ਵਰਕਰਾਂ ਅਤੇ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ) ਨਾਲ ਰਿਵਿਊ ਮੀਟਿੰਗ ਕੀਤੀ। ਇਸ ਮੌਕੇ ਉਹਨਾਂ ਦੇ ਨਾਲ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ ਵੀ ਮੌਜੂਦ ਸਨ। ਐਸ.ਡੀ.ਐਮ ਸਵਾਤੀ ਟਿਵਾਣਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਦਾ ਸਿਹਤ ਬੀਮਾ ਕਾਰਡ ਬਣਾ ਕੇ ਦਿੱਤੇ ਜਾ ਰਹੇ ਹਨ। ਜਿਸ ਅਧੀਨ ਹਰ ਯੋਗ ਲਾਭ ਪਰਿਵਾਰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿਖੇ ਜਾ ਕੇ 10 ਲੱਖ ਤੱਕ ਸਲਾਨਾ ਇਲਾਜ ਦੀ ਸੁਵਿਧਾ ਹੈ।

ਉਹਨਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਨੇੜਲੇ ਕਾਮਨ ਸਰਵਿਸ ਸੈਂਟਰ ਤੇ ਜਾ ਕੇ ਸਿਹਤ ਬੀਮਾ ਕਾਰਡ ਬਿਲਕੁਲ ਮੁਫਤ ਬਣਾਏ ਜਾ ਸਕਦੇ ਹਨ। ਇਸ ਤੋਂ ਇਲਾਵਾ ਪ੍ਰਸ਼ਾਸਨ ਵੱਲੋਂ ਦਿੱਤੇ ਸ਼ਡਿਊਲ ਅਨੁਸਾਰ ਪਿੰਡਾਂ ਵਿੱਚ ਕੈਂਪ ਲਗਾ ਕੇ ਵੀ ਇਹ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਇਸ ਸਕੀਮ ਤਹਿਤ ਹਰ ਪਰਿਵਾਰ ਲਈ ਸਲਾਨਾ 10 ਲੱਖ ਰੁਪਏ ਦੇ ਮੁਫਤ ਇਲਾਜ ਦੀ ਸੁਵਿਧਾ ਦਿੱਤੀ ਜਾ ਰਹੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨੇੜੇ ਦੇ ਸੀ.ਐਸ.ਸੀ ਸੈਂਟਰ 'ਤੇ ਜਾਂ ਲੱਗ ਰਹੇ ਕੈਂਪਾਂ ਵਿੱਚ ਜਾ ਕੇ ਆਪਣੇ 10 ਲੱਖ ਦੇ ਸਿਹਤ ਬੀਮਾ ਕਾਰਡ ਬਣਾਉਣ ਦੀ ਰਜਿਸਟਰੇਸ਼ਨ ਜਰੂਰ ਕਰਵਾਈ ਜਾਵੇ।

●----- ਸ.ਫ਼ਾ 1 ਦਾ ਬਾਕੀ -----●

## ਬੇਅਦਬੀ ਘਟਨਾਵਾਂ ਸਬੰਧੀ ਬਿੱਲ ਨੂੰ ਗਵਰਨਰ...

ਇਸ ਮੰਦਭਾਗੇ ਵਰਤਾਰੇ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾਵੇ। ਇਸ ਲਈ ਸਿੱਖ ਸਮਾਜ ਨੂੰ ਜਾਗਰੂਕਤਾ ਅਤੇ ਅਹਿਤਿਆਤ ਦੇ ਧਾਰਨੀ ਬਣ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਨੂੰ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੋਣਾ ਪਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਕੋਈ ਵੀ ਕਾਨੂੰਨ ਸਰਕਾਰ ਦੀ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਹੀ ਅਮਲ ਵਿਚ ਲਿਆ ਕੇ ਸਿੱਟਾਮੁੱਖੀ ਬਣ ਸਕਦਾ ਹੈ, ਕਿਉਂਕਿ ਕਾਨੂੰਨ ਪਹਿਲਾਂ ਵੀ ਮੌਜੂਦ ਹਨ, ਪਰ ਫਿਰ ਵੀ ਬੇਅਦਬੀਆਂ ਦੇ ਦੋਸ਼ੀ ਬਚ ਨਿਕਲਦੇ ਰਹੇ ਹਨ।

## ਪੰਜਾਬ ਪੁਲਿਸ ਨਵੇਂ ਤਰੀਕੇ ਨਾਲ ਕਰੇਗੀ ਜਾਂਚ

ਇਸ ਦੇ ਨਾਲ ਹੀ ਹੁਣ ਪੁਲੀਸ ਲਈ ਇੰਟਰਨੈੱਟ ਵਾਲੇ ਡਿਜੀਟਲ ਪੈਸੇ (ਕ੍ਰਿਪਟੋਕਰੰਸੀ) ਦੀ ਪੜਤਾਲ, ਮੁਲਜ਼ਮਾਂ ਦੀ ਮਾਨਸਿਕ ਹਾਲਤ ਦੀ ਜਾਂਚ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਬਣਾਏ ਗਏ ਨਕਲੀ ਵੀਡੀਓ ਜਾਂ ਤਸਵੀਰਾਂ (ਡੀਪਫੇਕ) ਦੀ ਪਛਾਣ ਕਰਨਾ ਵੀ ਲਾਜ਼ਮੀ ਕਰ ਦਿੱਤਾ ਗਿਆ ਹੈ।

ਘਟਨਾ ਵਾਲੀ ਥਾਂ 'ਤੇ ਪੁਲਿਸ ਨੂੰ ਦੋ ਸੁਰੱਖਿਆ ਘੇਰੇ ਬਣਾਉਣੇ ਪੈਣਗੇ, ਜਿਸ ਵਿੱਚ ਇੱਕ ਅੰਦਰਲਾ ਘੇਰਾ ਸਬੂਤਾਂ ਨੂੰ ਸੁਰੱਖਿਅਤ ਰੱਖਣ ਲਈ ਅਤੇ ਦੂਜਾ ਬਾਹਰਲਾ ਘੇਰਾ ਭੀੜ ਨੂੰ ਕਾਬੂ ਹੇਠ ਰੱਖਣ ਲਈ ਹੋਵੇਗਾ। ਜਾਂਚ ਦੇ ਸ਼ੁਰੂ ਤੋਂ ਹੀ ਧਾਰਮਿਕ ਆਗੂਆਂ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਦੀ ਮਦਦ ਲਈ ਜਾਵੇਗੀ ਤਾਂ ਜੋ ਪਾਵਨ ਸਰੂਪਾਂ ਦੀ ਸੰਭਾਲ ਪੂਰੀ ਮਰਿਯਾਦਾ ਨਾਲ ਕੀਤੀ ਜਾ ਸਕੇ ਕੋਈ ਵੀ ਅਣਅਧਿਕਾਰਤ ਵਿਅਕਤੀ 'ਅੰਗਾਂ' ਨੂੰ ਹੱਥ ਨਹੀਂ ਲਾ ਸਕੇਗਾ ਸਬੂਤ ਇਕੱਠੇ ਕਰਨ ਤੋਂ ਪਹਿਲਾਂ ਉੱਚ-ਗੁਣਵੱਤਾ ਵਾਲੀ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫੀ ਕਰਨੀ ਵੀ ਲਾਜ਼ਮੀ ਹੋਵੇਗੀ। ਇੰਟਰਨੈੱਟ ਰਾਹੀਂ ਹੋਣ ਵਾਲੀ ਬੇਅਦਬੀ (ਡਿਜੀਟਲ ਬੇਅਦਬੀ) ਲਈ ਜਾਂਚ ਵਿੱਚ ਇੱਕ ਵੱਖਰਾ ਹਿੱਸਾ ਜੋੜਿਆ ਗਿਆ ਹੈ।

ਤਸਵੀਰਾਂ ਨਾਲ ਛੇੜਛਾੜ , ਨਕਲੀ ਪਰ ਅਸਲੀ ਵਰਗੀਆਂ ਲੱਗਣ ਵਾਲੀਆਂ ਵੀਡੀਓਜ਼ , ਮੀਮਜ਼ ਰਾਹੀਂ ਕੀਤੀ ਬੇਅਦਬੀ ਅਤੇ ਵਟ੍ਹਸਐਪ, ਟੈਲੀਗ੍ਰਾਮ ਜਾਂ ਇੰਸਟਾਗ੍ਰਾਮ 'ਤੇ ਪਾਈ ਗਈ ਅਜਿਹੀ ਸਮੱਗਰੀ ਨੂੰ ਹੁਣ ਬਹੁਤ ਗੰਭੀਰ ਅਪਰਾਧ ਮੰਨਿਆ ਜਾਵੇਗਾ। ਪੁਲਿਸ ਅਧਿਕਾਰੀਆਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਮੈਟਾ, ਐਕਸ ਅਤੇ ਯੂਟਿਊਬ ਵਰਗੀਆਂ ਕੰਪਨੀਆਂ ਨੂੰ ਇਹ ਸਮੱਗਰੀ ਹਟਾਉਣ ਲਈ ਕਹਿਣ ਤੋਂ ਪਹਿਲਾਂ ਉਸ ਦੇ ਯੂ ਆਰ ਐੱਲ ਦਾ ਪਤਾ, ਪੋਸਟ ਦਾ ਸਮਾਂ , ਪੋਸਟ ਆਈਡੀ ਅਤੇ ਵਰਤੇ ਗਏ ਮੋਬਾਈਲ ਜਾਂ ਕੰਪਿਊਟਰ ਦੀ ਪਛਾਣ ਜ਼ਰੂਰ ਕਰ ਲੈਣ।

## ਮਾਨਸਿਕ ਅਸਥਿਰਤਾ ਲਈ ਡਾਕਟਰਾਂ ਦਾ..

ਅਤੇ ਧਾਰਮਿਕ ਭਾਵਨਾਵਾਂ ਵਿਚਕਾਰ ਤਾਲਮੇਲ ਬਣਾਉਣਾ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਉਨ੍ਹਾਂ ਅੱਗੇ ਕਿਹਾ ਕਿ ਜਾਂਚ ਬਿਨਾਂ ਕਿਸੇ ਕਾਹਲੀ ਜਾਂ ਸਿਰਫ਼ ਅੰਦਾਜ਼ਿਆਂ ਦੇ ਆਧਾਰ 'ਤੇ ਨਹੀਂ, ਸਗੋਂ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਤਰੀਕੇ ਨਾਲ ਕੀਤੀ ਜਾਣੀ ਚਾਹੀਦੀ ਹੈ।

## ਪਟਾਕਾ ਫੈਕਟਰੀ ਵਿੱਚ ਜ਼ਬਰਦਸਤ ਧਮਾਕਾ...

ਨੇ ਸੋਗ ਪ੍ਰਗਟ ਕੀਤਾ ਅਤੇ ਜ਼ਿਲ੍ਹਾ ਕੁਲੈਕਟਰ ਨੂੰ ਹਰ ਜ਼ਰੂਰੀ ਸਹਾਇਤਾ ਦਾ ਤਾਲਮੇਲ ਕਰਨ ਦੇ ਨਿਰਦੇਸ਼ ਦਿੱਤੇ।

ਇਹ ਧਿਆਨ ਦੇਣ ਯੋਗ ਹੈ ਕਿ 13 ਅਪ੍ਰੈਲ ਨੂੰ, ਵਿਰੁਧੁਨਗਰ ਜ਼ਿਲ੍ਹੇ ਦੇ ਸਤੂਰ ਨੇੜੇ ਇੱਕ ਪਟਾਕਾ ਫੈਕਟਰੀ ਵਿੱਚ ਧਮਾਕਾ ਹੋਇਆ ਸੀ, ਜਿਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਸੀ ਅਤੇ ਤਿੰਨ ਹੋਰ ਜ਼ਖਮੀ ਹੋ ਗਏ ਸਨ। ਘਟਨਾ ਦੇ ਸਮੇਂ ਫੈਕਟਰੀ ਵਿੱਚ ਲਗਭਗ 60 ਕਾਮੇ ਕੰਮ ਕਰ ਰਹੇ ਸਨ।

## ਪਾਕਿਸਤਾਨ ਯਾਤਰਾ ਤੋਂ ਵਾਪਸ ਆਇਆ...

ਸ਼ਰਧਾਲੂਆਂ ਨੇ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਭਵਿੱਖ ਵਿੱਚ ਧਾਰਮਿਕ ਯਾਤਰਾਵਾਂ ਨੂੰ ਹੋਰ ਸੁਗਮ ਬਣਾਉਣ ਲਈ ਵਧੇਰੇ ਲਾਂਘੇ ਅਤੇ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅਜਿਹੀਆਂ ਯਾਤਰਾਵਾਂ ਦੋਵਾਂ ਦੇਸ਼ਾਂ ਵਿਚਕਾਰ ਸਾਂਝ ਅਤੇ ਭਰੋਸੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ 'ਤੇ ਕੁਝ ਸ਼ਰਧਾਲੂਆਂ ਨੇ ਪੰਜਾਬ ਵਿੱਚ ਲਾਗੂ ਹੋਏ ਬੇਅਦਬੀ ਵਿਰੋਧੀ ਕਾਨੂੰਨ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਧਾਰਮਿਕ ਅਸਥਾਵਾਂ ਦੀ ਪਵਿੱਤਰਤਾ ਨੂੰ ਸੁਰੱਖਿਅਤ ਕਰਨ ਵਿੱਚ ਮਦਦ ਮਿਲੇਗੀ ਅਤੇ ਅਜਿਹੀਆਂ ਘਟਨਾਵਾਂ 'ਤੇ ਕੜੀ ਰੋਕ ਲੱਗੇਗੀ। ਉਨ੍ਹਾਂ ਨੇ ਉਮੀਦ ਜਤਾਈ ਕਿ ਇਹ ਕਾਨੂੰਨ ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰੇ ਨੂੰ ਹੋਰ ਮਜ਼ਬੂਤ ਕਰੇਗਾ।

## ਨਿਊਜ਼ੀਲੈਂਡ ਦੇ ਪੀ.ਐਮ ਕ੍ਰਿਸਟੋਫਰ ਨੇ...

ਮੰਤਰੀ ਲਕਸਨ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਭੇਟ ਕੀਤਾ। ਇਸ ਮੌਕੇ ਟਾਕਾਨਿਨੀ ਤੋਂ ਐਮ ਪੀ ਰੀਮਾ ਨਾਖਲੇ, ਸੈਂਟਰਲ ਸਿੱਖ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੁਪਰੀਮ ਸਿੱਖ ਸੁਸਾਇਟੀ ਆਫ ਨਿਊਜ਼ੀਲੈਂਡ ਦੇ ਬੁਲਾਰੇ ਦਲਜੀਤ ਸਿੰਘ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਜਿੰਝਰ ਅਤੇ ਮੀਡੀਆ ਸਲਾਹਕਾਰ ਜਸਕਰਨ ਸਿੰਘ ਹਾਜ਼ਰ ਸਨ।

## ਅੱਗ ਨਾਲ ਹਜ਼ਾਰ ਘਰ ਸੜ ਕੇ ਸੁਆਹ

ਪਾਣੀ ਦਾ ਪੱਧਰ ਘੱਟ ਹੋਣ ਕਾਰਨ ਅੱਗ ਬੁਝਾਉਣ ਲਈ ਪਾਣੀ ਨਾ ਮਿਲਣ ਕਾਰਨ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਇਹ ਹਾਦਸਾ ਸਬਾਹ ਦੇ ਇੱਕ 'ਵਾਟਰ ਵਿਲੇਜ' (ਪਾਣੀ ਉੱਤੇ ਵਸੇ ਪਿੰਡ) ਵਿੱਚ ਵਾਪਰਿਆ, ਜਿੱਥੇ ਲੱਕੜ ਦੇ ਬਣੇ ਘਰ ਖੰਭਿਆਂ ਦੇ ਸਹਾਰੇ ਖੜ੍ਹੇ ਹੁੰਦੇ ਹਨ। ਇਨ੍ਹਾਂ ਇਲਾਕਿਆਂ ਵਿੱਚ ਜ਼ਿਆਦਾਤਰ ਗਰੀਬ ਭਾਈਚਾਰੇ, ਆਦਿਵਾਸੀ ਅਤੇ ਬਿਨਾਂ ਨਾਗਰਿਕਤਾ ਵਾਲੇ ਲੋਕ ਰਹਿੰਦੇ ਹਨ। ਪੁਲੀਸ ਰਿਪੋਰਟਾਂ ਅਨੁਸਾਰ ਇਸ ਅੱਗ ਨਾਲ ਲਗਪਗ 9,000 ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ, ਪਰ ਚੰਗੀ ਗੱਲ ਇਹ ਰਹੀ ਕਿ ਹਾਲੇ ਤੱਕ ਕਿਸੇ ਵੀ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਮਿਲੀ ਹੈ।

ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨੇ ਕਿਹਾ ਹੈ ਕਿ ਕੇਂਦਰੀ ਸਰਕਾਰ ਸਬਾਹ ਦੀਆਂ ਸਥਾਨਕ ਅਥਾਰਟੀਆਂ ਨਾਲ ਮਿਲ ਕੇ ਕੰਮ ਕਰ ਰਹੀ ਹੈ ਤਾਂ ਜੋ ਪੀੜਤਾਂ ਨੂੰ ਜ਼ਰੂਰੀ ਸਹਾਇਤਾ ਅਤੇ ਰਹਿਣ ਲਈ ਆਰਜ਼ੀ ਥਾਂ ਮੁਹੱਈਆ ਕਰਵਾਈ ਜਾ ਸਕੇ। ਉਨ੍ਹਾਂ ਨੇ ਸੋਸ਼ਲ ਮੀਡੀਆ ਰਾਹੀਂ ਭਰੋਸਾ ਦਿੱਤਾ ਕਿ ਇਸ ਸਮੇਂ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਲੋਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਨੂੰ ਤੁਰੰਤ ਮਦਦ ਪਹੁੰਚਾਉਣਾ ਹੈ।

## ਚਾਰਧਾਮ ਯਾਤਰਾ ਸ਼ੁਰੂ; ਗੰਗੋਤਰੀ ਤੋਂ ਬਾਅਦ...

ਮੂਰਤੀ ਖਰਸ਼ਾਲੀ ਗੱਦੀ ਸਥਾਨ 'ਤੇ ਰਹਿੰਦੀ ਹੈ, ਜਿੱਥੇ ਪੂਜਾ ਅਤੇ ਦਰਸ਼ਨ ਸਹੀ ਰਸਮਾਂ ਨਾਲ ਕੀਤੇ ਜਾਂਦੇ ਹਨ। ਹਾਲਾਂਕਿ, ਗਰਮੀਆਂ ਦੇ ਆਉਣ ਨਾਲ, ਮਾਂ ਯਮੁਨਾ ਦੀ ਪੂਜਾ ਹੁਣ ਯਮੁਨੋਤਰੀ ਧਾਮ ਵਿਖੇ ਹੋਵੇਗੀ। ਧਾਰਮਿਕ ਮਾਨਤਾਵਾਂ ਮੁਤਾਬਿਕ, ਮਾਂ ਯਮੁਨਾ ਭਈਆ ਦੂਜ (ਯਮ ਦਵਿੱਤੀ) ਤੱਕ ਯਮੁਨੋਤਰੀ ਧਾਮ ਵਿੱਚ ਰਹਿੰਦੀ ਹੈ। ਇਸ ਸਮੇਂ ਦੌਰਾਨ, ਭਾਰਤ ਅਤੇ ਵਿਦੇਸ਼ਾਂ ਤੋਂ ਲੱਖਾਂ ਸ਼ਰਧਾਲੂ ਦਰਸ਼ਨ ਕਰਨ ਲਈ ਤੀਰਥ ਸਥਾਨ 'ਤੇ ਆਉਂਦੇ ਹਨ। ਕਿਹਾ ਜਾਂਦਾ ਹੈ ਕਿ ਪਰੰਪਰਾ ਮੁਤਾਬਿਕ, ਖਰਸ਼ਾਲੀ ਅਤੇ ਆਲੇ ਦੁਆਲੇ ਦੇ ਇਲਾਕਿਆਂ ਦੇ ਪਿੰਡ ਵਾਸੀ ਮਾਂ ਯਮੁਨਾ ਦੀ ਪਾਲਕੀ ਲੈ ਕੇ ਪੈਦਲ ਯਮੁਨੋਤਰੀ ਧਾਮ ਜਾਂਦੇ ਹਨ।

1ਇਹ ਯਾਤਰਾ ਨਾ ਸਿਰਫ਼ ਵਿਸ਼ਵਾਸ ਦਾ ਪ੍ਰਤੀਕ ਹੈ ਬਲਕਿ ਖੇਤਰ ਦੀ ਸੱਭਿਆਚਾਰਕ ਵਿਰਾਸਤ ਅਤੇ ਲੋਕ ਪਰੰਪਰਾਵਾਂ ਨੂੰ ਵੀ ਜ਼ਿੰਦਾ ਰੱਖਦੀ ਹੈ। ਚਾਰਧਾਮ ਯਾਤਰਾ ਦੀ ਸ਼ੁਰੂਆਤ ਦੇ ਨਾਲ, ਪ੍ਰਸ਼ਾਸਨ ਅਤੇ ਮੰਦਰ ਕਮੇਟੀ ਨੇ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ ਅਤੇ ਸੁਚਾਰੂ ਦਰਸ਼ਨ ਲਈ ਵਿਆਪਕ ਪ੍ਰਬੰਧ ਕੀਤੇ ਹਨ। ਆਉਣ ਵਾਲੇ ਦਿਨਾਂ ਵਿੱਚ ਯਮੁਨੋਤਰੀ ਧਾਮ ਵਿਖੇ ਸ਼ਰਧਾਲੂਆਂ ਦੀ ਵੱਡੀ ਭੀੜ ਇਕੱਠੀ ਹੋਣ ਦੀ ਉਮੀਦ ਹੈ।

## ਜਵੱਦੀ ਟਕਸਾਲ ਵਿਖੇ ਭਗਤ ਧੰਨਾ ਜੀ...

ਦੱਸਿਆ ਕਿ ਭਗਤ ਜੀ ਅੰਦਰ ਆਪ ਜੀ ਦੇ ਸ਼ਬਦਾਂ ਵਿੱਚ ਮਿਲਾਪ ਦੀ ਗੂੜੀ ਅਭੇਦਤਾ ਅਤੇ ਪਿਆਰ ਦੇ ਦਰਸ਼ਨ ਕੀਤੇ ਜਾ ਸਕਦੇ ਹਨ। ਆਪ ਜੀ ਦੁਆਰਾ ਰਚੇ ਸ਼ਬਦਾਂ ਵਿੱਚ ਅਕਾਲ ਪੁਰਖ ਨਾਲ ਸੱਚੇ ਡੂੰਘੇ ਪਿਆਰ ਅਤੇ ਭੇਤਾ ਦਾ ਬੰਨਣ ਮਿਲਦਾ ਹੈ। ਗੁਰੂ ਕਾ ਲੰਗਰ ਅਤੁੱਟ ਵਰਤਿਆ।

## ਉਪਕਾਰ ਸਿੰਘ ਆਹੂਜਾ ਬਿਨਾਂ ਵਿਰੋਧ...

ਵਚਨਬੱਧਤਾ 'ਤੇ ਭਰੋਸਾ ਪ੍ਰਗਟ ਕੀਤਾ। ਸ. ਆਹੂਜਾ ਦੇ ਪਿਛਲੇ ਕਾਰਜਕਾਲ ਨੂੰ ਵਿਆਪਕ ਤੌਰ 'ਤੇ ਪ੍ਰਗਤੀਸ਼ੀਲ ਅਤੇ ਪਰਿਵਰਤਨਸ਼ੀਲ ਮੰਨਿਆ ਗਿਆ ਹੈ। ਉਨ੍ਹਾਂ ਦੀ ਅਗਵਾਈ ਹੇਠ, 393" ਨੇ ਕਈ ਮੋਹਰੀ ਪਹਿਲਕਦਮੀਆਂ ਸਥਾਪਿਤ ਕੀਤੀਆਂ, ਜਿਨ੍ਹਾਂ ਵਿੱਚ ਸੈਂਟਰ ਆਫ਼ ਐਕਸੀਲੈਂਸ, ਰਿਵਰਸ ਇੰਜੀਨੀਅਰਿੰਗ ਲੈਬ, ਆਰਟੀਫੀਸ਼ੀਅਲ ਇੰਟੈਲੀਜੈਂਸ (19) ਲੈਬ, ਅਤੇ AWADH ਲੈਬ (ਖੇਤੀਬਾੜੀ ਅਤੇ ਪਾਣੀ ਤਕਨਾਲੋਜੀ ਵਿਕਾਸ ਹੱਬ) ਸ਼ਾਮਲ ਹਨ। ਇਨ੍ਹਾਂ ਪਹਿਲਕਦਮੀਆਂ ਨੇ MSME ਸੈਕਟਰ ਦੇ ਅੰਦਰ ਤਕਨੀਕੀ ਸਮਰੱਥਾਵਾਂ ਨੂੰ ਵਧਾਉਣ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਆਧੁਨਿਕੀਕਰਨ ਨੂੰ ਸਮਰਥਨ ਦੇਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਬੁਨਿਆਦੀ ਢਾਂਚੇ ਅਤੇ ਨਵੀਨਤਾ-ਅਧਾਰਤ ਪ੍ਰੋਜੈਕਟਾਂ ਤੋਂ ਇਲਾਵਾ, ਆਹੂਜਾ ਨੇ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਇਕਸਾਰ ਨੀਤੀ ਵਕਾਲਤ ਰਾਹੀਂ ਮੁੱਖ ਉਦਯੋਗ ਚਿੰਤਾਵਾਂ ਨੂੰ ਹੱਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਉਨ੍ਹਾਂ ਦੇ ਕਾਰਜਕਾਲ ਵਿੱਚ ਸੰਗਠਨ ਨੇ ਵਧਦੀ ਕੱਚੇ ਮਾਲ ਦੀ ਲਾਗਤ, ਨਿਰਯਾਤ ਚੁਣੌਤੀਆਂ ਅਤੇ ਲੌਜਿਸਟਿਕਸ ਰੁਕਾਵਟਾਂ ਵਰਗੇ ਮੁੱਖ ਮੁੱਦਿਆਂ 'ਤੇ ਸਰਕਾਰੀ ਸੰਸਥਾਵਾਂ ਨਾਲ ਸਰਗਰਮੀ ਨਾਲ ਜੁੜਿਆ ਦੇਖਿਆ। 393" ਨੇ ਮੈਂਬਰਾਂ ਨੂੰ ਸਰਕਾਰੀ ਯੋਜਨਾਵਾਂ, ਪਾਲਣਾ ਢਾਂਚੇ ਅਤੇ ਉੱਭਰ ਰਹੇ ਵਪਾਰਕ ਮੌਕਿਆਂ ਬਾਰੇ ਸਿੱਖਿਅਤ ਕਰਨ ਲਈ ਕਈ ਜਾਗਰੂਕਤਾ ਸੈਸ਼ਨ ਵੀ ਕਰਵਾਏ, ਜਿਸ ਨਾਲ ਸਮੁੱਚੇ ਉਦਯੋਗਿਕ ਈਕੋਸਿਸਟਮ ਨੂੰ ਮਜ਼ਬੂਤੀ ਮਿਲੀ। ਇਸ ਮੌਕੇ 'ਤੇ ਬੋਲਦਿਆਂ, ਸ.ਆਹੂਜਾ ਨੇ ਮੈਂਬਰਾਂ ਦਾ ਉਨ੍ਹਾਂ ਦੇ ਅਟੁੱਟ ਵਿਸ਼ਵਾਸ ਅਤੇ ਸਮਰਥਨ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਬਸੰਮਤੀ ਨਾਲ ਦਿੱਤਾ ਗਿਆ ਫਤਵਾ ਵਿਕਾਸ ਅਤੇ ਲਚਕੀਲੇਪਣ ਲਈ ਇੱਕ ਸਮੂਹਿਕ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ। ਇਹ ਸਿਰਫ਼ ਇੱਕ ਸਨਮਾਨ ਨਹੀਂ ਹੈ, ਸਗੋਂ ਇੱਕ ਜ਼ਿੰਮੇਵਾਰੀ ਹੈ। ਅਸੀਂ ਨਵੀਨਤਾ, ਸਥਿਰਤਾ ਅਤੇ ਨੀਤੀ-ਅਧਾਰਤ ਵਿਕਾਸ ਪ੍ਰਤੀ ਸਮਰਪਣ ਨਾਲ ਕੰਮ ਕਰਨਾ ਜਾਰੀ ਰੱਖਾਂਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਡੇ MSME ਰਾਸ਼ਟਰੀ ਅਤੇ ਵਿਸ਼ਵ ਪੱਧਰ 'ਤੇ ਮੁਕਾਬਲੇਬਾਜ਼ ਰਹਿਣ।' ਮੀਟਿੰਗ ਵਿੱਚ ਮੌਜੂਦ ਮੈਂਬਰਾਂ ਨੇ ਸ. ਅਹੂਜਾ ਦੇ ਗਤੀਸ਼ੀਲ ਅਤੇ ਸਮਾਵੇਸ਼ੀ ਵਿਅਕਤਿਤਵ ਦੀ ਸ਼ਲਾਘਾ ਕੀਤੀ।

# ਕਾਂਗਰਸ ਤੇ 'ਆਪ' ਨੇ ਅੱਧੀ ਅਬਾਦੀ ਨਾਲ ਅਨਿਆ ਕੀਤਾ, ਜੋ ਭਰੂਣ ਹੱਤਿਆ ਵਰਗਾ ਪਾਪ : ਖੱਟਰ



ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਦਲਵੀਰ ਸਿੰਘ ਕਲੋਈਆ)ਕਾਂਗਰਸ ਤੇ 'ਆਪ' ਸਣੇ ਸਮੁੱਚੀ ਵਿਰੋਧੀ ਧਿਰ ਨੇ ਲੋਕ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਨੂੰ ਪਾਸ ਹੋਣ ਤੋਂ ਰੋਕ ਕੇ ਦੇਸ਼ ਦੀ ਅੱਧੀ ਅਬਾਦੀ ਖ਼?ਲਾਫ਼ ਘਿਨਾਉਣੀ ਸ਼ਾਜਿਸ਼ ਕੀਤੀ ਹੈ, ਜੋ ਭਰੂਣ ਹੱਤਿਆ ਕਰਨ ਵਰਗਾ ਪਾਪ ਹੈ। ਇਸ ਦਾ ਖ਼ਮਿਆਜ਼ਾ ਇਨ੍ਹਾਂ ਮਹਿਲਾ ਵਿਰੋਧੀ ਪਾਰਟੀਆਂ ਨੂੰ ਚੋਣ ਨਤੀਜਿਆਂ ਦੇ ਰੂਪ ਵਿੱਚ ਭੁਗਤਣਾ ਪਵੇਗਾ। ਇਹ ਸ਼ਬਦ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਦੇ ਹਨ। ਲੋਕ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਡੇਗਣ ਲਈ ਵਿਰੋਧੀ ਧਿਰਾਂ ਵਲੋਂ ਮਹਿਲਾਵਾਂ ਦੇ ਅਧਿਕਾਰਾਂ ਉੱਤੇ ਕੀਤੇ ਹਮਲੇ ਪ੍ਰਤੀ ਲੋਕ ਜਾਗਰੂਕਤਾ ਦੇ ਮੱਦੇਨਜ਼ਰ ਭਾਜਪਾ ਨੇ ਸਮੁੱਚੇ ਦੇਸ਼ ਵਿੱਚ ਜਨ-ਆਕਰੋਸ਼ ਮੁਹਿੰਮ ਵਿੱਢੀ ਹੈ। ਇਸੇ ਤਹਿਤ ਖੱਟਰ ਅਤੇ ਉੱਤਰ ਪ੍ਰਦੇਸ਼ ਦੀ ਕੈਬਨਿਟ ਮੰਤਰੀ ਬੇਬੀ ਮੌਰਿਆ ਵੀ ਜਲੰਧਰ ਪਹੁੰਚੇ ਹੋਏ ਸਨ। ਸ੍ਰੀ ਖੱਟਰ ਨੇ ਕਿਹਾ, "ਕਾਂਗਰਸ ਨੇ ਆਪਣੇ ਦਹਾਕਿਆਂ ਪੁਰਾਣੇ ਇਤਿਹਾਸ ਮੁਤਾਬਕ ਮਹਿਲਾਵਾਂ ਨੂੰ ਸਿਆਸੀ ਅਤੇ ਨੀਤੀ ਨਿਰਮਾਣ ਖੇਤਰ ਵਿੱਚ ਹਿੱਸੇਦਾਰੀ ਦੇਣ ਦੇ ਯਤਨਾਂ ਵਿੱਚ ਇੱਕ ਵਾਰ ਫੇਰ ਅੜਚਨ ਡਾਹੀ ਹੈ। ਇਹ ਬਿੱਲ ਪਾਸ ਕਰਵਾਉਣਾ ਮਹਿਲਾਵਾਂ ਉੱਤੇ ਕੋਈ ਅਹਿਸਾਨ ਨਹੀਂ ਸੀ, ਸਗੋਂ ਉਨ੍ਹਾਂ ਦਾ ਹੱਕ ਬਣਦਾ ਹੈ।" ਸ੍ਰੀ ਖੱਟਰ ਨੇ ਕਿਹਾ ਕਿ ਮੋਦੀ ਸਰਕਾਰ ਨੇ 2023 ਵਿੱਚ ਨਾਰੀ ਸ਼ਕਤੀ ਵੰਦਨ ਅਧਿਨਿਯਮ ਪਾਸ ਕਰਵਾਇਆ, ਜਿਸ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾ ਲਾਗੂ ਕਰਨ ਦਾ ਵਾਅਦਾ ਸੀ। ਇਸ ਬਿੱਲ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਸੀ। ਇਸ ਲਈ ਵਿਰੋਧੀ ਧਿਰਾਂ ਵਲੋਂ ਇਸ ਵਾਰ ਵੀ ਸਮਰਥਨ ਦੀ ਆਸ ਕੀਤੀ ਜਾ ਰਹੀ ਸੀ। ਪਰ 2021 ਵਿੱਚ ਕੋਵਿਡ ਕਾਰਨ ਜਨਗਣਨਾ ਵਿੱਚ ਦੇਰੀ ਹੋਣ ਕਾਰਨ ਹੱਦਬੰਦੀ (ਡੀਲਿਮੀਟੇਸ਼ਨ) ਵੀ ਨਹੀਂ ਹੋ ਸਕੀ। ਹੁਣ ਭਾਵੇਂ ਜਨਗਣਨਾ ਦਾ ਕਾਰਜ ਸ਼ੁਰੂ ਹੈ, ਪਰ ਉਸ ਤੋਂ ਬਾਅਦ ਨਵੀਂ ਹੱਦਬੰਦੀ ਲਈ ਸਮਾਂ ਬਹੁਤ ਘੱਟ ਹੈ। ਇਸ ਲਈ ਸੰਵਿਧਾਨਕ ਸੋਧ ਦਾ ਬਿੱਲ ਲਿਆਂਦਾ ਗਿਆ ਸੀ। ਜਿਸ ਨੂੰ ਕਾਂਗਰਸ ਅਤੇ ਵਿਰੋਧੀ ਪਾਰਟੀਆਂ ਨੇ ਪਾਸ ਨਹੀਂ ਹੋਣ ਦਿੱਤਾ। ਭਾਵੇਂ ਕਿ ਲੋਕ ਸਭਾ ਵਿੱਚ ਐੱਨਡੀਏ ਕੋਲ ਪੂਰਨ ਬਹੁਮਤ ਹੈ, ਪਰ ਸੰਵਿਧਾਨਕ ਸੋਧ ਲਈ ਦੋ- ਤਿਹਾਈ ਸਮਰਥਨ ਚਾਹੀਦਾ ਸੀ। ਪਰ ਵਿਰੋਧੀ ਧਿਰ ਨੇ ਨਿੱਜੀ, ਪਰਿਵਾਰ ਜਾਂ ਆਪਣੀਆਂ ਪਾਰਟੀਆਂ ਦੇ ਸੌੜੇ ਹਿੱਤਾਂ ਕਾਰਨ ਇਸ ਨੂੰ ਪਾਸ ਨਹੀਂ ਹੋਣ ਦਿੱਤਾ, ਜਿਸ ਕਾਰਨ ਮਹਿਲਾਵਾਂ ਦਾ ਅਧਿਕਾਰ ਹੋਰ ਪਿੱਛੇ ਪੈ ਗਿਆ ਹੈ, ਪਰ ਭਾਰਤੀ ਜਨਤਾ ਪਾਰਟੀ ਹਾਰ ਨਹੀਂ ਮੰਨੇਗੀ ਅਤੇ ਇਸ ਲ਼ਈ ਲਗਾਤਾਰ ਕੋਸ਼ਿਸ਼ ਕਰਦੀ ਰਹੇਗੀ। ਇਸ ਮੌਕੇ ਸੰਬੋਧਨ ਕਰਦਿਆਂ ਬੇਬੀ ਮੌਰਿਆ ਨੇ ਕਿਹਾ ਕਾਂਗਰਸ, ਆਪ, ਸਪਾ ਅਤੇ ਡੀਐੱਮਕੇ ਵਰਗੀਆਂ ਪਾਰਟੀਆਂ ਨੇ ਸੋਚੀ ਸਮਝੀ ਸਾਜ਼ਿਸ਼ ਤਹਿਤ ਮਹਿਲਾਵਾਂ ਦਾ ਹੱਕ ਮਾਰਿਆ ਹੈ। ਇਨ੍ਹਾਂ ਤਿੰਨ ਤਲਾਕ, ਰਾਮ ਮੰਦਰ, ਆਯੂਸ਼ਮਾਨ ਭਾਰਤ ਅਤੇ ਨਵੇਂ ਸੰਸਦ ਭਵਨ ਦਾ ਵੀ ਵਿਰੋਧੀ ਕੀਤਾ ਸੀ। ਉਨ੍ਹਾਂ ਕਿਹਾ, ''ਮੈਂ ਇਸ ਦੀ ਘੋਰ ਨਿੰਦਾ ਕਰਦੀ ਹਾਂ, ਬਿੱਲ ਦਾ ਵਿਰੋਧ ਕਰ ਕੇ ਇਹ ਪਾਰਟੀਆਂ ਸਾਡੀ ਹੀ ਨਹੀਂ ਬਲਕਿ ਅੱਧੀ ਅਬਾਦੀ ਦੀ ਨਜ਼ਰ ਤੋਂ ਡਿੱਗ ਪਈਆਂ ਹਨ। ਮਹਿਲਾਵਾਂ ਆਪਣੀ ਬੇਇਜ਼ੱਤੀ ਨੂੰ ਕਦੇ ਵੀ ਭੁੱਲਦੀਆਂ ਨਹੀਂ। ਮੈਂ ਸਾਰੀਆਂ ਮਹਿਲਾਵਾਂ ਨੂੰ ਅਪੀਲ ਕਰਦੀ ਹਾਂ ਕਿ ਵਿਰੋਧੀ ਪਾਰਟੀਆਂ ਨੂੰ ਅਗਾਮੀ ਚੋਣਾਂ ਵਿੱਚ ਸਬਕ ਸਿਖਾਉਣ।" ਇਸ ਮੌਕੇ ਸੂਬਾ ਸਕੱਤਰ ਮੀਨੂ ਸੇਠੀ, ਸ਼ੈਲੀ ਖੰਨਾ ਸੂਬਾ ਮਿਤ ਪ੍ਰਧਾਨ ਮਹਿਲਾ ਮੋਰਚਾ, ਜਿਲਾ ਜਨਰਲ ਸਕੱਤਰ ਮਹਿਲਾ ਮੋਰਚਾ ਜਲੰਧਰ ਸ਼ਾਲੂ, ਪਾਰਸ਼ਦ ਮੀਨੂ ਢੰਡ, ਅਨੁ ਸ਼ਰਮਾ ਤੇ ਮੀਨਾ ਸ਼ਰਮਾ ਜਿਲਾ ਸਕੱਤਰ ਜਲੰਧਰ ਭਾਜਪਾ, ਸਣੇ ਕਈ ਹੋਰ ਭਾਰਤੀ ਜਨਤਾ ਪਾਰਟੀ ਪੰਜਾਬ ਦੀਆਂ ਆਗੂ ਵੀ ਹਾਜ਼ਰ ਸਨ।

ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

### ਰੀਲ ਵਾਲਾ ਸੱਚ ਬਨਾਮ ਰੀਅਲ ਸੱਚ

# ਪਾਰ ਹੋਈ ਹੱਦ ਤੋਂ ਵਾਪਸ ਪਰਤਣ ਦੀ ਲੋੜ



ਇਕ ਪਾਸੇ ਤਾਂ ਡਾਕਟਰਾਂ ਨੂੰ ਦੂਸਰੇ ਰੱਬ ਦਾ ਦਰਜਾ ਦਿੱਤਾ ਜਾਂਦਾ ਹੈ ਦੂਜੇ ਪਾਸੇ, ਅਜੋਕੇ ਸਮਿਆਂ ਵਿੱਚ ਗਿਣੇ ਚੁਣੇ ਆਪਣੇ ਕਿੱਤੇ ਪ੍ਰਤੀ ਇਮਾਨਦਾਰ ਡਾਕਟਰਾਂ ਨੂੰ ਛੱਡ ਕੇ ਮਰੀਜ਼ਾਂ ਦੀ ਛਿੱਲ ਲਾਹੁਣ ਵਾਲੇ ਬਹੁਗਿਣਤੀ ਡਾਕਟਰਾਂ ਨੂੰ ਲੋਕ ਜੱਲਾਦ ਵੀ ਕਹਿਣ ਲੱਗ ਗਏ ਹਨ। ਨਿੱਜੀ ਹਸਪਤਾਲ ਤਾਂ ਮੋਟੀ ਮੁਨਾਫ਼ਾਖੋਰੀ ਦੇ ਅੱਡੇ ਬਣ ਚੁੱਕੇ ਹਨ ਕੁਝ ਸਮਾਂ ਪਹਿਲਾਂ ਇਸੇ ਵਿਸ਼ੇ ਉਪਰ ਬਣੀ ਹਸਪਤਾਲਾਂ ਵਿਚ ਮਨੁੱਖਤਾ ਪ੍ਰਤੀ ਜਲਾਦਗਿਰੀ ਕਰਨ ਵਾਲੇ ਡਾਕਟਰਾਂ ਦਾ ਪਰਦਾਫਾਸ਼ ਕਰਨ ਵਾਲੀ ਅਕਸ਼ੈ ਕੁਮਾਰ ਦੀ ਇੱਕ ਫਿਲਮ ਵੀ ਆਈ ਸੀ, ਜਿਸ ਵਿਚ ਮਰੇ ਹੋਏ ਵਿਅਕਤੀ ਦੇ ਇਲਾਜ ਦੇ ਨਾਮ ਤੇ ਹਸਪਤਾਲ ਵੱਲੋਂ ਕੀਤੀ ਜਾਂਦੀ ਲੁੱਟ ਨੂੰ ਦਰਸਾਇਆ ਗਿਆ ਸੀ। ਹੁਣ ਚੰਡੀਗੜ੍ਹ ਤੋਂ ਆਈ ਇੱਕ ਬਹੁਤ ਹੀ ਹੈਰਾਨ ਕਰਨ ਵਾਲੀ ਇੱਕ ਖ਼ਬਰ ਨੇ ਅਕਸ਼ੈ ਕੁਮਾਰ ਦੀ ਫਿਲਮ ਦੀ ਕਹਾਣੀ ਵਿਚਲੇ ਸੱਚ (ਰੀਲ) ਉਪਰ ਅਸਲੀ ਸੱਚ (ਰੀਅਲ) ਹੋਣ ਦੀ ਮੁਹਰ ਲਗਾ ਦਿੱਤੀ ਹੈ। ਖਬਰ ਅਨੁਸਾਰ ਇੱਕ ਨਿੱਜੀ ਹਸਪਤਾਲ ਵਿਚ ਨੌਕਰੀ ਜੁਆਇਨ ਕਰਨ ਵਾਲੀ ਇੱਕ ਡਾਕਟਰ ਵੱਲੋਂ ਨਿਯੁਕਤੀ ਤੋਂ ਜਲਦ ਹੀ ਬਾਅਦ ਅਸਤੀਫਾ ਦੇਣ ਅਤੇ ਅਸਤੀਫਾ ਦੇਣ ਦੇ ਕਾਰਨਾਂ ਦਾ ਖੁਲਾਸਾ ਕਰਨ ਨੇ ਇਹ ਸੱਚਾਈ ਸਾਹਮਣੇ ਲੈ ਆਉਂਦੀ ਹੈ ਕਿ ਕਿਤੇ ਕਿਤੇ ਤਾਂ ਇਹ ਡਾਕਟਰ ਦੂਜੇ ਰੱਬ ਦੀ ਥਾਂ ਜਲਾਦ ਹੀ ਬਣੇ ਹੋਏ ਹਨ। ਜੇ ਤੁਸੀਂ ਉਕਤ ਖ਼ਬਰ ਨਹੀਂ ਪੜ੍ਹੀ ਤਾਂ ਦੱਸ ਦੇਈਏ ਕਿ ਡਾਕਟਰ ਕੁੜੀ ਨੇ ਹਸਪਤਾਲ ਦੇ ਪ੍ਰਬੰਧਨ ਉਪਰ ਇਹ ਆਰੋਪ ਲਗਾਇਆ ਕਿ ਉਸ ਵੱਲੋਂ ਡਾਕਟਰਾਂ ਨੂੰ ਸਪਸ਼ਟ ਹਿਦਾਇਤਾਂ ਹੁੰਦੀਆਂ ਹਨ ਕਿ ਹਸਪਤਾਲ ਵਿਚ ਭਰਤੀ ਹੋਣ ਆਏ ਹਰੇਕ ਮਰੀਜ਼ ਨੂੰ ਘੱਟੋ ਘੱਟ ਕਿੰਨੇ ਦਿਨ ਲਾਜ਼ਮੀ ਹੀ ਆਈਸੀਯੂ ਵਿਚ ਰੱਖਣਾ ਹੈ। ਕਿੰਨੇ ਟੈਸਟ ਲਿਖਣੇ ਹਨ, ਚਾਹੇ ਜ਼ਰੂਰੀ ਹੋਣ ਜਾਂ ਨਾਂਹ। ਇਥੋਂ ਤੱਕ ਕਿ ਇਹ ਹਸਪਤਾਲ ਡਾਕਟਰਾਂ ਨੂੰ ਇਹ ਵੀ ਆਦੇਸ਼ ਨਕਲੀ ਦਵਾਈਆਂ ਦਾ ਵੱਧ ਰਿਹਾ ਗੋਰਖਧੰਦਾ ਮਨੁੱਖੀ ਜ਼ਿੰਦਗੀਆਂ ਲਈ ਘੁਣ ਬਣ ਗਿਆ ਹੈ। ਹਾਲ ਹੀ ਵਿਚ ਸਾਹਮਣੇ ਆਈ ਇੱਕ ਹੋਰ ਖ਼ਬਰ ਨੇ ਵੀ ਇਹ ਪੁਸ਼ਟੀ ਕੀਤੀ ਕਿ ਡਾਕਟਰੀ ਪੇਸ਼ਾ 90 ਫੀਸਦੀ ਮਰੀਜ਼ਾਂ ਦੀ ਲੁੱਟ ਦਾ ਪੇਸ਼ਾ ਬਣ ਚੁੱਕਾ ਹੈ। ਖਬਰ ਅਨੁਸਾਰ ਇੱਕ ਮਰੀਜ਼ ਨੂੰ ਹਸਪਤਾਲ ਵੱਲੋਂ ਇੱਕ ਮਹੀਨੇ ਵਿੱਚ ਹੀ 20 ਲੱਖ ਰੁਪਏ ਦੀਆਂ ਦਵਾਈਆਂ ਖਵਾ ਦਿੱਤੀਆਂ। ਯਾਨੀ ਮਰੀਜ਼ ਦੇ ਪਰਿਵਾਰ ਦੇ ਹੱਥ ਇੱਕ ਮਹੀਨੇ ਦੇ ਇਲਾਜ ਦੇ 'ਖਰਚ' ਦਾ 20 ਲੱਖ ਦਾ ਬਿੱਲ ਥਮਾ ਦਿੱਤਾ ਗਿਆ। ਕੀ ਇਸਨੂੰ ਲੁੱਟ ਕਹਿਣਾ ਅਤਿਕਥਨੀ ਹੈ? ਬਿਲਕੁਲ ਵੀ ਨਹੀਂ! ਕੀ ਉਹ ਦਿਨ ਵਾਪਸ ਆਉਣਗੇ ਕਿ ਮਰੀਜ਼ ਡਾਕਟਰ ਕੋਲ ਪਹੁੰਚ ਕੇ ਇਸ ਗੱਲ ਪ੍ਰਤੀ ਆਸ਼ਵਸਤ ਹੋਵੇਗਾ ਕਿ ਉਹ 'ਦੂਜੇ ਰੱਬ' ਕੋਲ ਆਇਆ ਹੈ ਜਲਾਦ ਕੋਲ ਨਹੀਂ? ਇਸ ਪਵਿੱਤਰ ਪੇਸ਼ੇ ਨੂੰ ਅਪਣਾਉਣ ਵਾਲਿਆਂ ਨੂੰ ਇਹ ਸਨਿਮਰ ਅਪੀਲ ਹੈ ਕਿ ਮਰੀਜ਼ਾਂ ਦਾ ਇਹ ਵਿਸ਼ਵਾਸ ਬਹਾਲ ਕਰਵਾ ਦਿਓ ਕਿ ਮਰੀਜ਼ ਲਈ ਡਾਕਟਰ 'ਦੂਜਾ ਰੱਬ' ਹੁੰਦਾ ਹੈ। ਜਿਸ ਦਿਨ ਇਹ ਹੋ ਗਿਆ, ਸਮਝਾਂਗੇ ਧਰਤੀ ਸਵਰਗ ਬਣ ਗਈ।

**- ਅਸ਼ਵਨੀ ਜੇਤਲੀ**

# ਨਵੇਂ ਭਾਰਤ ਦੀ ਐੱਮ.ਐੱਸ.ਐੱਮ.ਈ ਕ੍ਰਾਂਤੀ ਦੇ ਕੇਂਦਰ ਵਿੱਚ ਹੈ ਨਾਰੀ ਸ਼ਕਤੀ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਇੱਕ-ਤਿਹਾਈ ਸੀਟਾਂ ਮਹਿਲਾਵਾਂ ਲਈ ਰਾਖਵੀਆਂ ਕਰਨ ਵਾਲੇ ਨਾਰੀ ਸ਼ਕਤੀ ਵੰਦਨ ਅਧਿਨਿਯਮ ਦਾ ਸਤੰਬਰ 2023 ਵਿੱਚ ਸੰਸਦ ਵਿੱਚ ਸਮਰਥਨ ਕਰਦੇ ਹੋਏ ਵਿਸ਼ਵਾਸ ਪ੍ਰਗਟ ਕੀਤਾ ਸੀ ਕਿ ਭਾਰਤ ਉਦੋਂ ਹੀ ਅੱਗੇ ਵਧ ਸਕਦਾ ਹੈ ਜਦੋਂ ਦੇਸ਼ ਦੀਆਂ ਮਹਿਲਾਵਾਂ ਵੀ ਇਸ ਦੇ ਨਾਲ ਹੀ ਤਰੱਕੀ ਕਰਨ। ਉਨ੍ਹਾਂ ਦਾ ਇਹ ਵਿਸ਼ਵਾਸ ਐੱਮਐੱਸਐੱਮਈ (ਸੂਖਮ, ਲਘੂ ਅਤੇ ਦਰਮਿਆਨੇ ਉੱਦਮ) ਵਿੱਚ ਸਰਕਾਰ ਦੇ ਕੰਮ ਵਿੱਚ ਹਰ ਰੋਜ਼ ਦਿਖਾਈ ਦਿੰਦਾ ਹੈ। ਐੱਮ. ਐੱਸ. ਐੱਮ. ਈ. ਖੇਤਰ ਨੂੰ ਅਕਸਰ ਭਾਰਤੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਕਿਹਾ ਜਾਂਦਾ ਹੈ। ਪਰ ਜੇਕਰ ਡੂੰਘਾਈ ਨਾਲ ਦੇਖੀਏ ਤਾਂ ਇਸ ਦੇ ਦਿਲ ਵਿੱਚ ਮਹਿਲਾ ਉੱਦਮੀਆਂ ਦਾ ਮੂਕ ਬਲ ਵਸਦਾ ਹੈ। ਆਖਿਰਕਾਰ ਅੱਜ ਇਸ ਮੂਕ ਬਲ ਨੂੰ ਉਹ ਰਾਸ਼ਟਰੀ ਮਾਨਤਾ, ਸੰਸਥਾਗਤ ਸਮਰਥਨ ਅਤੇ ਨੀਤੀਗਤ ਗਤੀ ਮਿਲ ਰਹੀ ਹੈ ਜਿਸ ਦਾ ਉਹ ਹਮੇਸ਼ਾ ਤੋਂ ਹੱਕਦਾਰ ਹੈ।

**ਅੰਕੜੇ ਬਿਆਨ ਕਰਦੇ ਹਨ ਕਹਾਣੀ**

ਭਾਰਤ ਦੇ ਐੱਮ. ਐੱਸ. ਐੱਮ. ਈ. ਈਕੋਸਿਸਟਮ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਦਾ ਦਾਇਰਾ ਲਗਾਤਾਰ ਵਧ ਰਿਹਾ ਹੈ। 2026 ਦੀ ਸ਼ੁਰੂਆਤ ਤੱਕ, 'ਉਦਯਮ ਰਜਿਸਟ?ਰੇਸ਼ਨ ਪੋਰਟਲ ਅਤੇ ਉਦਯਮ ਅਸਿਸਟ ਪਲੈਟਫਾਰਮ' 'ਤੇ 3.11 ਕਰੋੜ ਤੋਂ ਵੱਧ ਮਹਿਲਾ-ਅਗਵਾਈ ਵਾਲੇ ਉਦਯਮ ਰਜਿਸਟਰਡ ਹੋਏ ਹਨ। ਅਸਲ ਵਿੱਚ, 'ਉਦਯਮ' ਅਤੇ 'ਉਦਯਮ ਅਸਿਸਟ' ਰਜਿਸਟ?ਰੇਸ਼ਨ ਮੁਤਾਬਕ, ਦੇਸ਼ ਦੇ ਕੁੱਲ ਰਜਿਸਟਰਡ ਐੱਮ. ਐੱਸ. ਐੱਮ. ਈਜ਼ ਵਿੱਚ ਮਹਿਲਾ-ਮਾਲਕੀ ਵਾਲੇ ਉੱਦਮਾਂ ਦੀ ਹਿੱਸੇਦਾਰੀ ਲਗਭਗ 40 ਫੀਸਦੀ ਹੈ ਅਤੇ ਇਹ ਰੁਜ਼ਗਾਰ ਸਿਰਜਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਮਹਿਲਾ ਉੱਦਮੀਆਂ ਲਈ ਸਭ ਤੋਂ ਪ੍ਰਭਾਵਸ਼ਾਲੀ ਸੁਧਾਰਾਂ ਵਿੱਚੋਂ ਇੱਕ 'ਉਦਯਮ' ਰਜਿਸਟ?ਰੇਸ਼ਨ ਪੋਰਟਲ ਰਾਹੀਂ ਰਜਿਸਟ?ਰੇਸ਼ਨ ਪ੍ਰਕਿਰਿਆ ਨੂੰ ਸਰਲ ਬਣਾਉਣਾ ਹੈ। ਪੂਰੀ ਤਰ੍ਹਾਂ ਨਾਲ ਔਨਲਾਈਨ, ਪੇਪਰਲੈੱਸ ਅਤੇ ਸੈਲਫ-ਡੈਕਲੇਰੇਸ਼ਨ 'ਤੇ ਅਧਾਰਿਤ ਇਸ ਵਿਵਸਥਾ ਨੇ ਉਸ ਨੌਕਰਸ਼ਾਹੀ ਰੁਕਾਵਟ ਨੂੰ ਖ਼ਤਮ ਕਰ ਦਿੱਤਾ, ਜੋ ਮਹਿਲਾਵਾਂ ਲਈ ਇੱਕ ਵੱਡੀ ਰੁਕਾਵਟ ਬਣੀ ਹੋਈ ਸੀ। ਜਨਵਰੀ 2023 ਵਿੱਚ ਸ਼ੁਰੂ ਕੀਤੇ ਗਏ 'ਉਦਯਮ ਅਸਿਸਟ ਪਲੈਟਫਾਰਮ' ਨੇ ਗੈਰ-ਰਵਾਇਤੀ ਖੇਤਰਾਂ ਵਿੱਚ ਕਾਰਜਸ਼ੀਲ ਉਨ੍ਹਾਂ ਮਹਿਲਾਵਾਂ ਤੱਕ ਪਹੁੰਚ ਬਣਾ ਕੇ ਇਸ ਦਿਸ਼ਾ ਵਿੱਚ ਇੱਕ ਹੋਰ ਵੱਡਾ ਕਦਮ ਚੁੱਕਿਆ, ਜਿਨ੍ਹਾਂ ਕੋਲ 'ਪੈਨ ਨੰਬਰ ਜਾਂ ਜੀਐੱਸਟੀਐੱਨ' ਨਹੀਂ ਸੀ। ਇਸ ਨੇ ਉਨ੍ਹਾਂ ਨੂੰ ਤਰਜੀਹੀ ਖੇਤਰ ਵਿੱਚ ਦਿੱਤੇ ਜਾਣ ਵਾਲੇ ਲੋਨ ਅਤੇ ਸਰਕਾਰੀ ਯੋਜਨਾਵਾਂ ਦੇ ਲਾਭਾਂ ਦੇ ਦਾਇਰੇ ਵਿੱਚ ਲਿਆਉਣ ਦਾ ਕੰਮ ਕੀਤਾ।

ਸਰਕਾਰ ਨੇ ਮਹਿਲਾਵਾਂ ਨੂੰ ਵਿਕਾਸ ਵਾਹਕ ਦੇ ਰੂਪ ਵਿੱਚ ਆਪਣੇ ਆਰਥਿਕ ਏਜੰਡੇ ਦੇ ਕੇਂਦਰ ਵਿੱਚ ਰੱਖਣ ਦਾ ਫੈਸਲਾ ਲਿਆ ਹੈ।

**ਆਰਥਿਕ ਸ਼ਕਤੀ ਵਜੋਂ 'ਨਾਰੀ ਸ਼ਕਤੀ'**

ਪ੍ਰਧਾਨ ਮੰਤਰੀ ਮੋਦੀ ਨੇ ਲਗਾਤਾਰ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਮਹਿਲਾਵਾਂ ਨੂੰ ਸਸ਼ਕਤ ਬਣਾਉਣਾ ਸਿਰਫ ਇੱਕ ਸਮਾਜਿਕ ਜ਼ਿੰਮੇਵਾਰੀ ਨਹੀਂ, ਸਗੋਂ ਇੱਕ ਰਾਸ਼ਟਰੀ ਰਣਨੀਤੀ ਹੈ। ਉਨ੍ਹਾਂ ਨੇ ਹੀ ਕਿਹਾ ਸੀ ਕਿ ਜਦੋਂ ਮਹਿਲਾਵਾਂ ਸਸ਼ਕਤ ਹੁੰਦੀਆਂ ਹਨ, ਤਾਂ ਪਰਿਵਾਰ ਸਸ਼ਕਤ ਹੁੰਦੇ ਹਨ ਅਤੇ ਜਦੋਂ ਪਰਿਵਾਰ ਸਸ਼ਕਤ ਹੁੰਦੇ ਹਨ, ਤਾਂ ਰਾਸ਼ਟਰ ਨਿਰੰਤਰ ਮਜ਼ਬੂਤ ਹੁੰਦਾ ਜਾਂਦਾ ਹੈ।

'ਨਾਰੀ ਸ਼ਕਤੀ ਵੰਦਨ ਅਧਿਨਿਯਮ' ਰਾਜਨੀਤਿਕ ਖੇਤਰ ਵਿੱਚ ਇਸ ਦਰਸ਼ਨ ਦਾ ਸਭ ਤੋਂ ਸਪਸ਼ਟ ਪ੍ਰਗਟਾਵਾ ਹੈ। ਪਰੰਤੂ ਆਰਥਿਕ ਖੇਤਰ ਵਿੱਚ, ਵਿਸ਼ੇਸ਼ ਤੌਰ 'ਤੇ ਐੱਮਐੱਸਐੱਮਈ ਖੇਤਰ ਵਿੱਚ ਮਹਿਲਾਵਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਇੱਕ ਵਿਆਪਕ ਅਤੇ ਬਹੁਆਯਾਮੀ ਨੀਤੀਗਤ ਢਾਂਚੇ ਵਜੋਂ ਸਾਹਮਣੇ ਆਈ ਹੈ, ਜੋ ਲੋਨ, ਕੌਸ਼ਲ, ਬਜ਼ਾਰ ਤੱਕ ਪਹੁੰਚ, ਪਛਾਣ ਅਤੇ ਗਰਿਮਾ ਜਿਹੇ ਪਹਿਲੂਆਂ ਨੂੰ ਸ਼ਾਮਲ ਕਰਦੀ ਹੈ।

ਮਹਿਲਾਵਾਂ ਲਈ ਤਿਆਰ ਕੀਤਾ ਗਿਆ ਇੱਕ ਨੀਤੀਗਤ ਢਾਂਚਾ

ਐੱਮਐੱਸਐੱਮਈ ਮੰਤਰਾਲੇ ਨੇ ਆਪਣੇ ਹਰ ਵੱਡੇ ਪ੍ਰੋਗਰਾਮ ਅਤੇ ਯੋਜਨਾ ਵਿੱਚ ਮਹਿਲਾਵਾਂ ਦੇ ਸਸ਼ਕਤੀਕਰਣ ਨੂੰ ਸੁਚਾਰੂ ਤੌਰ 'ਤੇ ਸ਼ਾਮਲ ਕੀਤਾ ਹੈ।

ਇਹ ਸਾਰੇ ਮਿਲ ਕੇ, ਸਪਲਾਈ ਪੱਖ 'ਤੇ ਅੱਠ ਮੁੱਖ ਸ਼?ਰੇਣੀਆਂ ਰਾਹੀਂ ਉੱਦਮੀਆਂ ਨੂੰ ਸਹਾਇਤਾ ਪ੍ਰਦਾਨ ਕਰਦੇ ਹਨ: ਤਕਨੀਕ ਤੱਕ ਪਹੁੰਚ, ਲੋਨ ਅਤੇ ਵਿੱਤ ਤੱਕ ਪਹੁੰਚ, ਡਿਜੀਟਲੀਕਰਣ ਨੂੰ ਹੁਲਾਰਾ, ਬੁਨਿਆਦੀ ਸਹਾਇਤਾ, ਰਸਮੀਕਰਣ ਅਤੇ ਸ਼ਮੂਲੀਅਤ, ਬਜ਼ਾਰ ਤੱਕ ਪਹੁੰਚ, ਅਤੇ ਉਦਯੋਗ-ਪੱਧਰੀ ਹੁਨਰ ਵਿਕਾਸ।

ਪਿਛਲੇ ਪੰਜ ਵਰ੍ਹ?ਆਂ ਵਿੱਚ, ਪ੍ਰਧਾਨ ਮੰਤਰੀ ਰੁਜ਼ਗਾਰ ਸਿਰਜਣ ਪ੍ਰੋਗਰਾਮ (ਪੀਐੱਮਈਜੀਪੀ) ਦੇ ਤਹਿਤ 3.2 ਲੱਖ ਤੋਂ ਵੱਧ ਮਹਿਲਾਵਾਂ ਦੀ ਮਾਲਕੀ ਵਾਲੇ ਉੱਦਮਾਂ ਨੂੰ ਸਹਾਇਤਾ ਦਿੱਤੀ ਗਈ ਹੈ। ਹਾਲ ਹੀ ਦੇ ਅੰਕੜਿਆਂ ਅਨੁਸਾਰ, ਪੀਐੱਮਈਜੀਪੀ ਦੇ ਕੁੱਲ ਲਾਭਪਾਤਰੀਆਂ ਵਿੱਚੋਂ 39% ਮਹਿਲਾਵਾਂ ਹਨ, ਜੋ ਇਸ ਯੋਜਨਾ ਦੀ ਰੂਪ-ਰੇਖਾ ਅਤੇ ਮਹਿਲਾਵਾਂ ਦੀ ਕੁਝ ਕਰਕੇ ਦਿਖਾਉਣ ਦੇ ਜਨੂੰਨ, ਦੋਨਾਂ ਨੂੰ ਦਰਸਾਉਂਦਾ ਹੈ।

ਸੂਖਮ ਅਤੇ ਲਘੂ ਉੱਦਮਾਂ ਲਈ ਕ੍ਰੈਡਿਟ ਗਰੰਟੀ ਫੰਡ ਟਰਸਟ ਮਹਿਲਾ ਕਰਜ਼ਦਾਰਾਂ ਨੂੰ 90 ਫੀਸਦੀ ਤੱਕ ਦਾ ਵਧਿਆ ਹੋਇਆ ਗਰੰਟੀ ਕਵਰ ਪ੍ਰਦਾਨ ਕਰਦਾ ਹੈ। ਇਸ ਨਾਲ ਬੈਂਕ ਬਿਨਾ ਕੁਝ ਗਿਰਵੀ ਰੱਖੇ ਮਹਿਲਾਵਾਂ ਨੂੰ ਲੋਨ ਦੇਣ ਲਈ ਤਿਆਰ ਹਨ।

ਇਸ ਤੋਂ ਇਲਾਵਾ, ਜਨਤਕ ਖਰੀਦ ਨੀਤੀ ਵਿੱਚ ਸੋਧ ਕਰਕੇ ਇਹ ਲਾਜ਼ਮੀ ਕੀਤਾ ਗਿਆ ਕਿ ਕੇਂਦਰੀ ਮੰਤਰਾਲਾ, ਵਿਭਾਗ ਅਤੇ ਜਨਤਕ ਖੇਤਰ ਦੇ ਉੱਦਮ ਆਪਣੀ ਸਲਾਨਾ ਖਰੀਦ ਦਾ ਘੱਟੋ-ਘੱਟ 3 ਫੀਸਦੀ ਹਿੱਸਾ ਮਹਿਲਾ-ਮਾਲਕੀ ਵਾਲੇ ਸੂਖਮ ਅਤੇ ਲਘੂ ਉੱਦਮਾਂ ਤੋਂ ਹੀ ਖਰੀਦਣ। ਇਸ ਨਾਲ ਮਹਿਲਾ ਉੱਦਮੀਆਂ ਲਈ ਇੱਕ ਯਕੀਨੀ ਅਤੇ ਅਨੁਮਾਨਿਤ ਬਜ਼ਾਰ ਤਿਆਰ ਹੁੰਦਾ ਹੈ, ਜਿਸ ਨਾਲ ਸਰਕਾਰੀ ਖਰਚ ਨੂੰ ਮਹਿਲਾਵਾਂ ਦੇ ਕਾਰੋਬਾਰ ਦੇ ਵਾਧੇ ਵਿੱਚ ਬਦਲਿਆ ਜਾ ਰਿਹਾ ਹੈ। ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਵਿੱਤੀ ਵਰ੍ਹੇ 2025-26 ਵਿੱਚ, ਕੇਂਦਰੀ ਮੰਤਰਾਲਿਆਂ/ਵਿਭਾਗਾਂ/ਕੇਂਦਰੀ ਜਨਤਕ ਖੇਤਰ ਦੇ ਉੱਦਮਾਂ ਦੁਆਰਾ ਕੀਤੀ ਗਈ ਕੁੱਲ ਖਰੀਦ ਦਾ 3.5 ਫੀਸਦੀ ਹਿੱਸਾ ਮਹਿਲਾ ਐੱਮਐੱਸਐੱਮਈਜ਼ ਤੋਂ ਹੀ ਖਰੀਦਿਆ ਗਿਆ ਸੀ।

'ਜ਼ੈੱਡਡੀਜ਼ੈੱਡਈ' (ਜ਼ੀਰੋ ਡਿਫੈਕਟ ਜ਼ੀਰੋ ਇਫੈਕਟ) ਸਰਟੀਫਿਕੇਸ਼ਨ ਸਕੀਮ ਅਧੀਨ, ਮਹਿਲਾ -ਮਾਲਕੀ ਵਾਲੇ ਐੱਮਐੱਸਐੱਮਈ ਨੂੰ ਸਰਟੀਫਿਕੇਸ਼ਨ ਫੀਸ 'ਤੇ ਸੌ ਫੀਸਦੀ ਸਬਸਿਡੀ ਮਿਲਦੀ ਹੈ। ਇਹ ਵਿਸਤ੍ਰਿਤ ਵੇਰਵੇ ਕਾਫੀ ਮਹੱਤਵਪੂਰਨ ਹਨ ਅਤੇ ਇਹ ਮੰਤਰਾਲੇ ਦੇ ਯਤਨਾਂ ਨੂੰ ਦਰਸਾਉਂਦੇ ਹਨ। ਮੰਤਰਾਲੇ ਨੇ ਇਸ ਬਾਰੇ ਡੂੰਘਾਈ ਨਾਲ ਵਿਚਾਰ ਕੀਤਾ ਹੈ ਕਿ ਮਹਿਲਾਵਾਂ ਨੂੰ ਕਿੱਥੇ-ਕਿੱਥੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਚੰਗੀ ਤਰ੍ਹਾਂ ਉਨ੍ਹਾਂ ਰੁਕਾਵਟਾਂ ਨੂੰ ਦੂਰ ਕਰਨ ਦੇ ਟੀਚੇ ਨਾਲ ਸਹਾਇਤਾ ਦਿੱਤੀ ਗਈ।

'ਮਹਿਲਾ ਕੌਇਰ ਸਕੀਮ' ਦੇ ਤਹਿਤ ਕੌਇਰ ਖੇਤਰ ਵਿੱਚ ਕੰਮ ਕਰਨ ਵਾਲੀਆਂ ਮਹਿਲਾ ਕਾਰੀਗਰਾਂ ਨੂੰ ਵਿਸ਼ੇਸ਼ ਕੌਸ਼ਲ ਵਿਕਾਸ ਅਤੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। 'ਐੱਮਐੱਸਐੱਮਈ-ਵਪਾਰ ਸਸ਼ਕਤੀਕਰਣ ਅਤੇ ਮਾਰਕੀਟਿੰਗ' ਦੇ ਤਹਿਤ ਮਹਿਲਾਵਾਂ ਨੂੰ ਮਾਰਕੀਟਿੰਗ ਲਈ ਮਦਦ ਕਰਨ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਦੇ ਤਹਿਤ 5 ਲੱਖ ਲਾਭਪਾਤਰੀਆਂ ਵਿੱਚੋਂ 50 ਫੀਸਦੀ ਮਹਿਲਾਵਾਂ ਨੂੰ ਸ਼ਾਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। 'ਯਸ਼ਸਵਿਨੀ ਅਭਿਆਨ' ਵਿੱਚ, ਐੱਮਐੱਸਐੱਮਈ ਯੋਜਨਾਵਾਂ ਅਤੇ ਰਜਿਸਟ?ਰੇਸ਼ਨ ਨਾਲ ਮਿਲਣ ਵਾਲੇ ਲਾਭਾਂ ਬਾਰੇ ਮਹਿਲਾਵਾਂ ਨੂੰ ਜਾਣਕਾਰੀ ਦੇਣ ਲਈ ਪੂਰੇ ਦੇਸ਼ ਵਿੱਚ ਵਿਸ਼ੇਸ਼ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ। ਖਾਸ ਕਰਕੇ ਮਹਿਲਾ ਉੱਦਮੀਆਂ ਲਈ ਆਯੋਜਿਤ 'ਐੱਮਐੱਸਐੱਮਈ ਆਈਡੀਆ ਹੈਕਾਥੌਨ' 3.0 ਦੇ ਤਹਿਤ 18,888 ਤੋਂ ਵੱਧ ਆਈਡੀਆ ਪ੍ਰਾਪਤ ਹੋਏ, ਜੋ ਕਿ ਸਪਸ਼ਟ ਤੌਰ 'ਤੇ ਇਹ ਦਰਸਾਉਂਦਾ ਹੈ ਕਿ ਮਹਿਲਾਵਾਂ ਵਿੱਚ ਰਚਨਾਤਮਕ ਅਤੇ ਉੱਦਮਸ਼ੀਲਤਾ ਦੀ ਊਰਜਾ ਦਾ ਭੰਡਾਰ ਮੌਜੂਦ ਹੈ, ਜੋ ਕਿ ਬਸ ਬਾਹਰ ਆਉਣ ਦੀ ਉਡੀਕ ਕਰ ਰਿਹਾ ਹੈ।

ਇਸ ਤੋਂ ਇਲਾਵਾ, ਮੰਤਰਾਲੇ ਕੋਲ ਇੱਕ ਸਮਰਪਿਤ ਮਹਿਲਾ ਉੱਦਮਤਾ ਸੈੱਲ ਹੈ, ਜੋ ਕਿ ਵਿਭਿੰਨ ਯੋਜਨਾਵਾਂ ਦਰਮਿਆਨ ਤਾਲਮੇਲ ਸਥਾਪਿਤ ਕਰਕੇ, ਮਹਿਲਾਵਾਂ ਲਈ ਪ੍ਰਾਪਤ ਨਤੀਜਿਆਂ ਦੀ ਨਿਗਰਾਨੀ ਅਤੇ ਮੁਲਾਂਕਣ ਕਰਕੇ, ਅਤੇ ਈਕੋਸਿਸਟਮ ਦੇ ਹਿਤਧਾਰਕਾਂ ਨਾਲ ਜੁੜ ਕੇ ਮਹਿਲਾ ਉੱਦਮਤਾ ਨੂੰ ਹੁਲਾਰਾ ਦੇਣ ਲਈ ਇੱਕ ਨੋਡਲ ਹੱਬ ਵਜੋਂ ਕੰਮ ਕਰਦਾ ਹੈ।

ਇਨ੍ਹਾਂ ਸਾਰੀਆਂ ਪਹਿਲਕਦਮੀਆਂ ਨੇ ਜੈਂਡਰ ਟਾਰਗੇਟਿੰਗ (ਜੈਂਡਰ ਟੀਚਾਕਰਣ) ਅਤੇ ਇਕਸਾਰਤਾ 'ਤੇ ਧਿਆਨ ਕੇਂਦ੍ਰਿਤ ਕੀਤਾ ਹੈ। ਇਹ ਕਦਮ ਯੋਜਨਾਵਾਂ ਦੇ ਅੰਦਰ ਸਿਰਫ਼ ਇੱਕ ਸਬਸਿਡੀ ਪ੍ਰਾਵਧਾਨ ਦੇ ਰੂਪ ਵਿੱਚ 'ਮਹਿਲਾਵਾਂ ਦੇ ਸਮਾਵੇਸ਼' ਤੋਂ ਅੱਗੇ ਵਧ ਕੇ, ਮਹਿਲਾ-ਅਨੁਕੂਲ ਉੱਦਮਤਾ ਸਹਾਇਤਾ ਲਈ ਇੱਕ ਵਧੇਰੇ ਸੂਝ-ਬੂਝ ਵਾਲੇ ਅਤੇ ਵਿਆਪਕ ਢਾਂਚੇ ਵੱਲ ਵਧਣ ਦੇ ਸਫ਼ਰ ਨੂੰ ਦਰਸਾਉਂਦੇ ਹਨ।

**ਹੁਨਰ, ਆਤਮ-ਵਿਸ਼ਵਾਸ, ਭਾਈਚਾਰਾ**

ਕ੍ਰੈਡਿਟ ਅਤੇ ਬਜ਼ਾਰਾਂ ਤੋਂ ਪਰੇ, ਸਰਕਾਰ ਨੇ ਇਹ ਮੰਨਿਆ ਹੈ ਕਿ ਉੱਦਮਤਾ ਹੁਨਰ ਅਤੇ ਆਤਮ-ਵਿਸ਼ਵਾਸ ਦਾ ਵੀ ਵਿਸ਼ਾ ਹੈ। ਵਿਸ਼ੇਸ਼ ਤੌਰ 'ਤੇ ਉੱਤਰ-ਪੂਰਬ ਵਿੱਚ, ਜਿੱਥੇ ਮਹਿਲਾਵਾਂ ਰਵਾਇਤੀ ਤੌਰ 'ਤੇ ਆਪਣੇ ਸਮਾਜ ਦੀ ਆਰਥਿਕ ਰੀੜ੍ਹ ਦੀ ਹੱਡੀ ਹਨ, ਟੀਚਾਬੱਧ ਉੱਦਮਤਾ ਵਿਕਾਸ ਪ੍ਰੋਗਰਾਮਾਂ ਨੇ ਇਹ ਯਕੀਨੀ ਬਣਾਇਆ ਹੈ ਕਿ ਟ?ਰੇਂਡ ਭਾਗੀਦਾਰਾਂ ਵਿੱਚ ਮਹਿਲਾਵਾਂ ਦੀ ਗਿਣਤੀ ਸਭ ਤੋਂ ਵੱਧ ਹੋਵੇ।

ਸਵੈ ਸਹਾਇਤਾ ਸਮੂਹਾਂ ਨੂੰ ਐੱਮਐੱਸਐੱਮਈ ਸਹਾਇਤਾ ਵਿਧੀਆਂ ਦੇ ਨਾਲ ਏਕੀਕ੍ਰਿਤ ਕੀਤਾ ਗਿਆ ਹੈ, ਜਿਸ ਨਾਲ ਮਹਿਲਾ ਉੱਦਮੀਆਂ ਦੇ ਅਜਿਹੇ ਭਾਈਚਾਰੇ ਬਣੇ ਹਨ ਜੋ ਇੱਕ-ਦੂਜੇ ਦਾ ਸਹਿਯੋਗ ਕਰਦੇ ਹਨ। ਉਹ ਨਾ ਸਿਰਫ਼ ਆਪਣਾ ਕਾਰੋਬਾਰ ਖੜ੍ਹਾ ਕਰਦੇ ਹਨ, ਸਗੋਂ ਆਪਸ ਵਿੱਚ ਜੁੜ ਕੇ ਇੱਕ ਮਜ਼ਬੂਤ ਨੈੱਟਵਰਕ ਵੀ ਤਿਆਰ ਕਰਦੇ ਹਨ।

ਇਹ ਇੱਕ ਅਜਿਹੀ ਸਰਕਾਰ ਹੈ ਜੋ ਨਿਰੰਤਰ ਤਰੱਕੀ ਵੱਲ ਅੱਗੇ ਵਧ ਰਹੀ ਹੈ। ਹਰੇਕ ਬਜਟ, ਹਰੇਕ ਯੋਜਨਾ ਅਤੇ ਹਰੇਕ ਪੋਰਟਲ ਦਾ ਸਰਲੀਕਰਣ ਉਸ ਵਿਸ਼ਾਲ ਇਮਾਰਤ ਦੀ ਇੱਕ ਇੱਟ ਦੇ ਸਮਾਨ ਹੈ, ਜਿਸ ਦੀ ਨੀਂਹ ਪ੍ਰਧਾਨ ਮੰਤਰੀ ਮੋਦੀ ਨੇ ਇੱਕ ਸਰਲ, ਪਰ ਕ੍ਰਾਂਤੀਕਾਰੀ ਵਿਚਾਰ ਦੇ ਨਾਲ ਰੱਖੀ ਸੀ-ਕਿ ਭਾਰਤ ਦੀਆਂ ਮਹਿਲਾਵਾਂ ਇੱਕ ਅਜਿਹੀ ਸ਼ਕਤੀ ਹਨ ਜਿਨ੍ਹਾਂ ਨੂੰ ਹੁਣ ਸੁਤੰਤਰ ਅਤੇ ਸਸ਼ਕਤ ਹੋਣ ਦਾ ਮੌਕਾ ਮਿਲਣਾ ਚਾਹੀਦਾ ਹੈ।

**ਹਰ ਉੱਦਮ ਵਿੱਚ 'ਨਾਰੀ ਸ਼ਕਤੀ' ਦੀ ਭਾਵਨਾ**

ਨਾਰੀ ਸ਼ਕਤੀ ਵੰਦਨ ਅਧਿਨਿਯਮ ਨੇ ਦੁਨੀਆ ਨੂੰ ਦੱਸਿਆ ਕਿ ਭਾਰਤ ਦੀਆਂ ਮਹਿਲਾਵਾਂ ਇੱਥੋਂ ਦੀ ਸੰਸਦ ਦਾ ਹਿੱਸਾ ਹਨ। ਇਸ ਸਰਕਾਰ ਦੀਆਂ ਐੱਮਐੱਸਐੱਮਈ ਨੀਤੀਆਂ ਦੁਨੀਆ ਨੂੰ ਇਹ ਦੱਸ ਰਹੀਆਂ ਹਨ ਕਿ ਭਾਰਤ ਦੀਆਂ ਮਹਿਲਾਵਾਂ ਦੇਸ਼ ਦੇ ਬਜ਼ਾਰਾਂ, ਕਾਰਖਾਨਿਆਂ, ਉਸ ਦੀਆਂ ਨਿਰਯਾਤ ਲੜੀਆਂ, ਉਸ ਦੇ ਨਵੀਨਤਾ ਕੇਂਦਰਾਂ ਅਤੇ ਉਸ ਦੇ ਬੋਰਡਰੂਮਾਂ ਦੀਆਂ ਵੀ ਹੱਕਦਾਰ ਹਨ। ਇਹ ਉਸੇ ਇੱਕ ਸੱਚਾਈ ਦੇ ਪ੍ਰਗਟਾਵੇ ਹਨ, ਜਿਸ ਨੂੰ ਪ੍ਰਧਾਨ ਮੰਤਰੀ ਮੋਦੀ ਨੇ 2047 ਤੱਕ 'ਵਿਕਸਿਤ ਭਾਰਤ' ਦੇ ਆਪਣੇ ਵਿਜ਼ਨ ਦਾ ਅਧਾਰ ਬਣਾਇਆ ਹੈ। ਇੱਕ ਵਿਕਸਿਤ ਭਾਰਤ ਉਹ ਭਾਰਤ ਹੈ, ਜਿੱਥੇ 3 ਕਰੋੜ ਤੋਂ ਵੀ ਜ਼ਿਆਦਾ ਮਹਿਲਾ ਉੱਦਮੀ (ਅਤੇ ਇਹ ਗਿਣਤੀ ਲਗਾਤਾਰ ਵਧ ਰਹੀ ਹੈ) ਵਿਕਾਸ ਦੀ ਅਸਲੀ ਤਾਕਤ ਹਨ। ਅਜੇ ਅਸੀਂ ਉਸ ਟੀਚੇ ਤੱਕ ਪੂਰੀ ਤਰ੍ਹਾਂ ਨਾਲ ਨਹੀਂ ਪਹੁੰਚੇ ਲੇਕਿਨ ਇਸ ਸਰਕਾਰ ਦੀ ਨਿਗਰਾਨੀ ਹੇਠ ਅਤੇ ਪ੍ਰਧਾਨ ਮੰਤਰੀ ਦੇ ਦ੍ਰਿੜ੍ਹ ਇਰਾਦੇ ਨਾਲ, ਨਿਸ਼ਚਿਤ ਤੌਰ 'ਤੇ ਅੱਗੇ ਵਧ ਰਹੇ ਹਾਂ।



**ਸ਼ੋਭਾ ਕਰੰਦਲਾਜੇ**
**(ਲੇਖਿਕਾ ਕੇਂਦਰੀ ਸੂਖਮ, ਲਘੂ ਅਤੇ ਦਰਮਿਆਨੇ ਉੱਦਮ ਅਤੇ ਕਿਰਤ ਅਤੇ ਰੁਜ਼ਗਾਰ ਮੰਤਰਾਲੇ ਵਿੱਚ ਰਾਜ ਮੰਤਰੀ ਹਨ।)**

# ਹਿਸਾਰ ਘਟਨਾ ਅਤੇ ਰਾਜਨੀਤੀ ਦਾ ਨਵਾਂ ਰੰਗਮੰਚ

ਹਿਸਾਰ ਦੀਆਂ ਸੜਕਾਂ 'ਤੇ ਜੋ ਕੁਝ ਵਾਪਰਿਆ ਉਹ ਸਿਰਫ਼ ਇੱਕ ਸਧਾਰਨ ਟਕਰਾਅ ਨਹੀਂ ਸੀ; ਇਹ ਸਾਡੇ ਸਮੇਂ ਦੀ ਰਾਜਨੀਤੀ ਦੀਆਂ ਗੁੰਝਲਾਂ ਦਾ ਸਪਸ਼ਟ ਪ੍ਰਤੀਬਿੰਬ ਸੀ, ਜਿੱਥੇ ਭਾਵਨਾਵਾਂ, ਸ਼ਕਤੀ, ਪੁਲਿਸ ਵਿਵਹਾਰ ਅਤੇ ਜਨਤਕ ਰਾਏ ਸਭ ਉਲਝੇ ਹੋਏ ਹਨ। ਸਾਬਕਾ ਉਪ ਮੁੱਖ ਮੰਤਰੀ ਅਤੇ ਇੱਕ ਪੁਲਿਸ ਇੰਸਪੈਕਟਰ ਵਿਚਕਾਰ ਵਿਵਾਦ ਹੁਣ ਸਿਰਫ਼ ਕਾਨੂੰਨ ਵਿਵਸਥਾ ਦਾ ਮਾਮਲਾ ਨਹੀਂ ਰਿਹਾ, ਸਗੋਂ ਇੱਕ ਵੱਡੀ ਰਾਜਨੀਤਿਕ ਬਹਿਸ ਵਿੱਚ ਬਦਲ ਗਿਆ ਹੈ। ਇਸ ਪੂਰੀ ਘਟਨਾ ਨੂੰ ਸੋਸ਼ਲ ਮੀਡੀਆ ਅਤੇ ਜਨਤਕ ਪਲੇਟਫਾਰਮਾਂ 'ਤੇ ਜਿਸ ਤਰ੍ਹਾਂ ਪੇਸ਼ ਕੀਤਾ ਜਾ ਰਿਹਾ ਹੈ, ਉਹ ਦਰਸਾਉਂਦਾ ਹੈ ਕਿ ਅੱਜ ਦੀ ਰਾਜਨੀਤੀ ਵਿੱਚ, ਘਟਨਾਵਾਂ ਖੁਦ ਉਨ੍ਹਾਂ ਦੀ ਪੇਸ਼ਕਾਰੀ ਜਿੰਨੀ ਮਹੱਤਵਪੂਰਨ ਨਹੀਂ ਹਨ। ਸਵਾਲ ਹੁਣ ਇਹ ਨਹੀਂ ਹੈ ਕਿ ਕੀ ਹੋਇਆ, ਸਗੋਂ ਇਹ ਹੈ ਕਿ ਕੀ ਦਿਖਾਇਆ ਜਾ ਰਿਹਾ ਹੈ ਅਤੇ ਕਿਹੜੀ ਭਾਵਨਾ ਪੈਦਾ ਕੀਤੀ ਜਾ ਰਹੀ ਹੈ।

ਅੱਜ ਦੇ ਸਮੇਂ ਵਿੱਚ, ਹਮਦਰਦੀ ਸਭ ਤੋਂ ਸ਼ਕਤੀਸ਼ਾਲੀ ਰਾਜਨੀਤਿਕ ਸੰਪਤੀ ਬਣ ਗਈ ਹੈ। ਭਾਵਨਾਵਾਂ ਦਾ ਅਕਸਰ ਚੋਣ ਗਣਿਤ ਵਿੱਚ ਅੰਕੜਿਆਂ ਨਾਲੋਂ ਵੱਡਾ ਪ੍ਰਭਾਵ ਹੁੰਦਾ ਹੈ। ਇਹੀ ਕਾਰਨ ਹੈ ਕਿ ਛੋਟੀਆਂ ਘਟਨਾਵਾਂ ਨੂੰ ਅਕਸਰ ਇੱਕ ਵੱਡੇ ਅਨਿਆਂ ਜਾਂ ਟਕਰਾਅ ਦਾ ਪ੍ਰਤੀਕ ਬਣਾਉਣ ਲਈ ਉਭਾਰਿਆ ਜਾਂਦਾ ਹੈ। ਹਿਸਾਰ ਵਿੱਚ ਇਹ ਘਟਨਾ ਇਸ ਦਿਸ਼ਾ ਵਿੱਚ ਵਧਦੀ ਜਾਪਦੀ ਹੈ, ਇੱਕ ਟਕਰਾਅ ਨੂੰ ÷ਪੀੜਤ ਬਨਾਮ ਸਿਸਟਮ÷ ਬਿਰਤਾਂਤ ਵਜੋਂ ਤਿਆਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਲੋਕ ਵੀਡੀਓ ਕਲਿੱਪਾਂ ਦੇ ਅਧਾਰ ਤੇ ਆਪਣੇ ਸਿੱਟੇ ਕੱਢ ਰਹੇ ਹਨ - ਕਈ ਵਾਰ ਇੰਸਪੈਕਟਰ ਦਾ ਵਿਵਹਾਰ ਹਮਲਾਵਰ ਦਿਖਾਈ ਦਿੰਦਾ ਹੈ, ਜਦੋਂ ਕਿ ਦੂਸਰੇ ਰਾਜਨੀਤਿਕ ਪਾਰਟੀਆਂ ਦੀ ਪ੍ਰਤੀਕ੍ਰਿਆ ਨੂੰ ਪਰੇਸ਼ਾਨ ਦੇਖਦੇ ਹਨ। ਪਰ ਇਹਨਾਂ ਖੰਡਿਤ ਤਸਵੀਰਾਂ ਦੇ ਅਧਾਰ ਤੇ ਪੂਰੀ ਸੱਚਾਈ ਦਾ ਮੁਲਾਂਕਣ ਕਰਨਾ ਨਾ ਸਿਰਫ ਮੁਸ਼ਕਲ ਹੈ ਬਲਕਿ ਖ਼ਤਰਨਾਕ ਵੀ ਹੈ, ਕਿਉਂਕਿ ਅਧੂਰੀ ਜਾਣਕਾਰੀ ਅਕਸਰ ਗਲਤ ਧਾਰਨਾਵਾਂ ਵੱਲ ਲੈ ਜਾਂਦੀ ਹੈ।

ਇਹ ਸਮਝਣਾ ਮਹੱਤਵਪੂਰਨ ਹੈ ਕਿ ਹਰ ਰਾਜਨੀਤਿਕ ਘਟਨਾ ਦਾ ਇੱਕ ÷ਘਟਨਾ ਤੋਂ ਬਾਅਦ ਦਾ ਜੀਵਨ÷ ਹੁੰਦਾ ਹੈ - ਯਾਨੀ ਕਿ ਘਟਨਾ ਤੋਂ ਬਾਅਦ ਇਸਦਾ ਸ਼ੋਸ਼ਣ ਕਿਵੇਂ ਕੀਤਾ ਜਾਂਦਾ ਹੈ। ਕਈ ਵਾਰ ਘਟਨਾਵਾਂ ਆਪਣੇ ਆਪ ਵਾਪਰਦੀਆਂ ਹਨ, ਪਰ ਉਨ੍ਹਾਂ ਤੋਂ ਬਾਅਦ ਜੋ ਬਿਰਤਾਂਤ ਰਚਿਆ ਜਾਂਦਾ ਹੈ ਉਹ ਪੂਰੀ ਤਰ੍ਹਾਂ ਰਣਨੀਤਕ ਹੁੰਦਾ ਹੈ। ਹਿਸਾਰ ਘਟਨਾ ਇਹੀ ਸਵਾਲ ਉਠਾਉਂਦੀ ਹੈ: ਕੀ ਇਹ ਸਿਰਫ਼ ਇੱਕ ਬੇਤਰਤੀਬ ਟਕਰਾਅ ਸੀ ਜਾਂ ਕਿਸੇ ਵੱਡੇ ਰਾਜਨੀਤਿਕ ਉਦੇਸ਼ ਲਈ ਸ਼ੋਸ਼ਣ ਕੀਤਾ ਜਾ ਰਿਹਾ ਹੈ। ਪਿਛਲੀਆਂ ਰਾਜਨੀਤਿਕ ਘਟਨਾਵਾਂ ਨੂੰ ਦੇਖਦੇ ਹੋਏ, ਇਹ ਸਪੱਸ਼ਟ ਹੈ ਕਿ ਸੱਤਾ ਗੁਆਉਣ ਤੋਂ ਬਾਅਦ ÷ਪੀੜਤ÷ ਦੀ ਛਵੀ ਪੈਦਾ ਕਰਨਾ ਨੇਤਾਵਾਂ ਲਈ ਇੱਕ ਆਮ ਰਣਨੀਤੀ ਬਣ ਗਈ ਹੈ। ਜਿਹੜੇ ਲੋਕ ਕੱਲ੍ਹ ਤੱਕ ਸੱਤਾ ਦੇ ਨਾਲ ਖੜ੍ਹੇ ਸਨ, ਹੁਣ ਜਨਤਕ ਹਮਦਰਦੀ ਹਾਸਲ ਕਰਨ ਦੀ ਕੋਸ਼ਿਸ਼ ਵਿੱਚ ਇਸਦੇ ਵਿਰੁੱਧ ਖੜ੍ਹੇ ਹਨ। ਇਹ ਕੋਈ ਨਵਾਂ ਰਾਜਨੀਤਿਕ ਫਾਰਮੂਲਾ ਨਹੀਂ ਹੈ, ਸਗੋਂ ਇੱਕ ਅਜ਼ਮਾਈ ਗਈ ਅਤੇ ਸੱਚੀ ਰਣਨੀਤੀ ਹੈ।

ਹਾਲਾਂਕਿ, ਇਸ ਪੂਰੀ ਬਹਿਸ ਵਿੱਚ ਪੁਲਿਸ ਦੀ ਭੂਮਿਕਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਜੇਕਰ ਵੀਡੀਓ ਵਿੱਚ ਦਰਸਾਇਆ ਗਿਆ ਵਿਵਹਾਰ ਸੱਚ ਹੈ, ਤਾਂ ਇਹ ਯਕੀਨੀ ਤੌਰ 'ਤੇ ਪੁਲਿਸ ਦੇ ਵਿਵਹਾਰ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੁਲਿਸ



ਦਾ ਕੰਮ ਕਾਨੂੰਨ ਨੂੰ ਲਾਗੂ ਕਰਨਾ ਹੈ, ਆਪਣੀ ਨਿੱਜੀ ਜਾਂ ਸੰਸਥਾਗਤ ਸ਼ਕਤੀ ਦਾ ਪ੍ਰਦਰਸ਼ਨ ਕਰਨਾ ਨਹੀਂ। ਜਦੋਂ ਪੁਲਿਸ ਦਾ ਵਿਵਹਾਰ ਹਮਲਾਵਰ ਜਾਂ ਪੱਖਪਾਤੀ ਦਿਖਾਈ ਦਿੰਦਾ ਹੈ, ਤਾਂ ਇਹ ਜਨਤਾ ਵਿੱਚ ਮੌਜੂਦਾ ਅਵਿਸ਼ਵਾਸ ਨੂੰ ਹੋਰ ਡੂੰਘਾ ਕਰਦਾ ਹੈ। ਹਾਲਾਂਕਿ, ਇਹ ਵੀ ਓਨਾ ਹੀ ਮਹੱਤਵਪੂਰਨ ਹੈ ਕਿ ਕਿਸੇ ਵੀ ਜਨਤਕ ਪ੍ਰਤੀਨਿਧੀ ਜਾਂ ਰਾਜਨੀਤਿਕ ਕਾਰਕੁਨ ਨੂੰ ਕਾਨੂੰਨ ਤੋਂ ਉੱਪਰ ਨਾ ਸਮਝਿਆ ਜਾਵੇ। ਕਿਸੇ ਨੇਤਾ ਜਾਂ ਉਨ੍ਹਾਂ ਦੇ ਸਮਰਥਕਾਂ ਦੁਆਰਾ ਕੀਤੇ ਗਏ ਅਣਉਚਿਤ ਵਿਵਹਾਰ ਨੂੰ ਵੀ ਬਰਾਬਰ ਗੰਭੀਰਤਾ ਨਾਲ ਦੇਖਿਆ ਜਾਣਾ ਚਾਹੀਦਾ ਹੈ।

ਇਹ ਉਹ ਥਾਂ ਹੈ ਜਿੱਥੇ ਸਾਰਾ ਮੁੱਦਾ 'ਰਾਜਨੇਤਾ ਬਨਾਮ ਇੰਸਪੈਕਟਰ' ਦੀਆਂ ਸੀਮਾਵਾਂ ਤੋਂ ਪਾਰ ਹੋ ਜਾਂਦਾ ਹੈ ਅਤੇ ÷ਸਿਸਟਮ ਬਨਾਮ ਸੱਚ÷ ਦੀ ਲੜਾਈ ਵਿੱਚ ਬਦਲ ਜਾਂਦਾ ਹੈ। ਇਸ ਲੜਾਈ ਵਿੱਚ ਸਭ ਤੋਂ ਵੱਡਾ ਖ਼ਤਰਾ ਇਹ ਹੈ ਕਿ ਸੱਚ ਕਿਤੇ ਗੁਆਚ ਜਾਂਦਾ ਹੈ ਅਤੇ ਭਾਵਨਾਵਾਂ ਹਾਵੀ ਹੋ ਜਾਂਦੀਆਂ ਹਨ। ਸੋਸ਼ਲ ਮੀਡੀਆ ਦੇ ਇਸ ਯੁੱਗ ਵਿੱਚ, ਹਰ ਕੋਈ ਆਪਣੇ ਆਪ ਨੂੰ ਇੱਕ ਵਿਸ਼ਲੇਸ਼ਕ ਸਮਝਦਾ ਹੈ, ਅਤੇ ਹਰ ਵੀਡੀਓ ਕਲਿੱਪ ÷ਸਬੂਤ÷ ਬਣ ਜਾਂਦੀ ਹੈ। ਪਰ ਇਹ ਭੁੱਲਣਾ ਆਸਾਨ ਹੈ ਕਿ ਹਰ ਵੀਡੀਓ ਦਾ ਇੱਕ ਸੰਦਰਭ, ਇੱਕ ਪਿਛੋਕੜ ਹੁੰਦਾ ਹੈ, ਜੋ ਅਕਸਰ ਕੈਮਰੇ 'ਤੇ ਕੈਦ ਨਹੀਂ ਹੁੰਦਾ। ਅੱਜ ਦਾ ਸਮਾਜ 'ਤੁਰੰਤ ਨਿਰਣੇ' ਵੱਲ ਵਧ ਰਿਹਾ ਹੈ, ਜਿੱਥੇ ਫੈਸਲੇ ਤੱਥਾਂ ਦੇ ਆਧਾਰ 'ਤੇ ਨਹੀਂ ਸਗੋਂ ਭਾਵਨਾਵਾਂ ਦੇ ਆਧਾਰ 'ਤੇ ਲਏ ਜਾਂਦੇ ਹਨ। ਲੋਕ ਪਹਿਲਾਂ ਹੀ ਪੁਲਿਸ ਪ੍ਰਤੀ ਇੱਕ ਖਾਸ ਗੁੱਸਾ ਰੱਖਦੇ ਹਨ, ਜੋ ਅਕਸਰ ਜਾਇਜ਼ ਹੁੰਦਾ ਹੈ। ਪਰ ਜੇਕਰ ਉਸ ਗੁੱਸੇ ਨੂੰ ਕਿਸੇ ਰਾਜਨੀਤਿਕ ਸ਼ਖਸੀਅਤ ਦਾ ਸਮਰਥਨ ਕਰਨ ਲਈ ਵਰਤਿਆ ਜਾਂਦਾ ਹੈ, ਤਾਂ ਇਹ ਹਮਦਰਦੀ ਵਿੱਚ ਬਦਲ ਜਾਂਦਾ ਹੈ। ਇਹ ਪਰਿਵਰਤਨ ਸੂਖਮ ਹੈ, ਪਰ ਇਸਦਾ ਪ੍ਰਭਾਵ ਡੂੰਘਾ ਹੈ। ਇਹੀ ਕਾਰਨ ਹੈ ਕਿ ਹਰ ਵਿਵਾਦ ਇੱਕ 'ਬਿਰਤਾਂਤ ਦੀ ਲੜਾਈ' ਵਿੱਚ ਬਦਲ ਜਾਂਦਾ ਹੈ, ਜਿੱਥੇ ਅਸਲ ਮੁੱਦਾ ਪਿੱਛੇ ਰਹਿ ਜਾਂਦਾ ਹੈ ਅਤੇ ਭਾਵਨਾਤਮਕ ਅਪੀਲਾਂ ਕੇਂਦਰ ਵਿੱਚ ਹੁੰਦੀਆਂ ਹਨ।

ਇਸ ਪੂਰੇ ਘਟਨਾਕ੍ਰਮ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਅੱਗੇ ਕੀ ਹੁੰਦਾ ਹੈ। ਸਰਕਾਰ ਅਤੇ ਪ੍ਰਸ਼ਾਸਨ ਦੀ ਪ੍ਰਤੀਕਿਰਿਆ ਇਹ ਨਿਰਧਾਰਤ ਕਰੇਗੀ ਕਿ ਅਸਲ ਵਿੱਚ ਕੇਸ ਕੀ ਸੀ। ਜੇਕਰ ਪੁਲਿਸ ਅਧਿਕਾਰੀ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ, ਤਾਂ ਇਹ ਸ਼ੱਕ ਨੂੰ ਮਜ਼ਬੂਤ ??ਕਰੇਗਾ ਕਿ ਕੁਝ ਦਬਾਇਆ ਜਾ ਰਿਹਾ ਹੈ। ਅਤੇ ਜੇਕਰ ਕਾਰਵਾਈ ਕੀਤੀ ਜਾਂਦੀ ਹੈ, ਤਾਂ ਇਹ ਦੇਖਣਾ ਬਾਕੀ ਹੈ ਕਿ ਕੀ ਇਹ ਅਸਲ ਜਵਾਬਦੇਹੀ ਨੂੰ ਦਰਸਾਉਂਦਾ ਹੈ ਜਾਂ ਸਿਰਫ਼ ਬੁੱਲ੍ਹਾਂ ਦੀ ਸੇਵਾ। ਸਾਡੇ ਦੇਸ਼ ਵਿੱਚ ਜਾਂਚ ਕਮੇਟੀਆਂ ਅਤੇ ਪ੍ਰਸ਼ਾਸਨਿਕ ਕਾਰਵਾਈ ਦੇ ਇਤਿਹਾਸ ਨੇ ਅਕਸਰ ਲੋਕਾਂ ਦਾ ਵਿਸ਼ਵਾਸ ਘਟਾ ਦਿੱਤਾ ਹੈ। ਅਕਸਰ, ਜਾਂਚ ਸਿਰਫ਼ ਸਮਾਂ ਖਰੀਦਣ ਦੇ ਉਪਾਅ ਬਣ ਜਾਂਦੀ ਹੈ, ਅਤੇ ਅੰਤ ਵਿੱਚ, ਕੇਸ ਨੂੰ ਰੋਕ ਦਿੱਤਾ ਜਾਂਦਾ ਹੈ।

ਇਸ ਲਈ, ਇਸ ਘਟਨਾ ਨੂੰ ਸਿਰਫ਼ ਇੱਕ ਨਿੱਜੀ ਝਗੜੇ ਵਜੋਂ ਦੇਖਣਾ ਕਾਫ਼ੀ ਨਹੀਂ ਹੈ। ਇਹ ਇੱਕ ਵਿਸ਼ਾਲ ਰਾਜਨੀਤਿਕ ਅਤੇ ਸਮਾਜਿਕ ਸੰਦਰਭ ਦਾ ਹਿੱਸਾ ਹੈ, ਜਿੱਥੇ ਹਰ ਘਟਨਾ ਨੂੰ ਇੱਕ ਮੌਕੇ ਵਜੋਂ ਦੇਖਿਆ ਜਾਂਦਾ ਹੈ - ਜਾਂ ਤਾਂ ਆਪਣੀ ਸਥਿਤੀ ਨੂੰ ਮਜ਼ਬੂਤ ??ਕਰਨ ਲਈ ਜਾਂ ਵਿਰੋਧੀ ਨੂੰ ਕਮਜ਼ੋਰ ਕਰਨ ਲਈ। ਇਸ ਲਈ, ਜਨਤਾ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ ਕਿ ਉਹ ਇਸ ਪੂਰੀ ਘਟਨਾ ਨੂੰ ਸਮਝ ਨਾਲ ਦੇਖਣ ਅਤੇ ਕਿਸੇ ਵੀ ਸਿੱਟੇ 'ਤੇ ਪਹੁੰਚਣ ਤੋਂ ਪਹਿਲਾਂ ਸਾਰੇ ਪਹਿਲੂਆਂ 'ਤੇ ਵਿਚਾਰ ਕਰਨ।

ਅੱਜ, ਸਾਨੂੰ ਨਾ ਤਾਂ ਅੰਨ੍ਹੇ ਸਮਰਥਨ ਦੀ ਲੋੜ ਹੈ ਅਤੇ ਨਾ ਹੀ ਅੰਨ੍ਹੇ ਵਿਰੋਧ ਦੀ। ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਲੋਕਤੰਤਰ ਵਿੱਚ ਸਭ ਤੋਂ ਵੱਡੀ ਤਾਕਤ ਜਨਤਕ ਜਾਗਰੂਕਤਾ ਹੈ। ਜੇਕਰ ਅਸੀਂ ਹਰ ਘਟਨਾ ਨੂੰ ÷ਹੀਰੋ ਬਨਾਮ ਖਲਨਾਇਕ÷ ਦੇ ਲੈਂਸ ਰਾਹੀਂ ਅੰਨ੍ਹੇਵਾਹ ਦੇਖਦੇ ਹਾਂ, ਤਾਂ ਅਸੀਂ ਖੁਦ ਰਾਜਨੀਤੀ ਦੁਆਰਾ ਆਪਣੇ ਫਾਇਦੇ ਲਈ ਖੇਡੀ ਜਾਣ ਵਾਲੀ ਖੇਡ ਦਾ ਹਿੱਸਾ ਬਣ ਜਾਂਦੇ ਹਾਂ।ਹਿਸਾਰ ਦੀ ਇਹ ਘਟਨਾ ਇੱਕ ਚੇਤਾਵਨੀ ਅਤੇ ਮੌਕਾ ਦੋਵੇਂ ਹੈ - ਇੱਕ ਚੇਤਾਵਨੀ ਕਿ ਸਾਨੂੰ ਭਾਵਨਾਵਾਂ ਵਿੱਚ ਵਹਿ ਕੇ ਸੱਚਾਈ ਤੋਂ ਦੂਰ ਨਹੀਂ ਜਾਣਾ ਚਾਹੀਦਾ, ਅਤੇ ਅਜਿਹੀਆਂ ਘਟਨਾਵਾਂ ਦਾ ਸਹੀ ਮੁਲਾਂਕਣ ਕਰਨ ਲਈ ਆਪਣੀ ਸਮਝ ਅਤੇ ਵਿਵੇਕ ਦੀ ਵਰਤੋਂ ਕਰਨ ਦਾ ਮੌਕਾ ਹੈ।

ਅੰਤ ਵਿੱਚ, ਇਹ ਯਾਦ ਰੱਖਣਾ ਮਹੱਤਵਪੂਰਨ ਹੈ ਕਿ ਲੋਕਤੰਤਰ ਵਿੱਚ ਸਭ ਤੋਂ ਖਤਰਨਾਕ ਚੀਜ਼ ਸਿਰਫ਼ ਝੂਠ ਨਹੀਂ ਹੈ, ਸਗੋਂ ਉਹ ਚੁੱਪੀ ਹੈ ਜੋ ਬਿਨਾਂ ਕਿਸੇ ਸਵਾਲ ਦੇ ਉਨ੍ਹਾਂ ਨੂੰ ਸਵੀਕਾਰ ਕਰਦੀ ਹੈ। ਜੇਕਰ ਅਸੀਂ ਸੱਚਮੁੱਚ ਇੱਕ ਚੌਕਸ ਸਮਾਜ ਬਣਨਾ ਚਾਹੁੰਦੇ ਹਾਂ, ਤਾਂ ਸਾਨੂੰ ਹਰ ਘਟਨਾ 'ਤੇ ਸਵਾਲ ਉਠਾਉਣੇ ਚਾਹੀਦੇ ਹਨ, ਹਰ ਬਿਰਤਾਂਤ ਦੀ ਜਾਂਚ ਕਰਨੀ ਚਾਹੀਦੀ ਹੈ, ਅਤੇ - ਸਭ ਤੋਂ ਮਹੱਤਵਪੂਰਨ - ਸੱਚ ਦੀ ਖੋਜ ਵਿੱਚ ਧੀਰਜ ਰੱਖਣਾ ਚਾਹੀਦਾ ਹੈ। ਕਿਉਂਕਿ ਸੱਚ ਅਕਸਰ ਸ਼ੋਰ ਵਿੱਚ ਨਹੀਂ, ਸਗੋਂ ਸ਼ਾਂਤ ਅਤੇ ਨਿਰਪੱਖ ਜਾਂਚ ਵਿੱਚ ਉੱਭਰਦਾ ਹੈ।

**ਡਾ. ਸਤਿਆਵਾਨ ਸੌਰਭ**
**ਮੋਬਾਈਲ : 94665-26148**

# ਬਾਲ ਕਹਾਣੀ : ਖ਼ੁਸ਼ੀਆਂ ਮੁੜ ਆਈਆਂ

ਸਿੰਮੀ ਤਲਵੰਡੀ ਸਾਬੋ ਦੇ ਇੱਕ ਅੰਗਰੇਜ਼ੀ ਮੀਡੀਅਮ ਸਕੂਲ ਵਿੱਚ ਚੌਥੀ ਜਮਾਤ ਵਿੱਚ ਪੜ੍ਹਦੀ ਸੀ। ਉਹਦੇ ਪੇਪਰ ਹੋ ਚੁੱਕੇ ਸਨ ਤੇ ਉਹ ਅਕਸਰ ਸਕੂਲ ਦੀਆਂ ਛੁੱਟੀਆਂ ਵਿੱਚ ਆਪਣੇ ਮਾਤਾ ਪਿਤਾ ਨਾਲ, ਜੋ ਵੱਖ ਵੱਖ ਪ੍ਰਾਈਵੇਟ ਸੰਸਥਾਵਾਂ ਵਿੱਚ ਨੌਕਰੀ ਕਰਦੇ ਸਨ, ਆਪਣੇ ਦਾਦਕੇ (ਪਟਿਆਲੇ) ਚਲੀ ਜਾਇਆ ਕਰਦੀ ਸੀ। ਸਿੰਮੀ ਦਾ ਜਨਮ ਵੀ ਪਟਿਆਲੇ ਹੋਇਆ ਸੀ ਤੇ ਉਹ ਚਾਹੁੰਦੀ ਸੀ ਕਿ ਉਹਦੇ ਮੰਮੀ ਪਾਪਾ ਵੀ ਪਟਿਆਲੇ ਵਰਗੇ ਵੱਡੇ ਸ਼ਹਿਰ ਵਿੱਚ ਹੀ ਨੌਕਰੀ ਕਰਨ, ਜਿੱਥੇ ਬਹੁਤ ਤਰ੍ਹਾਂ ਦੀਆਂ ਸਹੂਲਤਾਂ ਸਨ - ਵੱਡੇ ਵੱਡੇ ਸ਼ਾਪਿੰਗ ਮਾਲਜ਼, ਸੋਹਣੇ ਸੋਹਣੇ ਏਸੀ ਸਕੂਲ, ਸੋਹਣੀਆਂ ਸੋਹਣੀਆਂ ਵਰਦੀਆਂ ਪਹਿਨੀ ਬੱਚੇ, ਸਕੂਲਾਂ ਦੀਆਂ ਵਧੀਆ ਵੈਨਾਂ, ਖੁੱਲ੍ਹੇ ਡੁੱਲ੍ਹੇ ਪਾਰਕ, ਚੰਗੀਆਂ ਸੜਕਾਂ...। ਮੰਮੀ ਅਕਸਰ ਉਹਨੂੰ ਸਮਝਾਉਂਦੇ, 'ਬੇਟਾ, ਨੌਕਰੀ ਆਪਣੀ ਮਰਜ਼ੀ ਦੀ ਥਾਂ ਤੇ ਨਹੀਂ ਕੀਤੀ ਜਾਂਦੀ, ਜਿੱਥੇ ਮਿਲੇ ਉੱਥੇ ਕਰਨੀ ਪੈਂਦੀ ਹੈ...ਨਾਲੇ ਅਸੀਂ ਪ੍ਰਾਈਵੇਟ ਸੰਸਥਾਵਾਂ ਵਿੱਚ ਸਰਵਿਸ ਕਰਦੇ ਹਾਂ, ਇੱਥੋਂ ਟਰਾਂਸਫਰ ਵੀ ਨਹੀਂ ਹੋ ਸਕਦੀ। ਹਾਂ, ਰਿਟਾਇਰਮੈਂਟ ਪਿੱਛੋਂ ਪਟਿਆਲੇ ਚਲੇ ਚੱਲਾਂਗੇ...।' ਸਿੰਮੀ ਨੂੰ ਮਾਪਿਆਂ ਦੀ ਇਹ ਦਲੀਲ ਠੀਕ ਨਾ ਲੱਗਦੀ ਤੇ ਉਹ ਅੱਗੋਂ ਕਹਿੰਦੀ, 'ਅਮਨ ਦੇ ਪਾਪਾ ਬਠਿੰਡਾ ਕਿਵੇਂ ਨੌਕਰੀ ਕਰਦੇ ਨੇ ਫ਼ੇਰ..., ਖ਼ੁਸ਼ੀ ਦੇ ਮੰਮੀ ਡੈਡੀ ਭਾਵੇਂ ਨੌਕਰੀ ਤਲਵੰਡੀ ਸਾਬੋ ਕਰਦੇ ਨੇ, ਪਰ ਰਹਿੰਦੇ ਤਾਂ ਸਾਰੇ ਬਠਿੰਡੇ ਹੀ ਨੇ ਤੇ ਉਨ੍ਹਾਂ ਦੇ ਬੱਚੇ ਵੀ ਬਠਿੰਡਾ ਸ਼ਹਿਰ ਦੇ ਚੰਗੇ ਸਕੂਲਾਂ ਵਿੱਚ ਪੜ੍ਹਦੇ ਨੇ... ਚਲੋ, ਜੇ ਆਪਾਂ ਪਟਿਆਲੇ ਨਹੀਂ ਜਾ ਸਕਦੇ ਤਾਂ ਘੱਟੋ ਘੱਟ ਬਠਿੰਡੇ ਹੀ ਰਹਿਣ ਲੱਗ ਪਈਏ...।' ਸਿੰਮੀ ਆਪਣੇ ਮਾਪਿਆਂ ਦੀ ਇਕਲੌਤੀ ਬੇਟੀ ਸੀ। ਮੰਮੀ ਪਾਪਾ ਸਿੰਮੀ ਨੂੰ ਖ਼ੁਸ਼ ਵੇਖਣਾ ਚਾਹੁੰਦੇ ਸਨ, ਪਰ ਵੱਡੇ ਸ਼ਹਿਰਾਂ ਦੀਆਂ ਵੱਡੀਆਂ ਮੁਸ਼ਕਿਲਾਂ। ਬਠਿੰਡਾ ਤੋਂ ਤਲਵੰਡੀ ਸਾਬੋ ਨੌਕਰੀ ਕਰਨ ਆਉਣਾ, ਫਿਰ ਬੇਟੀ ਦੇ ਸਕੂਲੋਂ ਮੁੜਨ ਤੇ ਉਹਨੂੰ ਘਰੇ ਕੌਣ ਸੰਭਾਲੇਗਾ, ਘਰੇ ਕੀਹਨੂੰ ਰੱਖਿਆ ਜਾਵੇ...ਆਦਿ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਬਾਰੇ ਉਹ ਰਾਤ ਨੂੰ ਸਿੰਮੀ ਦੇ ਸੌਣ ਪਿੱਛੋਂ ਅਕਸਰ ਚਰਚਾ ਕਰਿਆ ਕਰਦੇ। ਪਰ ਗੱਲ ਕਿਸੇ ਸਿਰੇ ਨਾ ਲੱਗੀ ਤੇ ਉਨ੍ਹਾਂ ਨੂੰ ਮਜਬੂਰੀ ਵੱਸ ਤਲਵੰਡੀ ਸਾਬੋ ਹੀ ਰਿਹਾਇਸ਼ ਰੱਖਣੀ ਪਈ। ਐਤਕੀ ਅਪਰੈਲ ਦੀਆਂ ਛੁੱਟੀਆਂ ਵਿੱਚ ਸਿੰਮੀ ਦੀ ਮਾਸੀ ਨੇ ਬੱਚਿਆਂ ਸਮੇਤ ਤਲਵੰਡੀ ਸਾਬੋ ਆਉਣ ਦਾ ਪ੍ਰੋਗਰਾਮ ਬਣਾ ਲਿਆ ਤਾਂ ਸਿੰਮੀ ਇਕਦਮ ਉਦਾਸ ਹੋ ਗਈ ਕਿ ਹੁਣ ਉਹਦਾ ਪਟਿਆਲੇ ਜਾਣ ਦਾ ਪ੍ਰੋਗਰਾਮ ਕੈਂਸਲ ਹੋ ਜਾਵੇਗਾ। ਮੰਮੀ ਪਾਪਾ ਨੇ ਕਿਵੇਂ ਨਾ ਕਿਵੇਂ ਕੁਝ ਦਿਨਾਂ ਲਈ, ਜਦੋਂ ਤੱਕ ਵਿਸਾਖੀ ਦਾ ਤਿਉਹਾਰ ਸੀ, ਸਿੰਮੀ ਨੂੰ ਤਲਵੰਡੀ ਸਾਬੋ ਰਹਿਣ ਲਈ ਮਨਾ ਲਿਆ, 'ਬੇਟੇ, ਐਤਕੀ ਤੂੰ ਤੇ ਜੋਤੀ ਵਿਸਾਖੀ ਦਾ ਮੇਲਾ ਵੇਖ ਕੇ ਆਇਓ...ਏਥੇ ਦੂਰੋਂ ਦੂਰੋਂ ਲੋਕੀਂ ਮੇਲਾ ਵੇਖਣ ਆਉਂਦੇ ਨੇ...ਉੱਥੇ ਬਹੁਤ ਸਾਰੇ ਝੂਲੇ, ਚੰਡੋਲਾਂ ਤੇ ਦੁਕਾਨਾਂ ਹੋਣਗੀਆਂ, ਜਲੇਬੀਆਂ ਪਕੌੜੇ ਖਾ ਲਿਓ ਦੋਵੇਂ ਭੈਣਾਂ...' ਪਾਪਾ ਨੇ ਮਨਾਉਣ ਲਈ ਬਹੁਤ ਸਾਰੀਆਂ ਦਲੀਲਾਂ ਦਿੱਤੀਆਂ। ਸਿੰਮੀ ਨੇ 'ਊਂ.. ਆਂ..' ਕਰਦਿਆਂ ਗੱਲ ਮੰਨ ਲਈ ਪਰ ਆਪਣੀਆਂ ਕਈ ਹੋਰ ਸ਼ਰਤਾਂ ਰੱਖ ਦਿੱਤੀਆਂ, 'ਮੈਂ ਵੀ ਐਤਕੀ ਪਟਿਆਲੇ ਤੋਂ ਓਵਰ ਕੋਟ ਲੈ ਕੇ ਆਊਂ, ਪ੍ਰੀਤੀ ਸਕੂਲ ਪਾ ਕੇ ਆਉਂਦੀ ਹੈ, ਮੈਂ ਵੀ ਏਸ ਸਾਲ ਉਹਨੂੰ ਵਿਖਾਉਣਾ ਹੈ ਕਿ ਮੇਰੇ ਕੋਲ ਵੀ ਹੈ...ਨਾਲੇ ਫ਼ੈਬ ਇੰਡੀਆ ਤੋਂ ਕਾਟਨ ਦੀਆਂ ਦੋ ਡਰੈੱਸਿਜ਼...।' ਜੋਤੀ, ਸਿੰਮੀ ਦੀ ਹਮਉਮਰ ਸੀ ਤੇ ਇਸ ਲਈ ਵੀ ਉਹਨੇ ਤਲਵੰਡੀ ਸਾਬੋ ਰਹਿਣ ਦੀ ਗੱਲ ਮੰਨ ਲਈ ਕਿ ਜੇ ਹੋਰ ਨਹੀਂ ਤਾਂ ਜੋਤੀ ਨਾਲ ਕੈਰਮ, ਬੈਡਮਿੰਟਨ ਹੀ ਖੇਡ ਲਵੇਗੀ...। ਵਿਸਾਖੀ ਤੋਂ 4-5 ਦਿਨ ਪਹਿਲਾਂ ਜੋਤੀ, ਉਹਦੀ ਮੰਮੀ ਤੇ ਭਰਾ ਵਿੱਕੀ ਤਲਵੰਡੀ ਸਾਬੋ ਆ ਗਏ। ਸਿੰਮੀ ਦੇ ਮੰਮੀ ਪਾਪਾ ਨੇ ਸਾਰਿਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਮਹਿਮਾਨਾਂ ਲਈ ਪਹਿਲਾਂ ਹੀ ਬਜ਼ਾਰੋਂ ਸਮੋਸੇ, ਮਿਠਾਈ, ਨਮਕੀਨ, ਕੋਲਡ ਡਰਿੰਕ ਤੇ ਆਈਸ ਕਰੀਮ ਵਗੈਰਾ ਚੀਜ਼ਾਂ ਲਿਆ ਕੇ ਰੱਖੀਆਂ ਹੋਈਆਂ ਸਨ। ਬੱਚਿਆਂ ਨੇ ਸਿਰਫ਼ ਕੋਲਡ ਡਰਿੰਕ ਤੇ ਆਈਸ ਕਰੀਮ ਹੀ ਲਈ। ਜੋਤੀ ਤੇ ਵਿੱਕੀ ਆਪਣੇ ਮੰਮੀ ਨੂੰ ਕਾਹਲੇ ਪੈ ਕੇ ਕਹਿਣ ਲੱਗੇ ਕਿ ਸਾਨੂੰ ਮੇਲਾ ਵਿਖਾ ਕੇ ਲਿਆਓ...। ਸਿੰਮੀ ਲਈ ਇਹ ਬੜੀ ਹੈਰਾਨੀ ਵਾਲੀ ਗੱਲ ਸੀ ਕਿਉਂਕਿ ਉਹ ਤਾਂ ਮੇਲਿਆਂ ਦੀ ਭੀੜ 'ਚ ਜਾਣੋਂ ਹਮੇਸ਼ਾ ਬਚਦੀ ਹੁੰਦੀ ਸੀ, ÷ਕਿੰਨੇ ਗੰਦੇ ਲੋਕ ਨੇ ਐਵੇਂ ਭੀੜ ਕਰ ਰੱਖੀ ਹੈ ਇਨ੍ਹਾਂ ਨੇ, ਪਤਾ ਨਹੀਂ ਕੀ ਗੰਦ-ਮੰਦ ਨਿੱਕੀਆਂ-ਨਿੱਕੀਆਂ ਦੁਕਾਨਾਂ ਤੋਂ ਲੈ ਕੇ ਖਾ ਰਹੇ ਨੇ...' ਹੁਣ ਜਦੋਂ ਜੋਤੀ ਤੇ ਵਿੱਕੀ ਮੇਲੇ ਤੇ ਜਾਣ ਦੀ ਜ਼ਿਦ ਕਰਨ ਲੱਗੇ ਤਾਂ ਮੰਮੀ ਪਾਪਾ ਨੇ ਸਿੰਮੀ ਨੂੰ ਨਾਲ ਚੱਲਣ ਲਈ ਤਿਆਰ ਹੋਣ ਨੂੰ ਕਿਹਾ। ਸਿੰਮੀ ਅਣਮੰਨੇ ਜਿਹੇ ਮਨ ਨਾਲ ਤਿਆਰ ਹੋਈ ਤੇ ਸਾਰੇ ਜਣੇ ਪੈਦਲ ਹੀ ਮੇਲੇ ਲਈ ਚੱਲ ਪਏ, ਜੋ ਉਨ੍ਹਾਂ ਦੇ ਘਰ ਤੋਂ ਸਿਰਫ਼ ਪੰਦਰਾਂ ਮਿੰਟ ਦੀ ਦੂਰੀ ਤੇ ਸੀ। ਜੋਤੀ ਤੇ ਵਿੱਕੀ ਨੇ ਦੂਰੋਂ ਹੀ ਝੂਲੇ, ਚੰਡੋਲਾਂ ਨੂੰ ਵੇਖ ਕੇ ਕਿਲਕਾਰੀਆਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ। ਦੋਵੇਂ ਛੇਤੀ ਤੋਂ ਛੇਤੀ ਝੂਟੇ ਲੈਣ ਲਈ ਕਾਹਲੇ ਸਨ। ਸਿੰਮੀ ਦੇ ਪਾਪਾ ਨੇ ਤਿੰਨਾਂ ਲਈ ਤਿੰਨ ਟਿਕਟਾਂ ਖਰੀਦੀਆਂ। ਸਿੰਮੀ ਦੋਹਾਂ ਦੇ ਵਿਚਾਲੇ ਬਹਿ ਗਈ। ਸਿੰਮੀ ਪਹਿਲੀ ਵਾਰ ਚੰਡੋਲ ਤੇ ਬੈਠੀ ਸੀ। ਉਹਨੂੰ ਬੜਾ ਮਜ਼ਾ ਆਇਆ। ਝੂਲੇ ਤੋਂ ਵਿਹਲੇ ਹੋ ਕੇ ਬੱਚਿਆਂ ਨੇ ਨਿੱਕੀਆਂ ਨਿੱਕੀਆਂ ਚੀਜ਼ਾਂ ਖਰੀਦੀਆਂ। ਫਿਰ ਉਹ ਇੱਕ ਪਕੌੜਿਆਂ ਵਾਲੀ ਦੁਕਾਨ ਤੋਂ ਪਕੌੜੇ ਖਾਣ ਲੱਗੇ। ਜੋਤੀ ਤੇ ਵਿੱਕੀ ਨਾਲ ਹੁਣ ਸਿੰਮੀ ਵੀ ਮੇਲੇ ਦਾ ਅਨੰਦ ਮਾਣ ਰਹੀ ਸੀ। ਅਸਲ ਗੱਲ ਇਹ ਸੀ ਕਿ ਉਹ ਆਪਣੇ ਮਾਪਿਆਂ ਦੀ ਇਕਲੌਤੀ ਸੰਤਾਨ ਸੀ ਤੇ ਉਹਦੀ ਏਥੇ ਕੋਈ ਗੂੜ੍ਹੀ ਸਹੇਲੀ ਨਹੀਂ ਸੀ। ਹੁਣ ਸਾਰਿਆਂ ਨੇ ਗੁਰਦੁਆਰੇ ਜਾ ਕੇ ਮੱਥਾ ਟੇਕਣ ਜਾਣਾ ਸੀ। ਪਾਪਾ ਨੇ ਸਾਰਿਆਂ ਨੂੰ ਹਦਾਇਤ ਦਿੱਤੀ ਕਿ ਓਥੇ ਭੀੜ ਹੋਵੇਗੀ, ਇੱਕ ਦੂਜੇ ਦਾ ਹੱਥ ਫੜ ਕੇ ਰੱਖਣਾ ਕਿਤੇ ਗੁਆਚ ਨਾ ਜਾਇਓ। ਪਾਪਾ ਨੇ ਚੱਲਦੇ ਚੱਲਦੇ ਇੱਥੋਂ ਦਾ ਸੰਖੇਪ ਇਤਿਹਾਸ ਦੱਸਿਆ, ÷ਦਸ਼ਮੇਸ਼ ਪਿਤਾ ਨੇ ਜੰਗਾਂ ਯੁੱਧਾਂ ਤੋਂ ਵਿਹਲੇ ਹੋ ਕੇ ਏਥੇ ਆ ਕੇ ਦਮ ਲਿਆ, ਇਸੇਲਈ ਇਸ ਥਾਂ ਨੂੰ ਦਮਦਮਾ ਸਾਹਿਬ ਕਿਹਾ ਜਾਂਦਾ ਹੈ; ਦਸ਼ਮੇਸ਼ ਗੁਰੂ ਨੇ ਆਪਣੀ ਠਹਿਰ ਦੌਰਾਨ ਏਥੇ ਵਿਸਾਖੀ ਦਾ ਤਿਉਹਾਰ ਮਨਾਇਆ, ਜਿਸ ਵਿੱਚ ਸਵਾ ਲੱਖ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ; ਇਹ ਸਥਾਨ ਸਿੱਖ ਧਰਮ ਦਾ ਚੌਥਾ ਤਖ਼ਤ ਹੈ; ਏਥੇ ਹੀ ਗੁਰੂ ਜੀ ਨੇ ਚੌਧਰੀ ਡੱਲੇ ਦੇ ਸਿੱਖੀ ਸਿਦਕ ਦੀ ਪਰਖ ਕੀਤੀ ਤੇ ਬਾਬਾ ਬੀਰ ਸਿੰਘ-ਧੀਰ ਸਿੰਘ ਇਸ ਪ੍ਰੀਖਿਆ 'ਚੋਂ ਪਾਸ ਹੋਏ; ਦਿੱਲੀਓਂ ਆਈਆਂ ਮਾਤਾਵਾਂ (ਮਾਤਾ ਸੁੰਦਰੀ ਅਤੇ ਮਾਤਾ ਸਾਹਿਬ ਕੌਰ) ਨੂੰ ਦਸ਼ਮੇਸ਼ ਗੁਰੂ ਨੇ ਪੁੱਤਰਾਂ ਦਾ ਵਿਗੋਚਾ ਨਾ ਕਰਨ ਅਤੇ ਸਮੁੱਚੇ ਖਾਲਸਾ ਪੰਥ ਨੂੰ ਆਪਣਾ ਨਾਦੀ ਪੁੱਤਰ ਮੰਨਣ ਨੂੰ ਕਿਹਾ; ਇੱਥੇ ਬਾਬਾ ਦੀਪ ਸਿੰਘ ਜੀ ਦਾ 70 ਫੁੱਟ ਉੱਚਾ ਬੁਰਜ ਅਤੇ ਭੋਰਾ ਸਾਹਿਬ ਮੌਜੂਦ ਹੈ, ਜਿੱਥੇ ਬੈਠ ਕੇ ਉਹ ਭਗਤੀ ਕਰਿਆ ਕਰਦੇ ਸਨ ਤੇ ਏਸੇ ਭੋਰੇ ਵਿੱਚ ਉਨ੍ਹਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਚਾਰ ਉਤਾਰੇ ਕੀਤੇ ਜੋ ਚਾਰੇ ਤਖ਼ਤਾਂ ਤੇ ਭੇਜੇ ਗਏ; ਏਸੇ ਥਾਂ ਤੋਂ ਬਾਬਾ ਦੀਪ ਸਿੰਘ ਨੇ ਅਰਦਾਸਾ ਸੋਧ ਕੇ ਹਰਿਮੰਦਰ ਸਾਹਿਬ ਨੂੰ ਮੁਗ਼ਲਾਂ ਤੋਂ ਆਜ਼ਾਦ ਕਰਵਾਉਣ ਦੀ ਪੱਕੀ ਧਾਰੀ ਸੀ; ਲਿਖਣਸਰ ਵਿਖੇ ਗੁਰੂ ਜੀ ਨੇ ਆਦਿ ਗ੍ਰੰਥ ਦੀ ਸੰਪੂਰਨਤਾ ਕਰਵਾਈ; ਏਥੇ ਆ ਕੇ ਜੋ ਵੀ ਸ਼ਰਧਾ ਨਾਲ ਪੈਂਤੀ ਲਿਖਦਾ ਹੈ ਉਹ ਸਿਰਫ਼ ਕਿਤਾਬੀ ਹੀ ਨਹੀਂ, ਹਰ ਤਰ੍ਹਾਂ ਦੇ ਇਮਤਿਹਾਨ 'ਚੋਂ ਪਾਸ ਹੁੰਦਾ ਹੈ...÷ ਪਾਪਾ ਦੀਆਂ ਗੱਲਾਂ ਨੂੰ ਜੋਤੀ ਤੇ ਵਿੱਕੀ ਸਮੇਤ ਸਿੰਮੀ ਵੀ ਧਿਆਨ ਨਾਲ ਸੁਣ ਰਹੇ ਸਨ। ਭਾਵੇਂ ਸਭ ਨੇ ਆਪੋ ਆਪਣੀਆਂ ਕਿਤਾਬਾਂ 'ਚੋਂ ਦਮਦਮਾ ਸਾਹਿਬ ਦੇ ਇਤਿਹਾਸ ਅਤੇ ਵਿਸਾਖੀ ਬਾਰੇ ਬਹੁਤ ਕੁਝ ਪੜ੍ਹਿਆ ਸੀ, ਪਰ ਅੱਜ ਸਾਰਾ ਕੁਝ ਆਪਣੀਆਂ ਅੱਖਾਂ ਨਾਲ ਵੇਖ ਕੇ ਉਨ੍ਹਾਂ ਨੂੰ ਬਹੁਤ ਵਧੀਆ ਲੱਗ ਰਿਹਾ ਸੀ। ਸਿੰਮੀ ਦੇ ਪਾਪਾ ਰਾਹ ਚੱਲਦਿਆਂ ਬੱਚਿਆਂ ਨੂੰ ਕਵਿਤਾਵਾਂ ਦੀਆਂ ਪੰਕਤੀਆਂ ਜੋੜ-ਜੋੜ ਕੇ ਸੁਣਾਉਂਦੇ ਤਾਂ ਬੱਚੇ ਬੜੇ ਗਹੁ ਨਾਲ ਉਨ੍ਹਾਂ ਦੇ ਮੂੰਹ ਵੱਲ ਵੇਖਦੇ :

**ਆਈ ਹੈ ਵਿਸਾਖੀ ਤਲਵੰਡੀ ਚੱਲੀਏ**
**ਦੋਸਤਾਂ ਯਾਰਾਂ ਨੂੰ ਵੀ ਸੁਨੇਹੇ ਘੱਲੀਏ।**
**ਹੁਣ ਹਰ ਸਾਲ ਸਿੰਮੀ ਕੋਲ ਜਾਵਾਂਗੇ**
**'ਨਵ-ਦੀਪ' ਨਾਲ ਹੀ ਵਿਸਾਖੀ ਮਨਾਵਾਂਗੇ।**
**ਮੇਲਿਆਂ ਨੂੰ ਨਾਲ ਖ਼ੁਸ਼ੀ ਦੇ ਮਨਾਈਏ ਜੀ**
**ਹਰ ਵੇਲੇ ਗੁਰੂ ਆਪਣਾ ਧਿਆਈਏ ਜੀ।**

ਸਾਰਿਆਂ ਨੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਗੁਰੂ ਕਾ ਲੰਗਰ ਛਕਿਆ ਤੇ ਸ਼ਾਮ ਢਲੀ ਤੋਂ ਆਪਣੇ ਘਰ ਆ ਗਏ। ਜੋਤੀ ਅਤੇ ਵਿੱਕੀ ਦੀ ਸੰਗਤ ਵਿੱਚ ਸਿੰਮੀ ਵੱਲੋਂ ਵੇਖਿਆ ਵਿਸਾਖੀ ਦਾ ਇਹ ਮੇਲਾ ਬਹੁਤ ਯਾਦਗਾਰੀ ਰਿਹਾ। ਇਸਤੋਂ ਬਾਅਦ ਉਹਨੇ ਕਦੇ ਵੀ ਆਪਣੇ ਮੰਮੀ ਪਾਪਾ ਨੂੰ ਸ਼ਹਿਰ ਜਾ ਕੇ ਰਹਿਣ ਦੀ ਜ਼ਿਦ ਨਹੀਂ ਕੀਤੀ। ਉਹਨੂੰ ਸਮਝ ਆ ਗਈ ਸੀ ਕਿ ਜਿੱਥੇ ਐਨੇ ਵੱਡੇ ਗੁਰੂ ਨੇ ਇੰਨਾ ਸਮਾਂ ਧਰਤੀ ਨੂੰ ਭਾਗ ਲਾਏ ਹੋਣ, ਉਹ ਕਿਵੇਂ ਚੰਗੀ ਨਹੀਂ ਹੋਵੇਗੀ!



**ਪ੍ਰੋ. ਨਵ ਸੰਗੀਤ ਸਿੰਘ**
**ਪਟਿਆਲਾ-**
**ਸੰਪਰਕ : 9417692015**

# ਸ਼ਾਬਾਸ਼ ! ਬੱਲੇ ਨੀ ਬਾਲੜੀਓ

ਨਤੀਜਾ ਅਤੇ ਲੜਕੀਆਂ, ਦੇ ਪਿਛਲੇ ਸਮੇਂ ਤੋਂ ਬੜੇ ਨਿਕਟਵਰਤੀ ਸਬੰਧ ਬਣਦੇ ਜਾ ਰਹੇ ਹਨ, ਛੋਟੀ ਤੋਂ ਲੈ ਕੇ ਵੱਡੀ ਪ੍ਰੀਖਿਆ ਤੱਕ, ਝੰਡੀ ਲੜਕੀਆਂ ਦੇ ਹੱਥ ਹੁੰਦੀ ਹੈ। ਕੋਈ ਸਮਾਂ ਸੀ, ਮਾਪੇ ਲੜਕੀਆਂ ਨੂੰ ਘਰ ਦੀ ਚਾਰ ਦਿਵਾਰੀ ਤੋਂ ਬਾਹਰ ਨਹੀਂ ਭੇਜਦੇ ਸਨ, ਲੜਕੀਆਂ ਚੁੱਲੇ ਚੌਂਕੇ ਦੇ ਕੰਮ ਤੱਕ ਹੀ ਸੀਮਤ ਸਨ। ਇਮਾਰਤ ਨੂੰ ਘਰ ਬਣਾਉਣ ਦਾ ਸਲੀਕਾ ਲੜਕੀਆਂ ਕੋਲ ਹੀ ਹੁੰਦਾ ਹੈ, ਭਾਵੇਂ ਪਤਨੀ ਦੇ ਰੂਪ ਦੇ ਵਿੱਚ, ਭਾਵੇ ਧੀ ਅਤੇ ਭੈਣ ਹੋਵੇ, ਜਿਹੜੇ ਘਰ ਦੇ ਵਿੱਚ ਲੜਕੀ ਨਹੀਂ, ਉਸ ਘਰ ਦੇ ਵਿੱਚ ਸੱਭਿਅਕ ਬੋਲੀ ਦੀ ਆਸ ਨਹੀਂ ਰੱਖੀ ਜਾ ਸਕਦੀ, ਲੜਕੀਆਂ ਹਮੇਸ਼ਾ ਘਰ ਦੀ ਸੁੱਖ ਲੋੜ ਦੀਆਂ ਹਨ, ਪਰਮਾਤਮਾ ਤੋਂ ਵੀਰ ਮੰਗਦੀਆਂ ਹਨ, ਭਰਾਵਾਂ ਨਾਲੋਂ ਪਿਤਾ ਦਾ ਕਿਤੇ ਵੱਧ ਪਿਆਰ ਕਰਦੀਆਂ ਹਨ। ਪਰ ਪੁਰਾਤਨ ਸਮੇਂ ਤੋਂ ਲੜਕੀਆਂ ਨੂੰ ਉਹ ਇੱਜਤ ਅਤੇ ਪਿਆਰ ਨਹੀਂ ਮਿਲਿਆ, ਲੜਕੀ ਨੂੰ ਤ੍ਰਿਸਕਾਰਿਆ ਗਿਆ, ਕਦੇ ਗੁੱਤ ਪਿੱਛੇ ਮੱਤ, ਬੇਵਫਾ ਅਤੇ ਇੱਥੋਂ ਤੱਕ ਕਿ ਪੈਰ ਦੀ ਜੁੱਤੀ ਤੱਕ ਕਿਹਾ ਗਿਆ, ਪਰ ਜਦੋਂ ਸਮਾਜ ਨੇ ਮੌਕਾ ਦਿੱਤਾ, ਤਾਂ ਲੜਕਿਆਂ ਨਾਲੋਂ ਦੋ ਕਦਮ ਅੱਗੇ ਹੋ ਕੇ, ਸਾਬਿਤ ਕੀਤਾ ਕਿ ਅਸੀਂ ਕਿਸੇ ਵੀ ਖੇਤਰ ਦੇ ਵਿੱਚ ਘੱਟ ਨਹੀਂ, ਕੋਈ ਨਤੀਜਾ ਆਵੇ ਲੜਕੀਆਂ ਮੋਹਰੀ ਹੁੰਦੀਆਂ ਹਨ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਦੇ ਵਿੱਚ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਲੜਕੀਆਂ ਨੇ ਬਾਜ਼ੀ ਮਾਰੀ ਹੈ। ਅਹਿਮ ਸਥਾਨ ਪ੍ਰਾਪਤ ਕਰਨ ਵਾਲੀਆਂ ਇਹਨਾਂ ਲੜਕੀਆਂ ਨੂੰ ਬਹੁਤ ਮਾਣ ਸਨਮਾਨ ਮਿਲ ਰਿਹਾ ਹੈ, ਮਿਲਣਾ ਵੀ ਚਾਹੀਦਾ ਹੈ, ਕਠਿਨ ਤਪੱਸਿਆ ਕੀਤੀ, ਰਾਤਾਂ ਦੀ ਨੀਂਦ ਤਿਆਗੀ, ਇੰਨੀ ਵੱਡੀ ਪ੍ਰਾਪਤੀ ਕੋਈ ਖਾਲਾ ਜੀ ਦਾ ਵਾੜਾ ਨਹੀਂ। ਜ਼ਿਲਾ ਫਰੀਦਕੋਟ ਦੇ ਕਸਬਾ ਜੈਤੋ ਦੀ ਧੀ ਰਾਣੀ, ਜਦੋਂ ਜੰਮੀ, ਮਾਪਿਆਂ ਨੇ ਨਾ ਰੱਖਿਆ ਤਮੰਨਾ, ਪਿਆਰਾ ਨਾਂ, ਬੇਟੀ ਨੇ ਅਣਥੱਕ ਮਿਹਨਤ ਕੀਤੀ, ਫਿਰ ਇਹ ਕਿਵੇਂ ਹੋ ਸਕਦਾ, ਕਿ ਮਾਪਿਆਂ ਦੀ ਤਮੰਨਾ ਪੂਰੀ ਨਾ ਹੁੰਦੀ, ਬੇਟੀ ਤਮੰਨਾ ਨੇ ਪੂਰੇ ਅੰਕਾਂ ਚੋਂ, ਇੱਕ ਨੰਬਰ ਵੀ ਕਟਣ ਨਹੀਂ ਦਿੱਤਾ, 600 ਅੰਕਾਂ ਦੇ ਵਿੱਚੋਂ 600 ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਦਾ ਅਤੇ ਪੂਰੇ ਜੈਤੋ ਜਿਲਾ ਫਰੀਦਕੋਟ ਦਾ ਨਾਂ ਸੁਨਹਿਰੀ ਅੱਖਰਾਂ ਦੇ ਵਿੱਚ ਲਿਖ ਦਿੱਤਾ, ਮਾਪਿਆਂ ਨੂੰ ਦੱਸ ਦਿੱਤਾ ਕਿ ਤਮੰਨਾ ਤੁਹਾਡੇ ਸਿਰ ਦਾ ਤਾਜ ਹੈ, ਤੁਹਾਨੂੰ ਮਾਣ ਹੋਣਾ ਚਾਹੀਦਾ, ਕਿ ਬੇਟੀਆਂ ਅੱਜ ਕਿਸੇ ਖੇਤਰ ਵਿੱਚ ਵੀ ਘੱਟ ਨਹੀਂ, ਲਹਿਰਾਗਾਗਾ ਹਲਕਾ, ਜ਼ਿਲਾ ਸੰਗਰੂਰ ਦਾ ਉਹ ਖੇਤਰ ਹੈ, ਜੋ ਹਮੇਸ਼ਾ ਸਿੱਖਿਆ ਦੇ ਖੇਤਰ ਵਿੱਚ ਪਛੜਿਆ ਰਿਹਾ, ਅਧਿਆਪਕਾਂ ਦੀ ਘਾਟ, ਵੱਡੇ ਸ਼ਹਿਰਾਂ ਤੋਂ ਦੂਰੀ, ਘੱਗਰ ਦੀ ਮਾਰ, ਪਰ ਜਿਵੇਂ ਕਹਿੰਦੇ ਹਨ, ਕਿ ਉੱਗਣ ਵਾਲੇ ਤਾਂ ਉੱਗ ਪੈਂਦੇ ਨੇ ਸੀਨਾ ਪਾੜ ਕੇ ਪੱਥਰਾਂ ਦਾ, ਲਹਿਰੇਗਾਗੇ ਦਾ ਛੋਟਾ ਜਿਹਾ ਪਿੰਡ ਅੜਕਵਾਸ, ਜੋ ਕਿ ਸਿੱਖਿਆ ਪੱਖੋਂ ਪਛੜਿਆ ਰਿਹਾ, ਪਰ ਅੜਕਵਾਸ ਦੀ ਧੀ ਰਾਣੀ ਜਸਪ੍ਰੀਤ ਕੌਰ ਨੇ ਦੱਸ ਦਿੱਤਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਕਿਸੇ ਵੀ ਖੇਤਰ ਦੇ ਵਿੱਚ ਪਿੱਛੇ ਨਹੀਂ ਹਨ, ਸਰਕਾਰੀ ਮਿਡਲ ਸਕੂਲ ਅੜਕਵਾਸ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ 600 ਅੰਕਾਂ ਦੇ ਵਿੱਚੋਂ 598 ਅੰਕ ਪ੍ਰਾਪਤ ਕੀਤੇ, ਮਿਹਨਤ ਨੂੰ ਬੂਰ ਪਿਆ, ਪਰ ਮਨ ਵਿੱਚ ਰੰਜ ਹੈ, ਕਿ ਦੋ ਨੰਬਰ ਕਿਉਂ ਕਟ ਗਏ, ਕਿਉਂਕਿ ਪੂਰਾ ਸਾਲ ਅੱਖਰਾਂ ਦੀ ਖਾਕ ਛਾਣੀ, ਵਿਆਹ ਸ਼ਾਦੀਆਂ ਛੱਡੀਆਂ, ਅੱਖਰਾਂ ਦੀ ਮਾਲਾ ਸਿਮਰੀ, ਫਿਰ ਇਹ ਕਿਵੇਂ ਹੋ ਸਕਦਾ ਕਿ ਦੋ ਨੰਬਰ ਕੱਟਣ ਦਾ ਦੁੱਖ ਨਾ ਹੋਵੇ, ਪਰ ਦੂਜੇ ਸਥਾਨ ਦੇ ਉੱਤੇ ਆ ਕੇ ਪੰਜਾਬ ਦੇ ਵਿੱਚ ਪਿੰਡ ਅੜਕਵਾਸ ਅਤੇ ਲਹਿਰੇਗਾਗੇ ਦਾ ਨਾਂ ਰੌਸ਼ਨ ਕੀਤਾ, ਮਾਤਾ ਪਿਤਾ ਨੂੰ ਲੋਕੀ ਵਧਾਈਆਂ ਦਿੰਦੇ, ਮਾਤਾ ਪਿਤਾ ਦਾ ਮਾਣ ਬਣੀ ਜਸਪ੍ਰੀਤ ਕੌਰ, ਸਨਮਾਨਾਂ ਦੀ ਕੋਈ ਘਾਟ ਨਹੀਂ, ਜ਼ਿਲਾ ਫਰੀਦਕੋਟ ਨੂੰ ਮਾਣ ਹੈ, ਕਿ ਬਾਬਾ ਸੇਖ ਫਰੀਦ ਦੀ ਧਰਤੀ ਹੋਣ ਦਾ, ਬਾਬਾ ਫਰੀਦ ਦੀ ਨਗਰੀ, ਨੂੰ ਤੀਜਾ ਸਥਾਨ ਦੇਣ ਵਾਲੀ ਜਸਨਦੀਪ ਕੌਰ ਦੀ ਮਿਹਨਤ ਨੂੰ ਵੀ ਸਲਾਮ, ਜਿਸ ਨੇ ਫਰੀਦਕੋਟ ਦੇ ਨਗਰ ਕੋਟ ਸੁਖੀਆ ਦਾ ਨਾਂ ਦੁਨੀਆਂ ਦੇ ਨਕਸ਼ੇ ਤੇ ਚਮਕਾਇਆ, ਧੀਆਂ ਧਿਆਣੀਆਂ, ਅੱਜ ਵੱਡੇ ਵੱਡੇ ਮੁਕਾਮ ਹਾਸਿਲ ਕਰ ਰਹੀਆਂ ਹਨ, ਪਿੱਛੇ ਸਿਵਿਲ ਸਰਵਿਸ ਦੇ ਨਤੀਜਿਆਂ ਦੇ ਵਿੱਚ ਵੀ ਲੜਕੀਆਂ ਨੇ ਝੰਡੀ ਗੱਡੀ, ਅੱਜ ਭਾਵੇਂ ਸਮਾਂ ਬਦਲ ਗਿਆ, ਪਰ ਲੋਕਾਂ ਦੀ ਸੋਚ ਬਦਲਣ ਦੇ ਲਈ, ਇਹ ਕੀਰਤੀਮਾਨ ਸਿਰਜਣ ਵਾਲੀਆਂ ਕੁੜੀਆਂ ਵੀ ਸਫਲ ਨਹੀਂ ਹੋਈਆਂ, ਕਿਉਂਕਿ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਕਿ ਅੱਜ ਵੀ ਵੱਡੇ ਵੱਡੇ ਵਿਵੇਕਸੀਲ ਬੁੱਧੀਮਾਨ ਲੋਕ, ਲੜਕੀ ਦਾ ਜਨਮ ਹੋਣ ਤੇ ਅਫਸੋਸੇ ਜਾਂਦੇ ਹਨ, ਲੜਕੇ ਦੇ ਜਨਮ ਤੇ ਮਹਿਫਲਾਂ ਸੱਜਦੀਆਂ ਹਨ, ਪਟਾਕੇ ਚਲਦੇ ਹਨ, ਮਠਿਆਈਆਂ ਵੰਡੀਆਂ ਜਾਂਦੀਆਂ ਹਨ, ਸਾਡੀਆਂ ਧੀਆਂ ਲਾਡੋ ਰਾਣੀਆਂ ਨੂੰ ਜਨਮ ਤੋਂ ਉਹ ਮਾਣ ਸਨਮਾਨ ਅਜੇ ਤੱਕ ਨਹੀਂ ਮਿਲਿਆ, ਧੀਆਂ ਨੂੰ ਧੰਨ ਬੇਗਾਨਾ ਕਹਿ ਕੇ ਤਿਰਸਕਾਰਿਆ ਗਿਆ।

ਪਰਮਾਤਮਾ ਦਾ ਸ਼ੁਕਰ ਹੈ ਕਿ ਲਿੰਗ ਅਨੁਪਾਤ ਦੇ ਵਿੱਚ ਸੁਧਾਰ ਹੋਇਆ, ਕੁੱਝ ਸਮਾਂ ਪਹਿਲਾਂ ਸਾਡਾ ਇਤਿਹਾਸਕ ਜ਼ਿਲਾ ਫਤਿਹਗੜ੍ਹ ਸਾਹਿਬ, ਲੜਕੀਆਂ ਦੀ ਘੱਟ ਗਿਣਤੀ ਦੇ ਵਿੱਚ ਮੋਹਰੀ ਸੀ। ਲੰਬਾ ਸਮਾਂ ਪਹਿਲਾਂ, ਪੰਜਾਬ ਦੇ ਗਾਇਕ ਦਵਿੰਦਰ ਕੋਹੇਨੂਰ ਦਾ ਗਾਇਆ ਗੀਤ ਮਨ ਨੂੰ ਬੜਾ ਟੁੰਬਦਾ, ਕਿ ਮੈਨੂੰ ਕੁੱਖ ਚ ਨਾ ਕਤਲ ਕਰਾ, ਮਾਏ ਮੇਰੀਏ, ਮੈਂ ਕਿਰਨ ਬੇਦੀ, ਮਾਈ ਭਾਗੋ ਬਣ ਸਕਦੀ ਆਂ, ਮੈਨੂੰ ਜੱਗ ਵੇਖਣ ਦਾ ਮੌਕਾ ਤਾਂ ਦੇ, ਪੰਜਾਬੀ ਯੂਨੀਵਰਸਿਟੀ ਦੀ ਪ੍ਰੋਫੈਸਰ ਡਾ: ਚਰਨਜੀਤ ਕੌਰ ਬਰਾੜ ਦੀ ਲਿਖੀ ਕਵਿਤਾ, ਬਹੁਤ ਚੋਟ ਕਰਦੀ, ਕਿ ਮਾਪੇ ਕੁੱਖ ਦੇ ਵਿੱਚ ਲੜਕੀ ਦਾ ਗਰਭਪਾਤ ਕਰਾਉਣ ਤੋਂ ਬਾਅਦ, ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਸਥਾਨ ਦੇ ਉੱਤੇ, ਸ੍ਰੀ ਹਰਿਮੰਦਰ ਸਾਹਿਬ, ਗੁਰੂ ਕੇ ਵਜ਼ੀਰ, ਗ੍ਰੰਥੀ ਸਾਹਿਬ ਤੋਂ ਬੇਟੇ ਲਈ ਅਰਦਾਸ ਕਰਵਾਉਂਦੇ ਹਨ, ਦੱਸੋ ਗੁਰੂ ਰਾਮਦਾਸ ਜੀ, ਕਿਹੜੀਆਂ ਮਿਹਰਾਂ ਕਰਨ, ਸ੍ਰੀ ਗੁਰੂ ਨਾਨਕ ਦੇਵ ਜੀ ਨੇ, ਰਾਜਿਆਂ ਨੂੰ ਜਨਮ ਦੇਣ ਵਾਲੀ, ਜੱਗ ਜਨਨੀ ਦਾ ਖਿਤਾਬ ਦਿੱਤਾ, ਪਰ ਅਸੀਂ ਆਪਣੀਆਂ ਸੋਚਾਂ ਨਹੀਂ ਬਦਲੀਆਂ, ਜਦੋਂ ਅੱਜ ਧੀਆਂ ਸਿਰ ਦਾ ਤਾਜ ਬਣ ਰਹੀਆਂ ਹਨ, ਬਹੁਤ ਲਾਡਾਂ ਨਾਲ ਪਾਲੇ, ਲਾਡਲੇ ਪੁੱਤਰ, ਸਮੈਕ ਦੇ ਸੂਟਿਆਂ ਦੇ ਵਿੱਚ ਗਲਤਾਨ ਹਨ, ਸਰਿੰਜਾਂ ਬਾਹਵਾਂ ਦੇ ਵਿੱਚ ਰਹਿ ਰਹੀਆਂ ਹਨ, ਕੀ ਸੋਚਦੀ ਹੋਵੇਗੀ ਉਹ ਮਾਤਾ, ਜਿਸ ਦੇ ਪੰਜ ਪੁੱਤਰ ਚਿੱਟੇ ਦੀ ਭੇਟ ਚੜ੍ਹ ਗਏ, ਜਦੋਂ ਕਿ ਧੀਆਂ ਅੱਜ ਆਪਣੇ ਮਾਂ ਬਾਪ ਦਾ ਨਾਂ ਰੌਸ਼ਨ ਕਰ ਰਹੀਆਂ ਹਨ, ਖੇਤੀ ਦੇ ਕੰਮ ਦੇ ਵਿੱਚ ਵੀ ਆਪਣੇ ਪਿਤਾ ਦੇ ਮੋਢੇ ਨਾਲ ਮੋਢਾ ਜੋੜ ਕੇ ਅਣਥੱਕ ਮਿਹਨਤ ਕਰ ਰਹੀਆਂ ਹਨ, ਸਮਾਂ ਬਦਲਿਆ, ਅਸੀਂ ਸੋਚ ਨਹੀਂ ਬਦਲੀ, ਅੱਜ ਸੋਚ ਬਦਲਣ ਦੀ ਲੋੜ ਹੈ, ਮੈਂ ਕਿਸੇ ਮਿੱਤਰ ਨੂੰ ਪੁੱਛਿਆ, ਬੱਚੇ ਕਿੱਥੇ ਪੜ੍ਹਦੇ ਹਨ, ਉਹਨੇ ਬੜੇ ਮਾਣ ਨਾਲ ਕਿਹਾ, ਮੁੰਡਾ ਪੀਪੀਐਸ ਨਾਭੇ ਪੜ੍ਹਦਾ ਹੈ, ਕੁੜੀ ਨੂੰ ਇੱਥੇ ਲੋਕਲ ਸਕੂਲ ਦੇ ਵਿੱਚ ਹੀ ਪਾਇਆ ਹੈ, ਪਰ ਆਪ ਹੀ ਕਹਿਣ ਲੱਗਿਆ, ਮੁੰਡਾ ਪੜ੍ਹਨ ਦੇ ਵਿੱਚ ਧਿਆਨ ਨਹੀਂ ਦੇ ਰਿਹਾ, ਕੁੜੀ ਬਹੁਤ ਮਿਹਨਤ ਕਰਦੀ ਹੈ, ਮੈਂ ਕਿਹਾ ਵੀਰ ਜੀ ਫਿਰ ਤੁਸੀਂ ਕੁੜੀ ਨੂੰ ਪੀਪੀਐਸ ਨਾਭੇ ਕਿਉਂ ਨਹੀਂ ਲਾ ਰਹੇ, ਕਹਿਣ ਲੱਗਿਆ ਯਾਰ ਕੁੜੀਆਂ ਨੇ ਕਿਹੜਾ ਨੌਕਰੀ ਕਰਨੀ ਹੈ, ਘਰ ਦੇ ਕੰਮ ਕਾਰ ਜੋਗੀ ਹੋ ਜਾਵੇਗੀ, ਇਹ ਹੈ ਸਾਡੇ ਲੋਕਾਂ ਦੀ ਸੋਚ, ਅੱਜ ਮਾਪਿਆਂ ਨੂੰ ਸੋਚ ਬਦਲਣ ਦੀ ਲੋੜ ਹੈ, ਕੁੜੀਆਂ ਨੂੰ ਬਰਾਬਰ ਮੌਕੇ ਦਿਓ, ਫਿਰ ਦੇਖੋ ਕਿਵੇਂ ਸਮਾਜ ਤਰੱਕੀ ਕਰਦਾ ਹੈ, ਧੀਆਂ ਨਾਲ ਜੱਗ ਵਸਦਾ, ਅੱਜ ਬੁਢਾਪੇ ਵਾਰੀ ਮਾਪਿਆਂ ਨੂੰ ਧੀਆਂ ਸਾਂਭ ਰਹੀਆਂ ਹਨ, ਇੱਥੋਂ ਤੱਕ ਕਿ ਆਪਣੇ ਮਾਪਿਆਂ ਦੀ ਅਰਥੀ ਨੂੰ ਅੰਤ ਵੇਲੇ ਮੋਢਾ ਵੀ ਧੀਆਂ ਵੱਲੋਂ ਦਿੱਤਾ ਜਾ ਰਿਹਾ ਹੈ, ਸੋ ਪਰਮਾਤਮਾ ਦੇ ਸਿਰਜੇ ਜੀਆਂ ਦੇ ਵਿੱਚ, ਸਾਨੂੰ ਕਦੇ ਵੀ ਅੰਤਰ ਨਹੀਂ ਕਰਨਾ ਚਾਹੀਦਾ, ਧੀਆਂ ਸਾਡਾ ਮਾਣ ਤੇ ਸਨਮਾਨ ਹਨ, ਮਾਪਿਆਂ ਦਾ ਸਿਰ ਉੱਚਾ ਕਰਨ ਵਾਲੀਆਂ ਇਹਨਾਂ ਬਾਲੜੀਆਂ ਨੂੰ ਦਿਲੋਂ ਸਲਾਮ, ਭਵਿੱਖ ਦੇ ਵਿੱਚ ਇਹ ਵੱਡੀਆਂ ਮੱਲਾਂ ਮਾਰਨ, ਪਰਮਾਤਮਾ ਇਹਨਾਂ ਨੂੰ ਦਿਨ ਦੁਗਣੀ ਤੇ ਰਾਤ ਚੌਗਣੀ ਤਰੱਕੀ ਬਖਸ਼ੇ। ਅੰਤ ਦੇ ਵਿੱਚ ਧੀਆਂ ਦੇ ਨਾਲ ਸੰਬੰਧਤ ਦੋ ਤੁਕਾਂ ਮੇਰੇ ਚੇਤੇ ਆ ਗਈਆਂ..

**"ਨਾ ਕੋਈ ਸੋਨਾ ਚਾਂਦੀ ਤੇ ਨਾ ਹੀ ਮਹਿੰਗੇ ਹਾਰ ਦੀਆਂ,**
**ਧੀਆਂ ਤਾਂ ਬਸ ਭੁੱਖੀਆਂ ਨੇ ਮਾਪਿਆਂ ਦੇ ਪਿਆਰ ਦੀਆਂ"**



**ਹਰਸੰਤ ਸਿੰਘ ਢੀਂਡਸਾ**
**ਸੰਗਰੂਰ**
**ਮੋ. 9878197000, 9417924177**

# ਭਾਰਤ ਦੀ ਫਾਰਮਾਸਿਊਟੀਕਲ ਰਣਨੀਤੀ ਪੈਮਾਨੇ ਤੋਂ ਨਵੀਨਤਾ ਵੱਲ ਵਧ ਰਹੀ ਹੈ

## ਦੇਸ਼ ਨੂੰ ਇਸ ਨਾਲ ਬਾਇਓਫਾਰਮਾ ਅਤੇ ਉੱਚ-ਮੁੱਲ ਵਾਲੇ ਮੈਡੀਕਲ ਸਾਇੰਸ ਦੇ ਸੈਂਟਰ ਦੇ ਰੂਪ ਵਿੱਚ ਸਥਾਪਿਤ ਕੀਤਾ ਜਾ ਸਕੇ

ਵਿਸ਼ਵ ਪੱਧਰ ‘ਤੇ, ਕੁੱਲ ਫਾਰਮਾਸਿਊਟੀਕਲ ਰੈਵੇਨਿਊ ਵਿੱਚ ਬਾਇਓਲੌਜਿਕ, ਬਾਇਓਸਿਮਿਲਰ ਅਤੇ ਵਿਸ਼ੇਸ਼ ਦਵਾਈਆਂ ਦੀ ਹਿੱਸੇਦਾਰੀ 40 ਪ੍ਰਤੀਸ਼ਤ ਤੋਂ ਵੱਧ ਹੋ ਗਈ ਹੈ। ਲੰਬੇ ਸਮੇਂ ਤੋਂ ਜੈਨਰਿਕ ਦਵਾਈਆਂ ਵਿੱਚ ਮੋਹਰੀ ਦੇਸ਼ ਹੋਣ ਦੇ ਕਾਰਨ ‘ਵਿਸ਼ਵ ਦੀ ਫਾਰਮੇਸੀ’ ਦੇ ਰੂਪ ਵਿੱਚ ਪ੍ਰਸਿੱਧ ਭਾਰਤ ਦਾ ਫਾਰਮਾਸਿਊਟੀਕਲ ਉਦਯੋਗ ਹੁਣ ਪੈਮਾਨੇ ਤੋਂ ਨਵੀਨਤਾ ਵੱਲ ਅੱਗੇ ਵਧਣ ਲਈ ਤਿਆਰ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼?ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ, ਭਾਰਤ ਸਰਕਾਰ ਭਵਿੱਖ ਦੇ ਅਨੁਰੂਪ ਇੱਕ ਨੀਤੀਗਤ ਢਾਂਚੇ ਨੂੰ ਗਤੀ ਦੇ ਰਹੀ ਹੈ, ਤਾਂ ਜੋ ਦੇਸ਼ ਜੈਨਰਿਕ ਦਵਾਈਆਂ ਵਿੱਚ ਆਪਣੀ ਮਜ਼ਬੂਤ ਸਥਿਤੀ ਬਣਾਏ ਰੱਖਦੇ ਹੋਏ ਇਨ੍ਹਾਂ ਉਭਰਦੇ ਖੇਤਰਾਂ ਵਿੱਚ ਵਧੇਰੇ ਹਿੱਸੇਦਾਰੀ ਪ੍ਰਾਪਤ ਕਰ ਸਕੇ।

ਕੇਂਦਰੀ ਬਜਟ 2026-27 ਵਿੱਚ 10,000 ਕਰੋੜ ਰੁਪਏ ਦੇ ਮਿਸ਼ਨ ਬਾਇਓਫਾਰਮਾ ਨਿਰਮਾਣ ਸ਼ਕਤੀ ਦਾ ਐਲਾਨ ਇਸ ਦਿਸ਼ਾ ਵਿੱਚ ਇੱਕ ਨਿਰਣਾਇਕ ਕਦਮ ਨੂੰ ਰੇਖਾਂਕਿਤ ਕਰਦਾ ਹੈ। ਇਹ ਅਗਲੇ 8 ਤੋਂ 10 ਵਰ੍ਹ?ਆਂ ਵਿੱਚ ਭਾਰਤ ਨੂੰ ਬਾਇਓਫਾਰਮਾ ਇਨੋਵੇਸ਼ਨ ਅਤੇ ਉੱਚ ਮੁੱਲ ਵਾਲੀ ਚਿਕਿਤਸਾ ਸੇਵਾਵਾਂ ਦੇ ਗਲੋਬਲ ਹੱਬ ਬਣਾਉਣ ਦੇ ਦੇਸ਼ ਦੇ ਸੰਕਲਪ ਦਾ ਸੰਕੇਤ ਦਿੰਦੀ ਹੈ। ਇਹ ਵਿਜ਼ਨ ਗਹਿਰੀ ਵਿਗਿਆਨਿਕ ਸਮਰੱਥਾਵਾਂ ਦੇ ਨਿਰਮਾਣ, ਨਵੀਨਤਾ-ਅਧਾਰਿਤ ਉੱਦਮਾਂ ਨੂੰ ਹੁਲਾਰਾ ਦੇਣ ਅਤੇ ਭਾਰਤ ਨੂੰ ਅਗਲੀ ਪੀੜ੍ਹੀ ਦੀਆਂ ਦਵਾਈਆਂ ਦੇ ਖੇਤਰ ਵਿੱਚ ਇੱਕ ਮੋਹਰੀ ਦੇਸ਼ ਦੇ ਰੂਪ ਵਿੱਚ ਉਭਰਨ ਵਿੱਚ ਸਮਰੱਥ ਬਣਾਉਣ ‘ਤੇ ਅਧਾਰਿਤ ਹੋਵੇਗਾ।

ਇਸ ਪ੍ਰੋਗਰਾਮ ਦਾ ਉਦੇਸ਼ ਬਾਇਓਲੌਜਿਕਸ, ਬਾਇਓਸਿਮਿਲਰ ਅਤੇ ਐਡਵਾਂਸਡ ਥੈਰੇਪੀਉਟਿਕਸ ਖੇਤਰਾਂ ਵਿੱਚ ਘਰੇਲੂ ਸਮਰੱਥਾਵਾਂ ਨੂੰ ਗਤੀ ਦੇਣਾ ਹੈ। ਇਹ ਪ੍ਰੋਗਰਾਮ ਫਾਰਮਾਸਿਊਟੀਕਲ ਵਿਭਾਗ, ਵਿਗਿਆਨ ਅਤੇ ਤਕਨਾਲੋਜੀ ਵਿਭਾਗ ਅਤੇ ਬਾਇਓ ਤਕਨਾਲੋਜੀ ਵਿਭਾਗ ਦੀ ਮੌਜੂਦਾ ਪਹਿਲਕਦਮੀਆਂ ਦਾ ਪੂਰਕ ਹੈ, ਜਿਵੇਂ ਫਾਰਮਾ ਮੈਡਟੈਕ ਸੈਕਟਰ ਵਿੱਚ ਖੋਜ ਅਤੇ ਨਵੀਨਤਾ ਨੂੰ ਹੁਲਾਰਾ ਦੇਣਾ (ਪੀਆਰਆਈਪੀ), ਖੋਜ ਵਿਕਾਸ ਅਤੇ ਨਵੀਨਤਾ ਯੋਜਨਾ, ਬਾਇਓਨੈਸਟ ਆਦਿ, ਜਿਨ੍ਹਾਂ ਦਾ ਉਦੇਸ਼ ਬਾਇਓਫਾਰਮਾਸਿਊਟੀਕਲਸ ਸਮੇਤ ਜੀਵਨ ਵਿਗਿਆਨ ਖੇਤਰ ਵਿੱਚ ਖੋਜ ਅਤੇ ਵਿਕਾਸ ਨੂੰ ਹੁਲਾਰਾ ਦੇਣਾ ਹੈ। ਇਹ ਪਹਿਲਕਦਮੀਆਂ ਭਾਰਤ ਦੇ ਇਨੋਵੇਸ਼ਨ ਈਕੋਸਿਸਟਮ ਨੂੰ ਮਜ਼ਬੂਤ ਕਰਨ, ਉਦਯੋਗ-ਅਕਾਦਮੀ ਸਹਿਯੋਗ ਨੂੰ ਹੁਲਾਰਾ ਦੇਣ ਅਤੇ ਜੈਨੇਰਿਕ ਦਵਾਈਆਂ ਤੋਂ ਨਵੀਨਤਾ ਸੰਚਾਲਿਤ ਦਵਾਈ ਖੋਜ ਅਤੇ ਵਿਕਾਸ ਵੱਲ ਬਦਲਾਅ ਨੂੰ ਸਮਰੱਥ ਕਰਨ ਲਈ ਡਿਜ਼ਾਈਨ ਕੀਤੀਆਂ ਗਈਆਂ ਹਨ।

ਇਸ ਰਣਨੀਤੀ ਦਾ ਇੱਕ ਮਹੱਤਵਪੂਰਨ ਥੰਮ?ਹ ਕਿਣਵਨ-ਅਧਾਰਿਤ ਨਿਰਮਾਣ ਸਮਰੱਥਾਵਾਂ ਦਾ ਵਿਕਾਸ ਕਰਨਾ ਹੈ। ਐਂਟੀਬਾਇਓਟਿਕਸ, ਵੈਕਸੀਨ, ਐਨਜ਼ਾਈਮ, ਅਤੇ ਬਾਇਓਲੌਜਿਸਟਿਕਸ ਦੇ ਨਿਰਮਾਣ ਵਿੱਚ ਇਸ ਦੀ ਮਹੱਤਵਪੂਰਨ ਭੂਮਿਕਾ ਦੇ ਬਾਵਜੂਦ, ਇਹ ਖੇਤਰ ਲੰਬੇ ਸਮੇਂ ਤੋਂ ਆਯਾਤ ‘ਤੇ ਨਿਰਭਰ ਰਿਹਾ ਹੈ। ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਕਰਕੇ, ਤਕਨਾਲੋਜੀ ਵਿਕਾਸ ਅਤੇ ਟ?ਰਾਂਸਫਰ ਨੂੰ ਸੁਵਿਧਾਜਨਕ ਬਣਾ ਕੇ ਅਤੇ ਟੀਚਾਗਤ ਪ੍ਰੋਤਸਾਹਨ ਪ੍ਰਦਾਨ ਕਰਕੇ, ਭਾਰਤ ਇਸ ਰਣਨੀਤਕ ਖੇਤਰ ਵਿੱਚ ਘਰੇਲੂ ਸਮਰੱਥਾ ਦਾ ਨਿਰਮਾਣ ਕਰਨ ਅਤੇ ਗਲੋਬਲ ਪੱਧਰ ‘ਤੇ ਮੁਕਾਬਲੇਬਾਜ਼ੀ ਵਧਾਉਣ ਲਈ ਕੰਮ ਕਰ ਰਿਹਾ ਹੈ। ਭਾਰਤ ਦੇ ਕਲੀਨਿਕਲ ਰਿਸਰਚ ਈਕੋਸਿਸਟਮ ਦਾ ਵਿਸਤਾਰ ਵੀ ਸਮਾਨ ਤੌਰ ‘ਤੇ ਮਹੱਤਵਪੂਰਨ ਹੈ। 1,000 ਮਾਨਤਾ ਪ੍ਰਾਪਤ ਕਲੀਨਿਕਲ ਪ੍ਰਯੋਗ ਕੇਂਦਰ ਸਥਾਪਿਤ ਕੀਤੇ ਜਾਣਗੇ, ਜੋ ਗਲੋਬਲ ਡਰੱਗ ਡਿਵੈਲਪਮੈਂਟ ਡੈਸਟੀਨੇਸ਼ਨ ਦੇ ਰੂਪ ਵਿੱਚ ਭਾਰਤ ਦੀ ਸਥਿਤੀ ਨੂੰ ਬਿਹਤਰ ਬਣਾਉਣਗੇ। ਆਪਣੀ ਲਾਗਤ ਲਾਭ ਅਤ ਕੁਸ਼ਲ ਖੋਜਕਰਤਾਵਾਂ ਦੀ ਵਧਦੀ ਗਿਣਤੀ ਦੇ ਨਾਲ, ਭਾਰਤ ਕੁਸ਼ਲ ਅਤੇ ਉੱਚ ਗੁਣਵੱਤਾ ਵਾਲੇ ਕਲੀਨਿਕਲ ਪ੍ਰਯੋਗ ਲਈ ਬੇਮਿਸਾਲ ਮੌਕੇ ਪ੍ਰਦਾਨ ਕਰਦਾ ਹੈ। ਨਾਲ ਹੀ, ਰੈਗੂਲੇਟਰੀ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਸੰਸਥਾਗਤ ਸਮਰੱਥਾਵਾਂ ਨੂੰ ਵਧਾਉਣ ਨਾਲ ਭਾਰਤ ਦੀ ਮੌਜੂਦਾ ਵਿਵਸਥਾ ਗਲੋਬਲ ਮਾਪਦੰਡਾਂ ਦੇ ਵਧੇਰੇ ਅਨੁਰੂਪ ਹੋਵੇਗੀ, ਜਿਸ ਨਾਲ ਤੇਜ਼ੀ ਨਾਲ ਪ੍ਰਵਾਨਗੀਆਂ ਸੰਭਵ ਹੋਣਗੀਆਂ ਅਤੇ ਵਿਸ਼ਵਵਿਆਪੀ ਹਿਤਧਾਰਕਾਂ ਦਰਮਿਆਨ ਵਿਸ਼ਵਾਸ ਵਧੇਗਾ।



ਪਿਛਲੇ ਕੁਝ ਵਰ੍ਹ?ਆਂ ਵਿੱਚ, ਭਾਰਤ ਨੇ ਪੀਐੱਲਆਈ ਅਤੇ ਥੋਕ ਡਰੱਗ ਪਾਰਕ ਯੋਜਨਾਵਾਂ ਦੇ ਸਹਾਰੇ ਸਰਗਰਮ ਔਸ਼ਧੀ ਸਮੱਗਰੀ (ਏਪੀਆਈ) ਅਤ ਮੁੱਖ ਸ਼ੁਰੂਆਤੀ ਸਮੱਗਰੀਆਂ (ਕੇਐੱਸਐੱਮ) ਦੇ ਸਥਾਨਕ ਉਤਪਾਦਨ ਵਿੱਚ ਤੇਜ਼ੀ ਨਾਲ ਤਰੱਕੀ ਹੋਈ ਹੈ। ਇਸ ਨਾਲ ਦੇਸ਼ ਵਿੱਚ ਦਵਾਈਆਂ ਦੀਆਂ ਕੀਮਤਾਂ ਘਟਾਉਣ ਵਿੱਚ ਮਦਦ ਮਿਲੀ ਹੈ, ਜੋ ਵਿਸ਼ਵ ਪੱਧਰ ‘ਤੇ ਸਭ ਤੋਂ ਘੱਟ ਕੀਮਤਾਂ ਵਿੱਚੋਂ ਇੱਕ ਹੈ ਅਤੇ ਇਸ ਦੇ ਕਾਰਨ ਨਾਗਰਿਕਾਂ ਲਈ ਸਿਹਤ ਸੰਭਾਲ ਦੀ ਲਾਗਤ ਕਿਫਾਇਤੀ ਬਣੀ ਰਹਿੰਦੀ ਹੈ। ਪ੍ਰਧਾਨ ਮੰਤਰੀ ਭਾਰਤ ਜਨ ਔਸ਼ਧੀ ਪਰਿਯੋਜਨਾ ਨੇ ਸਸਤੀਆਂ ਕੀਮਤਾਂ ‘ਤੇ ਗੁਣਵੱਤਾ ਵਾਲੀਆਂ ਜੈਨੇਰਿਕ ਦਵਾਈਆਂ ਤੱਕ ਪਹੁੰਚ ਦਾ ਵਿਸਤਾਰ ਕੀਤਾ ਹੈ, ਜਿਸ ਦੇ ਤਹਿਤ 19,000 ਤੋਂ ਵੱਧ ਜਨ ਔਸ਼ਧੀ ਕੇਂਦਰ ਲੱਖਾਂ ਲੋਕਾਂ ਦੀ ਸੇਵਾ ਕਰ ਰਹੇ ਹਨ। ਕੈਂਸਰ ਅਤੇ ਦੁਰੱਲਭ ਬਿਮਾਰੀਆਂ ਦੀਆਂ ਦਵਾਈਆਂ ਜਿਹੀਆਂ ਮਹੱਤਵਪੂਰਨ ਚਿਕਿਤਸਾ ਪ੍ਰਕਿਰਿਆਵਾਂ ‘ਤੇ ਕਸਟਮ ਡਿਊਟੀਆਂ ਨੂੰ ਸੁਚਾਰੂ ਬਣਾਉਣ ਜਿਹੇ ਪੂਰਕ ਉਪਾਅ ਜੀਵਨ ਰੱਖਿਅਕ ਇਲਾਜਾਂ ਤੱਕ ਪਹੁੰਚ ਨੂੰ ਹੋਰ ਪਹੁੰਚਯੋਗ ਬਣਾ ਰਹੇ ਹਨ। ਜਿਵੇਂ-ਜਿਵੇਂ ਉੱਨਤ ਚਿਕਿਤਸਾ ਪ੍ਰਕਿਰਿਆਵਾਂ ਵਧੇਰੇ ਵਿਆਪਕ ਹੋਣਗੀਆਂ, ਕਿਫਾਇਤੀ ਦਰ ਅਤੇ ਸਮਾਨ ਪਹੁੰਚ ਨੂੰ ਯਕੀਨੀ ਬਣਾਉਣਾ ਕੇਂਦਰੀ ਨੀਤੀ ਦੀ ਤਰਜੀਹ ਬਣੀ ਰਹੇਗੀ।

ਜਿਵੇਂ-ਜਿਵੇਂ ਉਦਯੋਗ ਵਿਕਸਿਤ ਹੋ ਰਿਹਾ ਹੈ, ਭਾਰਤ ਦਾ ਉਦੇਸ਼ ਨਾ ਸਿਰਫ਼ ਸਥਾਪਿਤ ਬਜ਼ਾਰਾਂ ਵਿੱਚ ਸਗੋਂ ਉਭਰਦੇ ਖੇਤਰਾਂ ਵਿੱਚ, ਖਾਸ ਕਰਕੇ ਨਵੀਨਤਾ-ਸੰਚਾਲਿਤ ਖੇਤਰਾਂ ਵਿੱਚ ਆਪਣੀ ਮੌਜੂਦਗੀ ਨੂੰ ਮਜ਼ਬੂਤ ਕਰਨਾ ਹੈ। ਸੁਧਾਰ, ਇਸ ਬਦਲਾਅ ਦੇ ਕੇਂਦਰ ਵਿੱਚ ਹਨ। ਰੈਗੂਲੇਟਰੀ ਤਾਲਮੇਲ, ਪ੍ਰਵਾਨਗੀ ਪ੍ਰਕਿਰਿਆਵਾਂ ਦਾ ਡਿਜੀਟਾਈਜ਼ੇਸ਼ਨ ਅਤੇ ਤੇਜ਼ੀ ਨਾਲ ਮਨਜ਼ੂਰੀ ਜਿਹੇ ਯਤਨ ਵਪਾਰ ਕਰਨ ਵਿੱਚ ਅਸਾਨੀ ਨੂੰ ਵਧਾ ਰਹੇ ਹਨ। ਗੁਣਵੱਤਾ ਮਿਆਰਾਂ ਅਤੇ ਰੈਗੂਲੇਟਰੀ ਪ੍ਰਕਿਰਿਆਵਾਂ ਨੂੰ ਮਜ਼ਬੂਤ ਬਣਾਉਣ ਨਾਲ ਭਾਰਤੀ ਔਸ਼ਧੀ ਉਤਪਾਦਾਂ ‘ਤੇ ਵਿਸ਼ਵਵਿਆਪੀ ਵਿਸ਼ਵਾਸ ਦੀ ਨਿਰੰਤਰਤਾ ਯਕੀਨੀ ਹੁੰਦੀ ਹੈ। ਹਾਲਾਂਕਿ, ਆਰਐਂਡਡੀ ਨਿਵੇਸ਼ ਵਧਾਉਣਾ ਇੱਕ ਪ੍ਰਮੁੱਖ ਚੁਣੌਤੀ ਬਣੀ ਹੋਈ ਹੈ। ਇਸ ਦਾ ਸਮਾਧਾਨ ਕਰਨ ਲਈ, ਜਨਤਕ-ਨਿਜੀ ਸਹਿਯੋਗ ਨੂੰ ਮਜ਼ਬੂਤੀ ਦੇਣਾ ਜ਼ਰੂਰੀ ਹੋਵੇਗਾ, ਤਾਂ ਜੋ ਲੰਬੇ ਸਮੇਂ ਦੀ ਨਵੀਨਤਾ ਨੂੰ ਬਣਾਏ ਰੱਖਿਆ ਜਾ ਸਕੇ। ਨੀਤੀਗਤ ਸਮਰਥਨ, ਤਕਨੀਕੀ ਤਰੱਕੀ ਅਤੇ ਬਜ਼ਾਰ ਦਾ ਆਪਸੀ ਤਾਲਮੇਲ; ਔਸ਼ਧੀ ਖੇਤਰ ਦੇ ਲਈ ਵਿਕਾਸ ਦਾ ਇੱਕ ਵਿਲੱਖਣ ਮੌਕਾ ਪੇਸ਼ ਕਰਦਾ ਹੈ। ਭਾਰਤ ਦਾ ਘਰੇਲੂ ਬਜ਼ਾਰ, ਜਿਸ ਦਾ ਮੁੱਲ ਪਹਿਲਾਂ ਤੋਂ ਹੀ 4 ਲੱਖ ਕਰੋੜ ਰੁਪਏ ਤੋਂ ਵੱਧ ਹੈ, ਨਿਰੰਤਰ ਵਿਸਤਾਰ ਲਈ ਤਿਆਰ ਹੈ। ਅਗਲੇ ਦਹਾਕੇ ਵਿੱਚ, ਭਾਰਤ ਨਾ ਸਿਰਫ਼ ਜੈਨੇਰਿਕ ਦਵਾਈਆਂ ਵਿੱਚ ਇੱਕ ਮੋਹਰੀ ਦੇਸ਼ ਦੇ ਰੂਪ ਵਿੱਚ, ਸਗੋਂ ਨਵੀਨਤਾਕਾਰੀ ਦਵਾਈਆਂ, ਫਰਮੈਂਟੇਸ਼ਨ-ਅਧਾਰਿਤ ਉਤਪਾਦਾਂ ਅਤੇ ਅਗਲੀ ਪੀੜ੍ਹੀ ਦੀ ਚਿਕਿਤਸਾ-ਸੇਵਾਵਾਂ ਵਿੱਚ ਵੀ ਇੱਕ ਸ਼ਕਤੀਸ਼ਾਲੀ ਕੇਂਦਰ ਵਜੋਂ ਉਭਰਨ ਲਈ ਬਿਹਤਰ ਸਥਿਤੀ ਵਿੱਚ ਹੈ। ਸਿੱਟੇ ਵਜੋਂ, ਭਾਰਤ ਦਾ ਫਾਰਮਾਸਿਊਟੀਕਲ ਸੈਕਟਰ ਨਵੇਂ ਪੜਾਅ ਵਿੱਚ ਪ੍ਰਵੇਸ਼ ਕਰ ਰਿਹਾ ਹੈ, ਜੋ ਨਵੀਨਤਾ, ਮਜ਼ਬੂਤੀ ਅਤੇ ਵਿਸ਼ਵਵਿਆਪੀ ਮੁਕਾਬਲੇਬਾਜ਼ੀ ਦੁਆਰਾ ਪਰਿਭਾਸ਼ਿਤ ਹੁੰਦਾ ਹੈ। ਬਾਇਓਫਾਰਮਾ ਸ਼ਕਤੀ ਪ੍ਰੋਗਰਾਮ ਜਿਹੀਆਂ ਪਹਿਲਕਦਮੀਆਂ, ਕਲੀਨਿਕਲ ਇਨਫਰਾਸਟ੍ਰਕਚਰ ਦੇ ਵਿਸਤਾਰ ਅਤੇ ਟੀਚਾਗਤ ਨਿਰਮਾਣ ਪ੍ਰੋਤਸਾਹਨਾਂ ਦੇ ਸਮਰਥਨ ਨਾਲ, ਭਾਰਤ ਹੌਲੀ-ਹੌਲੀ ਵੌਲਯੂਮ ਸੰਚਾਲਿਤ ਜੈਨੇਰਿਕ ਡਰੱਗ ਹੱਬ ਤੋਂ ਉੱਚ ਮੁੱਲ ਵਾਲੇ ਬਾਇਓਫਾਰਮਾ ਇਨੋਵੇਸ਼ਨ ਮੋਹਰੀ ਦੇਸ਼ ਵੱਲ ਅੱਗੇ ਵਧ ਰਿਹਾ ਹੈ। ਇਹ ਪਰਿਵਰਤਨ, ਗਲੋਬਲ ਹੈਲਥ ਕੇਅਰ ਵਿੱਚ ਭਾਰਤ ਦੀ ਭੂਮਿਕਾ ਨੂੰ ਮਜ਼ਬੂਤ ਕਰਨ ਅਤੇ ਮਾਣਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਜ਼ਨ, ਵਿਕਸਿਤ ਭਾਰਤ 2047 ਦੇ ਵਿਆਪਕ ਟੀਚਿਆਂ ਨੂੰ ਹਾਸਲ ਕਰਨ ਵਿੱਚ ਕੇਂਦਰੀ ਭੂਮਿਕਾ ਨਿਭਾਏਗਾ।



**ਜਗਤ ਪ੍ਰਕਾਸ਼ ਨੱਡਾ**
**(ਲੇਖਕ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਅਤੇ ਰਸਾਇਣ ਅਤੇ ਖਾਦ ਮੰਤਰੀ ਹਨ)**

# ਪੰਜਾਬ ਦੀ ਪਛਾਣ ਲਈ ਨਵੀਂ ਆਵਾਜ਼ : ਮਿਸਲ ਸਤਲੁਜ ਵੱਲੋਂ ਮਜ਼ਬੂਤ ਅਤੇ ਬਦਲਵੀਂ ਰਾਜਨੀਤਿਕ ਲਹਿਰ ਦੀ ਸ਼ੁਰੂਆਤ

ਜ਼ਿਕਰ ਪੰਜਾਬ

ਪੰਜਾਬ ਦੀ ਧਰਤੀ ਕੇਵਲ ਇਤਿਹਾਸਕ ਵਿਰਾਸਤ, ਬਹਾਦਰੀ ਅਤੇ ਸਵੈ-ਮਾਣ ਦੀ ਮਿਸਾਲ ਹੀ ਨਹੀਂ, ਸਗੋਂ ਲੋਕਤੰਤਰਕ ਜਾਗਰੂਕਤਾ ਅਤੇ ਆਪਣੇ ਅਧਿਕਾਰਾਂ ਲਈ ਲੜਨ ਦੀ ਅਟੱਲ ਪ੍ਰੇਰਣਾ ਦਾ ਸਰੋਤ ਵੀ ਰਹੀ ਹੈ। ਸਮੇਂ-ਸਮੇਂ ‘ਤੇ ਪੰਜਾਬ ਨੇ ਅਜਿਹੀ ਰਾਜਨੀਤਿਕ ਲਹਿਰਾਂ ਨੂੰ ਜਨਮ ਦਿੱਤਾ ਹੈ ਜਿਨ੍ਹਾਂ ਨੇ ਲੋਕਾਂ ਦੀਆਂ ਆਸਾਂ ਅਤੇ ਉਮੀਦਾਂ ਨੂੰ ਨਵੀਂ ਦਿਸ਼ਾ ਦਿੱਤੀ। ਇਸੀ ਪ੍ਰੰਪਰਾ ਨੂੰ ਅੱਗੇ ਵਧਾਉਂਦਿਆਂ ਮਿਸਲ ਸਤਲੁਜ ਇੱਕ ਮਜ਼ਬੂਤ ਅਤੇ ਬਦਲਵੀਂ ਰਾਜਨੀਤਿਕ ਧਾਰਾ ਵਜੋਂ ਪੰਜਾਬ ਵਿੱਚ ਉਭਰ ਰਹੀ ਹੈ, ਜੋ ਪੰਜਾਬ ਦੇ ਹਿੱਤਾਂ ਨੂੰ ਕੇਂਦਰ ਵਿੱਚ ਰੱਖ ਕੇ ਸੰਘਰਸ਼ ਕਰਨ ਲਈ ਵਚਨਬੱਧ ਹੈ।

ਮਿਸਲ ਸਤਲੁਜ ਦਾ ਮੂਲ ਉਦੇਸ਼ ਪੰਜਾਬ ਦੇ ਆਰਥਿਕ, ਸਮਾਜਿਕ ਅਤੇ ਸੱਭਿਆਚਾਰਕ ਹਿੱਤਾਂ ਦੀ ਰਾਖੀ ਕਰਨਾ ਹੈ।ਮਿਸਲ ਸਤਲੁਜ ਜਥੇਬੰਦੀ ਇਸ ਗੱਲ ਨੂੰ ਪੂਰੀ ਤਰ੍ਹਾਂ ਸਮਝਦੀ ਹੈ ਕਿ ਪੰਜਾਬ ਅੱਜ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ—ਜਿਵੇਂ ਕਿ ਨੌਜਵਾਨਾਂ ਦੀ ਬੇਰੁਜ਼ਗਾਰੀ, ਕਿਸਾਨੀ ਸੰਕਟ, ਪਾਣੀਆਂ ਦੇ ਮਸਲੇ, ਉਦਯੋਗਿਕ ਪਿੱਛੜਾਪਣ ਅਤੇ ਸੱਭਿਆਚਾਰਕ ਪਛਾਣ ‘ਤੇ ਪੈਦਾ ਹੋ ਰਹੇ ਖਤਰੇ। ਮਿਸਲ ਸਤਲੁਜ ਇਨ੍ਹਾਂ ਮੁੱਦਿਆਂ ਨੂੰ ਕੇਵਲ ਰਾਜਨੀਤਿਕ ਨਾਅਰਿਆਂ ਤੱਕ ਸੀਮਿਤ ਨਹੀਂ ਰੱਖਦੀ, ਸਗੋਂ ਵਿਵਹਾਰਿਕ ਹੱਲਾਂ ਰਾਹੀਂ ਇੱਕ ਨਵੀਂ ਦਿਸ਼ਾ ਦੇਣ ਦੀ ਕੋਸ਼ਿਸ਼ ਕਰ ਰਹੀ ਹੈ।

ਜਥੇਬੰਦੀ ਅਨੁਸਾਰ ਪੰਜਾਬ ਦੀ ਤਰੱਕੀ ਲਈ ਇੱਕ ਅਜਿਹੀ ਰਾਜਨੀਤਿਕ ਸੋਚ ਦੀ ਲੋੜ ਹੈ ਜੋ ਸੂਬੇ ਦੇ ਸਰੋਤਾਂ ‘ਤੇ ਪੰਜਾਬ ਦਾ ਪਹਿਲਾ ਹੱਕ ਯਕੀਨੀ ਬਣਾਏ ਅਤੇ ਕੇਂਦਰ-ਰਾਜ ਸੰਬੰਧਾਂ ਵਿੱਚ ਸੰਵਿਧਾਨਕ ਸੰਤੁਲਨ ਨੂੰ ਮਜ਼ਬੂਤ ਕਰੇ। ਇਸ ਦੇ ਨਾਲ ਹੀ ਮਿਸਲ ਸਤਲੁਜ ਸਿੱਖਿਆ, ਸਿਹਤ, ਉਦਯੋਗ ਅਤੇ ਖੇਤੀਬਾੜੀ ਦੇ ਖੇਤਰਾਂ ਵਿੱਚ ਨਵੀਂ ਨੀਤੀਗਤ ਦ੍ਰਿਸ਼ਟੀ ਲਿਆਉਣ ਲਈ ਪ੍ਰਤੀਬੱਧ ਹੈ, ਤਾਂ ਜੋ ਪੰਜਾਬ ਨੂੰ ਮੁੜ ਖੁਸ਼ਹਾਲੀ ਦੇ ਰਸਤੇ ‘ਤੇ ਲਿਆਂਦਾ ਜਾ ਸਕੇ।

ਮਿਸਲ ਸਤਲੁਜ ਦੀ ਰਾਜਨੀਤਿਕ ਦ੍ਰਿਸ਼ਟੀ ਸਿਰਫ਼ ਵਿਰੋਧ ਦੀ ਰਾਜਨੀਤੀ ਤੱਕ ਸੀਮਿਤ ਨਹੀਂ, ਸਗੋਂ ਰਚਨਾਤਮਕ ਅਤੇ ਲੋਕ-ਕੇਂਦਰਿਤ ਬਦਲਾਅ ਦੀ ਰਾਜਨੀਤੀ ਨੂੰ ਅੱਗੇ ਵਧਾਉਣ ‘ਤੇ ਕੇਂਦਰਿਤ ਹੈ। ਜਥੇਬੰਦੀ ਨੌਜਵਾਨਾਂ ਨੂੰ ਆਪਣੀ ਤਾਕਤ ਮੰਨਦੀ ਹੈ ਅਤੇ ਉਹਨਾਂ ਨੂੰ ਰਾਜਨੀਤਿਕ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰ ਬਣਾਉਣ ਲਈ ਪ੍ਰੇਰਿਤ ਕਰ ਰਹੀ ਹੈ, ਤਾਂ ਜੋ ਭਵਿੱਖ ਦੀ ਨੀਤੀ-ਨਿਰਧਾਰਕ ਸੋਚ ਵਿੱਚ ਨਵੀਂ ਊਰਜਾ ਅਤੇ ਨਵੀਂ ਦਿਸ਼ਾ ਸ਼ਾਮਲ ਹੋ ਸਕੇ।

ਇਸ ਤੋਂ ਇਲਾਵਾ, ਮਿਸਲ ਸਤਲੁਜ ਸਮਾਜਕ ਇਕਤਾ, ਭਾਈਚਾਰਕ ਸਾਂਝ ਅਤੇ ਲੋਕਤੰਤਰਕ ਮੁੱਲਾਂ ਨੂੰ ਮਜ਼ਬੂਤ ਕਰਨ ਲਈ ਵੀ ਸੰਕਲਪਬੱਧ ਹੈ। ਜਥੇਬੰਦੀ ਦਾ ਵਿਸ਼ਵਾਸ ਹੈ ਕਿ ਪੰਜਾਬ ਦੀ ਅਸਲ ਤਾਕਤ ਉਸ ਦੀ ਲੋਕ-ਏਕਤਾ ਅਤੇ ਸਾਂਝੀ ਵਿਰਾਸਤ ਵਿੱਚ ਵੱਸਦੀ ਹੈ, ਜਿਸਨੂੰ ਮਜ਼ਬੂਤ ਕਰਕੇ ਹੀ ਇੱਕ ਖੁਸ਼ਹਾਲ ਅਤੇ ਸਵੈ-ਨਿਰਭਰ ਪੰਜਾਬ ਦੀ ਰਚਨਾ ਕੀਤੀ ਜਾ ਸਕਦੀ ਹੈ।

ਅੱਜ ਦੇ ਇਸ ਸੰਵੇਦਨਸ਼ੀਲ ਅਤੇ ਚੁਣੌਤੀ ਭਰੇ ਸਮੇਂ ਵਿੱਚ ਮਿਸਲ ਸਤਲੁਜ ਵੱਲੋਂ ਸ਼ੁਰੂ ਕੀਤੀ ਗਈ ਇਹ ਬਦਲਵੀਂ ਰਾਜਨੀਤਿਕ ਲਹਿਰ ਪੰਜਾਬ ਦੀ ਨਵੀਂ ਉਮੀਦ ਬਣ ਕੇ ਸਾਹਮਣੇ ਆ ਰਹੀ ਹੈ। ਇਹ ਲਹਿਰ ਨਾ ਸਿਰਫ਼ ਸੂਬੇ ਦੇ ਹਿੱਤਾਂ ਦੀ ਰੱਖਿਆ ਲਈ ਪ੍ਰਤੀਬੱਧ ਹੈ, ਸਗੋਂ ਪੰਜਾਬ ਨੂੰ ਮੁੜ ਉਸਦੀ ਸ਼ਾਨਦਾਰ ਪਛਾਣ ਅਤੇ ਖੁਸ਼ਹਾਲ ਭਵਿੱਖ ਵੱਲ ਲੈ ਜਾਣ ਦਾ ਇੱਕ ਮਜ਼ਬੂਤ ਇਰਾਦਾ ਹੈ।




**“ਪੂਰਾ ਪੰਜਾਬ ਮੁਹਿੰਮ”- ਸ੍ਰੀ ਅਜੇਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਮਿਸਲ ਸਤਲੁਜ ਵੱਲੋਂ ਪੰਜਾਬ ਕੇਂਦਰਿਤ ਮਜ਼ਬੂਤ ਬਦਲਵੀਂ ਰਾਜਨੀਤਿਕ ਲਹਿਰ ਦਾ ਆਗਾਜ਼**

ਪੰਜਾਬ ਦੀ ਅਸਮਿਤਾ, ਅਧਿਕਾਰਾਂ ਅਤੇ ਭਵਿੱਖੀ ਖੁਸ਼ਹਾਲੀ ਨੂੰ ਕੇਂਦਰ ਵਿੱਚ ਰੱਖਦਿਆਂ ਮਿਸਲ ਸਤਲੁਜ ਵੱਲੋਂ ਸ਼ੁਰੂ ਕੀਤੀ ਗਈ “ਪੂਰਾ ਪੰਜਾਬ ਮੁਹਿੰਮ”ਅੱਜ ਇੱਕ ਨਵੀਂ ਜਨ-ਚੇਤਨਾ ਦਾ ਰੂਪ ਧਾਰਦੀ ਨਜ਼ਰ ਆ ਰਹੀ ਹੈ। ਜਥੇਬੰਦੀ ਦੇ ਪ੍ਰਧਾਨ ਸ੍ਰੀ ਅਜੇਪਾਲ ਸਿੰਘ ਬਰਾੜ ਦੀ ਦੂਰਅੰਦੇਸ਼ ਅਗਵਾਈ ਵਿੱਚ ਇਹ ਮੁਹਿੰਮ ਪੰਜਾਬ ਦੇ ਹੱਕਾਂ, ਸਨਮਾਨ ਅਤੇ ਸਰੋਤਾਂ ਦੀ ਰੱਖਿਆ ਲਈ ਇੱਕ ਮਜ਼ਬੂਤ ਅਤੇ ਬਦਲਵੀਂ ਰਾਜਨੀਤਿਕ ਧਾਰਾ ਵਜੋਂ ਉਭਰ ਰਹੀ ਹੈ।

“ਪੂਰਾ ਪੰਜਾਬ ਮੁਹਿੰਮ”ਦਾ ਕੇਂਦਰੀ ਉਦੇਸ਼ ਸਿਰਫ਼ ਰਾਜਨੀਤਿਕ ਵਾਅਦਿਆਂ ਤੱਕ ਸੀਮਿਤ ਨਹੀਂ, ਸਗੋਂ ਪੰਜਾਬ ਦੇ ਆਰਥਿਕ, ਸਮਾਜਿਕ ਅਤੇ ਸੱਭਿਆਚਾਰਕ ਹਿੱਤਾਂ ਦੀ ਸੰਪੂਰਨ ਰੱਖਿਆ ਅਤੇ ਪੁਨਰ ਸਥਾਪਨਾ ਕਰਨਾ ਹੈ। ਇਹ ਮੁਹਿੰਮ ਪੰਜਾਬ ਦੇ ਲੋਕਾਂ ਵਿੱਚ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਦਿਆਂ ਇੱਕ ਅਜਿਹੀ ਲੋਕ-ਅਧਾਰਿਤ ਰਾਜਨੀਤਿਕ ਲਹਿਰ ਨੂੰ ਜਨਮ ਦੇ ਰਹੀ ਹੈ, ਜੋ ਸੂਬੇ ਦੀ ਅਸਲ ਲੋੜਾਂ ਨੂੰ ਪਹਿਲ ਦੇ ਅਧਾਰ ‘ਤੇ ਹੱਲ ਕਰਨ ਲਈ ਵਚਨਬੱਧ ਹੈ।

ਸ੍ਰੀ ਅਜੇਪਾਲ ਸਿੰਘ ਬਰਾੜ ਨੇ ਆਪਣੇ ਸੰਬੋਧਨਾਂ ਵਿੱਚ ਵਾਰ-ਵਾਰ ਇਹ ਗੱਲ ਉਭਾਰੀ ਹੈ ਕਿ ਪੰਜਾਬ ਅੱਜ ਕਈ ਸੰਵੇਦਨਸ਼ੀਲ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ—ਪਾਣੀਆਂ ਦੇ ਹੱਕਾਂ ਦੀ ਲੜਾਈ, ਕਿਸਾਨੀ ਸੰਕਟ, ਉਦਯੋਗਿਕ ਪਿੱਛੜਾਪਣ, ਬੇਰੁਜ਼ਗਾਰੀ ਦੀ ਵਧਦੀ ਦਰ ਅਤੇ ਨੌਜਵਾਨੀ ਦਾ ਪ੍ਰਵਾਸ ਵੱਲ ਰੁਝਾਨ। “ਪੂਰਾ ਪੰਜਾਬ ਮੁਹਿੰਮ”ਦਾ ਮੁੱਖ ਮੰਤਵ ਇਨ੍ਹਾਂ ਮੁੱਦਿਆਂ ‘ਤੇ ਇੱਕ ਢੁੱਕਵੀਂ ਅਤੇ ਦੂਰਦਰਸ਼ੀ ਨੀਤੀਗਤ ਦ੍ਰਿਸ਼ਟੀ ਤਿਆਰ ਕਰਨਾ ਹੈ, ਤਾਂ ਜੋ ਪੰਜਾਬ ਨੂੰ ਮੁੜ ਤਰੱਕੀ ਦੇ ਰਸਤੇ ‘ਤੇ ਲਿਆਂਦਾ ਜਾ ਸਕੇ।

ਮਿਸਲ ਸਤਲੁਜ ਦੀ ਇਹ ਮੁਹਿੰਮ ਪੰਜਾਬ ਦੇ ਹਰੇਕ ਵਰਗ—ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਪਾਰੀਆਂ ਅਤੇ ਬੁੱਧੀਜੀਵੀਆਂ—ਨੂੰ ਇਕ ਸਾਂਝੇ ਮੰਚ ‘ਤੇ ਇਕੱਠਾ ਕਰਕੇ ਇੱਕ ਲੋਕ-ਕੇਂਦਰਿਤ ਰਾਜਨੀਤਿਕ ਬਦਲਾਅ ਦੀ ਦਿਸ਼ਾ ਵਿੱਚ ਅੱਗੇ ਵਧ ਰਹੀ ਹੈ। ਜਥੇਬੰਦੀ ਦਾ ਵਿਸ਼ਵਾਸ ਹੈ ਕਿ ਜਦੋਂ ਤੱਕ ਪੰਜਾਬ ਦੇ ਸਰੋਤਾਂ ‘ਤੇ ਪੰਜਾਬ ਦਾ ਪਹਿਲਾ ਹੱਕ ਯਕੀਨੀ ਨਹੀਂ ਬਣਦਾ, ਤਦ ਤੱਕ ਸੂਬੇ ਦੀ ਸੰਪੂਰਨ ਤਰੱਕੀ ਸੰਭਵ ਨਹੀਂ। ਇਸ ਮੁਹਿੰਮ ਰਾਹੀਂ ਮਿਸਲ ਸਤਲੁਜ ਸਿਰਫ਼ ਸਮੱਸਿਆਵਾਂ ਦੀ ਪਹਿਚਾਣ ਹੀ ਨਹੀਂ ਕਰ ਰਹੀ, ਸਗੋਂ ਲੋਕਾਂ ਨਾਲ ਸਿੱਧੀ ਗੱਲਬਾਤ ਕਰਕੇ ਉਹਨਾਂ ਦੇ ਸੁਝਾਵਾਂ ਨੂੰ ਆਪਣੇ ਭਵਿੱਖੀ ਕਾਰਜ-ਯੋਜਨਾ ਦਾ ਹਿੱਸਾ ਬਣਾਉਣ ਦੀ ਦਿਸ਼ਾ ਵਿੱਚ ਵੀ ਅੱਗੇ ਵੱਧ ਰਹੀ ਹੈ। ਇਹ ਜਨਤਾ ਦੀ ਸ਼ਮੂਲੀਅਤ ਦੀ ਸੋਚ ਹੀ ਇਸ ਮੁਹਿੰਮ ਨੂੰ ਇੱਕ ਵਿਲੱਖਣ ਅਤੇ ਭਰੋਸੇਯੋਗ ਰਾਜਨੀਤਿਕ ਪਹਲ ਬਣਾਉਂਦੀ ਹੈ।


ਮਨਮੋਹਨ ਸਿੰਘ

“ਪੂਰਾ ਪੰਜਾਬ ਮੁਹਿੰਮ”ਅਸਲ ਵਿੱਚ ਇੱਕ ਅਜਿਹੀ ਜਨ-ਅੰਦੋਲਨਾਤਮਕ ਲਹਿਰ ਬਣਦੀ ਜਾ ਰਹੀ ਹੈ, ਜੋ ਪੰਜਾਬ ਦੀ ਪਛਾਣ, ਅਧਿਕਾਰਾਂ ਅਤੇ ਖੁਸ਼ਹਾਲੀ ਲਈ ਨਵੀਂ ਦਿਸ਼ਾ ਨਿਰਧਾਰਤ ਕਰਨ ਦਾ ਸੰਕਲਪ ਲੈ ਕੇ ਅੱਗੇ ਵੱਧ ਰਹੀ ਹੈ। ਸ੍ਰੀ ਅਜੇਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਮਿਸਲ ਸਤਲੁਜ ਦਾ ਇਹ ਯਤਨ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਅਤੇ ਆਤਮ-ਨਿਰਭਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋ ਰਿਹਾ ਹੈ।

**ਲੋਕ ਸੰਪਰਕ ਸਲਾਹਕਾਰ**
**ਉਪ ਸਕੱਤਰ ਲੋਕ ਸੰਪਰਕ (ਸੇਵਾ ਮੁਕਤ) ਪਾਵਰਕਾਮ**
**ਫੋਨ : 84377-25172**

# ਬੇਹੱਦ ਸ਼ਲਾਘਾਯੋਗ ਹਨ ਭਗਵੰਤ ਮਾਨ ਸਰਕਾਰ ਦੇ ਲੋਕ ਪੱਖੀ ਫ਼ੈਸਲੇ

ਜ਼ਿਕਰ ਪੰਜਾਬ

**ਮਹਿਲਾਵਾਂ ਨੂੰ ਪੰਜਾਬ ਵਿਚ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਪ੍ਰਦਾਨ ਕਰਕੇ ਉਨ੍ਹਾ ਦੀ ਬਚਤ ਵਿਚ ਵਾਧਾ ਕੀਤਾ ਹੈ ਤੇ ਮਹਿਲਾਵਾਂ ਨੂੰ ਆਰਥਿਕ ਪੱਖੋਂ ਹੋਰ ਸਸ਼ਕਤ ਅਤੇ ਮਜ਼ਬੂਤ ਕਰਨ ਲਈ ਆਪ ਸਰਕਾਰ ਨੇ ਪ੍ਰਤੀ ਮਹਿਲਾ ਇਕ ਹਜ਼ਾਰ ਰੁਪਏ ਦੇਣ ਸਬੰਧੀ ਕਾਰਵਾਈ ਵੀ ਅਮਲ ਵਿਚ ਲਿਆ ਦਿੱਤੀ ਗਈ ਹੈ। ਇਹ ਸਰਕਾਰ ਪੰਜਾਬ ਵਿਚ ‘ਸਿੱਖਿਆ ਕ੍ਰਾਂਤੀ’,‘ਸਿਹਤ ਕ੍ਰਾਂਤੀ’ ‘ਰੁਜ਼ਗਾਰ ਕ੍ਰਾਂਤੀ’ ਲਿਆਉਣ ਲਈ ਅਤੇ ‘ਕਿਸਾਨ’, ‘ਮਜ਼ਦੂਰ’ ਅਤੇ ‘ਮਹਿਲਾਵਾਂ’ ਨੂੰ ਸਸ਼ਕਤ ਕਰਨ ਲਈ ਯਤਨਸ਼ੀਲ ਹੈ ਕਿਉਂਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਇਹ ਮੰਨਣਾ ਹੈ ਕਿ ਜੇਕਰ ਪੰਜਾਬ ਵਿੱਚ ਸਿੱਖਿਆ, ਸਿਹਤ, ਰੁਜ਼ਗਾਰ, ਮਹਿਲਾ, ਕਿਸਾਨ ਅਤੇ ਆਮ ਕਾਰੋਬਾਰੀ ਦਾ ਜੀਵਨ ਪੱਧਰ ਸੁਧਰੇਗਾ ਤਾਂ ਪੰਜਾਬ ਖ਼ੁਸ਼ਹਾਲੀ ਅਤੇ ਤਰੱਕੀ ਦੇ ਮਾਰਗ ’ਤੇ ਹਮਸ਼ਾ ਲਈ ਚੱਲ ਪਏਗਾ।**

ਇਹ ਪੂਰਨ ਤੌਰ ’ਤੇ ਸੱਚ ਹੈ ਕਿ ਅੱਜ ਤੋਂ ਲਗਪਗ ਚਾਰ ਕੁ ਸਾਲ ਪਹਿਲਾਂ 16 ਮਾਰਚ,2022 ਨੂੰ ਜਦੋਂ ਪੰਜਾਬ ਵਿਧਾਨ ਸਭ ਚੋਣਾਂ ਵਿਚ ਆਮ ਆਦਮੀ ਪਾਰਟੀ ਵੱਲੋਂ ਪਹਿਲੀ ਵਾਰ 92 ਸੀਟਾਂ ਹਾਸਿਲ ਕਰਕੇ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਰਕਾਰ ਕਾਇਮ ਕੀਤੀ ਸੀ ਤਾਂ ਵਿਰੋਧੀ ਦਲਾਂ ਅਤੇ ਸਿਆਸੀ ਵਿਸ਼ਲੇਸ਼ਕਾਂ ਤੇ ਆਲੋਚਕਾਂ ਨੇ ਪੰਜਾਬ ਦੇ ਲੋਕਾਂ ਵੱਲੋਂ ਇਹ ਸਰਕਾਰ ‘ਨਾ-ਤਜਰਬੇਕਾਰ’ ਹੱਥਾਂ ਵਿਚ ਸੌਂਪ ਦੇਣ ਦੇ ਦਾਅਵੇ ਕੀਤੇ ਗਏ ਸਨ ਪਰ ਆਮ ਆਦਮੀ ਦੇ ਹਿੱਤਾਂ ਦੀ ਪੂਰਤੀ ਲਈ ਚੁਣੀ ਗਈ ਸਰਕਾਰ ਹੋਣ ਦਾ ਦਾਅਵਾ ਕਰਨ ਵਾਲੀ ਸ.ਭਗਵੰਤ ਸਿੰਘ ਮਾਨ ਸਰਕਾਰ ਨੇ ਹੁਣ ਤੱਕ ਕਈ ਅਜਿਹੇ ਵੱਡੇ ਤੇ ਮਹੱਤਵਪੂਰਨ ਫ਼ੈਸਲੇ ਲਏ ਹਨ ਜਿਨ੍ਹਾ ਨੇ ਆਮ ਆਦਮੀ ਨੂੰ ਵਾਕਿਆ ਹੀ ਲਾਭ ਪਹੁੰਚਾਇਆ ਹੈ ਤੇ ਉਸਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਉਸਦੀਆਂ ਨਿਤ ਦਿਨ ਦੀਆਂ ਮੁਸ਼ਕਿਲਾਂ ਨੂੰ ਸੁਖ਼ਾਲਾ ਕਰਨ ਦਾ ਯਤਨ ਕੀਤਾ ਹੈ। ਮਾਨ ਸਰਕਾਰ ਦਾ ਜ਼ਮੀਨਾਂ ਦੀਆਂ ਰਜਿਸਟਰੀਆਂ ਸਬੰਧੀ ਕਾਰਵਾਈ ਨੂੰ ‘ਆਸਾਨ’,‘ਘੱਟ ਸਮਾਂ ਖ਼ਰਾਬ ਕਰਨ ਵਾਲੀ ’ਤੇ ‘ਭ੍ਰਿਸ਼ਟਾਚਾਰ ਮੁਕਤ’ ਕਰ ਦੇਣ ਸਬੰਧੀ ਮੁਹਿੰਮ ਦਾ ਆਗਾਜ਼ ਕਰਨਾ ਵਾਕਿਆ ਹੀ ਆਮ ਲੋਕਾਂ ਦੀ ਤਹਿਸੀਲਾਂ ਤੇ ਕਚਹਿਰੀਆਂ ਵਿਚ ਹੁੰਦੀ ਖੱਜਲਖੁਆਰੀ ਅਤੇ ਲੁੱਟ ਨੂੰ ਠੱਲ੍ਹ ਪਾ ਰਿਹਾ ਹੈ। ਇਸੇ ਤਰ੍ਹਾਂ ‘ਉਡ਼ਤਾ ਪੰਜਾਬ’ ਜਿਹੇ ਦਾਗ਼ੀ ਲਕਬਾਂ ਨਾਲ ਅਪਮਾਨਿਤ ਕੀਤੇ ਜਾ ਚੁੱਕੇ ਪੰਜਾਬ ਦੇ ਮੱਥੇ ਤੋਂ ਨਸ਼ਿਆਂ ਦਾ ਦਾਗ਼ ਧੋਣ ਲਈ ਇਸ ਸਰਕਾਰ ਵੱਲੋਂ ਸ਼ੁਰੂ ਕੀਤੇ ‘ਯੁੱਧ ਨਸ਼ਿਆਂ ਵਿਰੁੱਧ’ ਅਭਿਆਨ ਦੇ ਵੀ ਬਹੁਤ ਹੀ ਸਾਰਥਕ ਨਤੀਜੇ ਸਾਹਮਣੇ ਆਏ ਹਨ ਜਿਨ੍ਹਾ ਵਿਚ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਜੇਲ੍ਹਾਂ ’ਚ ਸੁੱਟ ਦਿੱਤਾ ਗਿਆ ਹੈ ਤੇ ਮਣਾਂ ਮੂੰਹੀਂ ਨਸ਼ੀਲੇ ਪਦਾਰਥ ਜ਼ਬਤ ਕਰਨ ਦੇ ਨਾਲ-ਨਾਲ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਢਾਹੁਣ ਜਿਹੇ ਸਖ਼ਤ ਕਦਮ ਵੀ ਚੁੱਕੇ ਗਏ ਹਨ। ਉਂਜ ਇਹ ਗੱਲ ਸਭ ਜਾਣਦੇ ਹਨ ਕਿ ਇਕ ਸਰਹੱਦੀ ਸੂਬਾ ਹੋਣ ਕਰਕੇ ਅਤੇ ਪਿਛਲੀਆਂ ਸਰਕਾਰਾਂ ਦੀ ਪੁਸ਼ਤ-ਪਨਾਹੀ ਸਦਕਾ ਨਸ਼ਿਆਂ ਦਾ ਕਾਰੋਬਾਰ ਪੰਜਾਬ ਦੀ ਗਲੀ -ਗਲੀ ਤੇ ਘਰ-ਘਰ ਤੱਕ ਪੁੱਜ ਚੁੱਕਾ ਸੀ। ਸਿਆਸਤਦਾਨ-ਪੁਲਿਸ-ਨਸ਼ਾ ਤਸਕਰ ਆਦਿ ਦੇ ਇਸ ਮਜ਼ਬੂਤ ਅਤੇ ਖ਼ਤਰਨਾਕ ਗਠਜੋੜ ਨੂੰ ਤੋੜ ਪਾਉਣ ਲਈ ਬਹੁਤ ਸਮਾਂ ਚਾਹੀਦਾ ਸੀ ਪਰ ਮਾਨ ਸਰਕਾਰ ਨੇ ਆਪਣੀ ਇਸ ਕੋਸ਼ਿਸ਼ ਨੂੰ ਮੁਹਿੰਮ ਬਣਾਉਂਦਿਆਂ ਹੋਇਆਂ ਲਗਾਤਾਰ ਕਾਰਵਾਈਆਂ ਜਾਰੀ ਰੱਖੀਆਂ ਤੇ ਨਤੀਜਾ ਇਹ ਨਿੱਕਲਿਆ ਕਿ ਅੱਜ ਦੀ ਤਾਰੀਖ਼ ਵਿਚ ਅਨੇਕਾਂ ਹੀ ਪੁਲਿਸ ਅਫ਼ਸਰ, ਸਿਆਸੀ ਆਗੂ ਅਤੇ ਨਸ਼ਾ ਤਸਕਰ ਜਾਂ ਤਾਂ ਜੇਲ੍ਹ ਦੀ ਹਵਾ ਖਾ ਰਹੇ ਹਨ ਜਾਂ ਫਿਰ ਅਦਾਲਤਾਂ ਵਿਚ ਮੁਕੱਦਮਿਆਂ ਦਾ ਸਾਹਮਣਾ ਕਰ ਰਹੇ ਹਨ। ਮਾਨ ਸਰਕਾਰ ਦੀ ਅਗਲਾ ਲੋਕ ਪੱਖੀ ਫ਼ੈਸਲਾ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰਨ ਲਈ ਸਰਕਾਰੀ ਅਤੇ ਨਿਜੀ ਅਦਾਰਿਆਂ ਵਿਚ ਭਰਤੀ ਮੁਹਿੰਮ ਸ਼ੁਰੂ ਕਰਨਾ ਵੀ ਰਿਹਾ ਹੈ। ਸਰਕਾਰੀ ਅੰਕੜਿਆਂ ਅਨੁਸਾਰ ਹੁਣ ਤੱਕ ਪੰਜਾਬ ਦੇ 62 ਹਜ਼ਾਰ ਤੋਂ ਵੀ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਗੁਮਰਾਹ ਕਰਕੇ ਗ਼ਲਤ ਤਰੀਕਿਆਂ ਨਾਲ ਵਿਦੇਸ਼ ਭੇਜਣ ਵਾਲੇ ਟਰੈਵਲ ਏਜੰਟਾਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੇ ਜਾਣ ਦੇ ਕਦਮਾਂ ਨੇ ਆਮ ਲੋਕਾਂ ਨੂੰ ਭਾਰੀ ਰਾਹਤ ਪਹੁੰਚਾਈ ਹੈ। ਇਸ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਅਤੇ ਸਵੈ-ਰੁਜ਼ਗਾਰ ਦੇ ਕਾਬਿਲ ਬਣਾਂਉਣ ਲਈ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿਚ ‘ਕਿੱਤਾ ਮੁਖੀ ਕੋਰਸ’ ਲਾਜ਼ਮੀ ਕਰ ਦਿੱਤੇ ਹਨ ਤੇ ‘ਬਿਜ਼ਨਸ ਬਲਾਸਟਰ’ ਜਿਹੀ ਛੋਟੇ ਉੱਦਮੀ ਤੋਂ ਵੱਡੇ ਕਾਰੋਬਾਰੀ ਬਣਨ ਦੀ ਯੋਜਨਾ ਵੀ ਲਾਗੂ ਕਰ ਦਿੱਤੀ ਹੈ ਜਿਸਦੇ ਰਾਹੀਂ ਸਕੂਲਾਂ ਦੀਆਂ ਵੱਡੀਆਂ ਜਮਾਤਾਂ ਦੇ ਬੱਚਿਆਂ ਨੂੰ ਮਾਰਗਦਰਸ਼ਨ, ਸਿਖਲਾਈ ਅਤੇ ਛੋਟੇ ਪੱਧਰ ਦੀ ਵਿੱਤੀ ਮਦਦ ਪ੍ਰਦਾਨ ਕਰਕੇ ਆਉਣ ਵਾਲੇ ਸਮੇਂ ਵਿਚ ‘ਨੌਕਰੀ ਮੰਗਣ ਵਾਲੇ’ ਨਹੀਂ ਸਗੋਂ ‘ਨੌਕਰੀ ਦੇਣ ਵਾਲੇ’ ਬਣਾਉਣ ਦੀ ਚਾਹਤ ਹੈ। ਦਿੱਲੀ ਵਿਚ ਸਫ਼ਲ ਰਹਿ ਚੁੱਕੀ ਇਹ ਯੋਜਨਾ ਆਉਣ ਵਾਲੇ ਸਮੇਂ ਵਿਚ ਪੰਜਾਬ ਵਿਚ ਵੀ ਚੰਗੇ ਨਤੀਜੇ ਵਿਖਾਅ ਸਕਦੀ ਹੈ।ਭਾਰਤ ਸਰਕਾਰ ਵੱਲੋਂ ਫ਼ੌਜ ਵਿੱਚ ਭਰਤੀ ਕੀਤੇ ‘ਅਗਨੀਵੀਰਾਂ’ ਦੀ ਅਣਦੇਖੀ ਨੂੰ ਵੇਖ਼ਦਿਆਂ ਹੋਇਆਂ ਭਗਵੰਤ ਮਾਨ ਸਰਕਾਰ ਨੇ ਸ਼ਹੀਦ ਹੋਣ ਵਾਲੇ ਹਰੇਕ ਅਗਨੀਵੀਰ ਲਈ ਇਕ ਕਰੋੜ ਰੁਪਏ ਦੀ ਸਨਮਾਨ ਰਾਸ਼ੀ ਪ੍ਰਦਾਨ ਕਰਨ ਦਾ ਜੋ ਕਾਰਜ ਕੇਵਲ ਕਹਿ ਕੇ ਨਹੀਂ ਸਗੋਂ ਹਕੀਕਤ ਵਿਚ ਕਰ ਕੇ ਵਿਖ਼ਾਇਆ ਹੈ, ਉਹ ਸਿਫ਼ਤਯੋਗ ਹੈ। ਪੰਜਾਬ ਦੀਆਂ ਸੜ੍ਹਕਾਂ ’ਤੇ ਲੱਗੇ ਟੋਲ ਪਲਾਜ਼ੇ ਜੋ ਕਿ ਰਾਹਗੀਰਾਂ ਤੋਂ ਵਸੂਲੀ ਦੀ ਆਪਣੀ ਲੋੜੀਂਦੀ ਮਿਆਦ ਲੰਘਾਅ ਚੁੱਕੇ ਸਨ ਤੇ ਪਿਛਲੀਆਂ ਸਰਕਾਰਾਂ ਦੀ ਸਰਪ੍ਰਸਤੀ ਤੇ ਰਾਜਸੀ ਆਗੂਆਂ ਦੀ ਮਿਲੀਭੁਗਤ ਸਦਕਾ ਲਗਾਤਾਰ ਵਸੂਲੀ ਕਰੀ ਜਾ ਰਹੇ ਸਨ,ਦੀ ਪਛਾਣ ਕਰਕੇ ਉਨ੍ਹਾ ਨੂੰ ਬੰਦ ਕਰਨ ਤੇ ਲੋਕਾਂ ਨੂੰ ਉਨ੍ਹਾ ਸੜ੍ਹਕਾਂ ’ਤੇ ਟੋਲਮੁਕਤ ਆਵਾਜਾਈ ਪ੍ਰਦਾਨ ਕਰਨ ਵਿਚ ਸ.ਭਗਵੰਤ ਸਿੰਘ ਮਾਨ ਅਤੇ ਟਰਾਂਸਪੋਰਟ ਮੰਤਰੀ ਪੰਜਾਬ ਨੇ ਸ਼ਲਾਘਾਯੋਗ ਭੂਮਿਕਾ ਅਦਾ ਕੀਤੀ ਹੈ ਤੇ ਪੰਜਾਬ ਵਾਸੀਆਂ ਨੂੰ ਭਰੋਸਾ ਦੁਆਇਆ ਹੈ ਕਿ ਆਉਣ ਵਾਲੇ ਸਮੇਂ ਵਿਚ ਅਜਿਹੇ ਸਭ ਟੋਲ ਪਲਾਜ਼ੇ ਖ਼ਤਮ ਕਰ ਦਿੱਤੇ ਜਾਣਗੇ ਜਿਨ੍ਹਾ ਦਾ ਕਰਾਰ ਖ਼ਤਮ ਹੋਣ ਜਾ ਰਿਹਾ ਹੈ। ਇਸੇ ਤਰ੍ਹਾਂ ‘ਖ਼ੂਨੀ ਸੜ੍ਹਕਾਂ’ ਦਾ ਰੂਪ ਧਾਰ ਰਹੀਆਂ ਪੰਜਾਬ ਦੀਆਂ ਸੜ੍ਹਕਾਂ ਤੋਂ ਹਾਦਸੇ ਘੱਟ ਕਰਨ ਲਈ ਤੇ ਹਾਦਸਾ ਪੀੜਿਤਾਂ ਨੂੰ ਤੁਰੰਤ ਮੈਡੀਕਲ ਸਹਾਇਤਾ ਪ੍ਰਦਾਨ ਕਰਕੇ ਉਨ੍ਹਾ ਦੀ ਜਾਨਾਂ ਦੀ ਰੱਖਿਆ ਕਰਨ ਹਿਤ ‘ਸੜਕ ਸੁਰੱਖਿਆ ਫ਼ੋਰਸ’ ਦਾ ਗਠਨ ਅਤੇ ਤੈਨਾਤੀ ਇਸ ਸਰਕਾਰ ਦਾ ਬਹੁਤ ਪ੍ਰਸ਼ੰਸ਼ਾਯੋਗ ਕਾਰਜ ਹੈ।ਸਕੂਲਾਂ ਅਤੇ ਕਾਲਜਾਂ ਵਿਚ ਜਾ ਕੇ ਟਰੈਫ਼ਿਕ ਪੁਲਿਸ ਅਧਿਕਾਰੀਆਂ ਵੱਲੋਂ ਨਿਰੰਤਰ ਹੀ ਵਿਦਿਆਰਥੀਆਂ ਨੂੰ ਟਰੈਫ਼ਿਕ ਨਿਯਮਾਂ ਦੀ ਪਾਲਣਾ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਸਕੂਲ ਵੈਨਾਂ ਅਤੇ ਬੱਸਾਂ ’ਤੇ ਵੀ ਸਖ਼ਤੀ ਨਾਲ ਸ਼ਿਕੰਜਾ ਕੱਸਿਆ ਜਾ ਰਿਹਾ ਹੈ।ਉਕਤ ਕਦਮਾਂ ਸਦਕਾਂ ਪੰਜਾਬ ਅੰਦਰ ਸੜ੍ਹਕ ਹਾਦਸਿਆਂ ਅਤੇ ਹਾਦਸਿਆਂ ਵਿਚ ਹੁੰਦੀਆਂ ਮੌਤਾਂ ਵਿਚ 45 ਫ਼ੀਸਦੀ ਤੱਕ ਦੀ ਕਮੀ ਆ ਗਈ ਹੈ ਜੋ ਕਿ ਵਾਕਿਆ ਹੀ ਸ਼ਲਾਘਾਯੋਗ ਹੈ। ਪੰਜਾਬ ਵਿਚ ਕਾਨੂੰਨ ਵਿਵਸਥਾ ਦੀ ਬਹਾਲੀ ਲਈ ਸਰਕਾਰ ਵੱਲੋਂ ਕਈ ਕਦਮ ਚੁੱਕੇ ਜਾ ਰਹੇ ਹਨ।ਪੰਜਾਬ ਪੁਲਿਸ ਨੂੰ ਵਧੀਆ ਵਾਹਨ ਅਤੇ ਨਵੀਆਂ ਤਕਨੀਕਾਂ ਅਤੇ ਸਿਖਲਾਈ ਪ੍ਰਦਾਨ ਕੀਤੀ ਜਾ ਰਹੀ ਹੈ। ਪੰਜਾਬ ਵਿਚ ਜੁਰਮ ਕਰਨ ਵਾਲੇ ਅਪਰਾਧੀਆਂ ਅਤੇ ਖ਼ਾਸ ਕਰਕੇ ਗ਼ੈਂਗਸਟਰਾਂ ਖ਼ਿਲਾਫ਼ ਨਿਤ ਦਿਨ ਵੱਡੀਆਂ ਪੁਲਿਸ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਪੁਲਿਸ ਦੀ ਨਫ਼ਰੀ ਵਿਚ ਵੀ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ ਤੇ ਭ੍ਰਿਸ਼ਟ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ। ਵਿਜੀਲੈਂਸ ਵਿਭਾਗ ਦੇ ਉੱਚ-ਅਧਿਕਾਰੀ ਖ਼ਿਲਾਫ਼ ਕਾਰਵਾਈ ਕਰਕੇ ਸਰਕਾਰ ਨੇ ਭ੍ਰਿਸ਼ਟਾਚਾਰ ਖ਼ਿਲਾਫ਼ ‘ਜ਼ੀਰੋ ਟੋਲਰੈਂਸ’ ਦਾ ਸਬੂਤ ਦੇਣ ਦਾ ਯਤਨ ਕੀਤਾ ਹੈ। ਪੰਜਾਬ ਦੀਆਂ ਜੇਲ੍ਹਾਂ ਵਿਚ ਲਗਾਤਾਰ ਛਾਪੇਮਾਰੀ ਕਰਕੇ ਗ਼ੈਰ-ਕਾਨੂੰਨੀ ਸਮਾਨ ਬਰਾਮਦ ਕੀਤਾ ਜਾ ਰਿਹਾ ਹੈ ਤੇ ਸੰਬੰਧਿਤ ਜੇਲ੍ਹ ਅਧਿਕਾਰੀਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ। ਭ੍ਰਿਸ਼ਟ ਰਾਜਨੇਤਾਵਾਂ ਖ਼ਿਲਾਫ਼ ਕਾਰਵਾਈ ਕਰਨ ਸਮੇਂ ਇਹ ਸਰਕਾਰ ਆਪਣੇ ਵਿਧਾਇਕਾਂ ਜਾਂ ਸੰਸਦ ਮੈਂਬਰਾਂ ਨੂੰ ਵੀ ਨਹੀਂ ਬਖ਼ਸ਼ ਰਹੀ ਹੈ। ਬਿਨਾ ਕਿਸੇ ਪੱਖਪਾਤ ਦੇ ਪੰਜਾਬ ਦੇ ਸਮੂਹ ਗ਼ਰੀਬ ਅਤੇ ਅਮੀਰ ਤਬਕੇ ਦੇ ਲੋਕਾਂ ਨੂੰ ਸਹੂਲਤ ਪ੍ਰਦਾਨ ਕਰਨ ਲਈ ਮਾਨ ਸਰਕਾਰ ਨੇ ਤਿੰਨ ਸੌ ਯੂਨਿਟ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਮੁਫ਼ਤ ਬਿਜਲੀ ਪ੍ਰਦਾਨ ਕਰਨ ਦਾ ਜੋ ਵਾਅਦਾ ਵਿਧਾਨ ਸਭਾ ਚੋਣਾਂ ਦੌਰਾਨ ਕੀਤਾ ਸੀ,ਉਹ ਸੱਤਾ ਸੰਭਾਲਦਿਆਂ ਹੀ ਪੂਰਾ ਕਰ ਦਿੱਤਾ ਸੀ ਜਿਸਦੇ ਫ਼ਲਸਰੂਪ ਪੰਜਾਬ ਦੇ ਲੱਖਾਂ ਪਰਿਵਾਰਾਂ ਦੇ ਬਿਜਲੀ ਦੇ ਬਿੱਲ ‘ਜ਼ੀਰੋ’ ਭਾਵ ਸਿਫ਼ਰ ਆਏ ਹਨ ਤੇ ਉਨ੍ਹਾ ਦੇ ਹਜ਼ਾਰਾਂ ਰੁਪਏ ਬਚੇ ਹਨ ਜਿਨ੍ਹਾ ਨੂੰ ਉਹ ਆਪਣੇ ਪਰਿਵਾਰਾਂ ਦੀਆਂ ਹੋਰ ਜ਼ਰੂਰੀ ਲੋੜਾਂ ਪੂਰੀਆਂ ਕਰਨ ਲਈ ਖ਼ਰਚ ਕਰ ਸਕੇ ਹਨ ਤੇ ਉਨ੍ਹਾ ਨੂੰ ਭਾਰੀ ਰਾਹਤ ਮਹਿਸੂਸ ਹੋਈ ਹੈ। ਆਮ ਲੋਕਾਂ ਦੀ ਸਿਹਤ ਦਾ ਖ਼ਿਆਲ ਰੱਖਦਿਆਂ ਹੋਇਆਂ ਮਾਨ ਸਰਕਾਰ ਨੇ ‘ਦਿੱਲੀ ਮਾਡਲ’ ਦੀ ਤਰਜ਼ ’ਤੇ ਪੰਜਾਬ ਵਿਚ ਵੀ ‘ਆਮ ਆਦਮੀ ਕਲੀਨਿਕ’ ਜਿਹੀ ਲਾਭਕਾਰੀ ਯੋਜਨਾ ਦੀ ਸ਼ੁਰੂਆਤ ਕੀਤੀ ਜਿਸ ਵਿਚ ਡਾਕਟਰੀ ਚੈੱਕਅੱਪ ਤੋਂ ਲੈ ਕੇ ਜ਼ਰੂਰੀ ਟੈਸਟਾਂ ਅਤੇ ਦਵਾਈਆਂ ਆਦਿ ਨੂੰ ਮੁਫ਼ਤ ਪ੍ਰਦਾਨ ਕਰਨ ਦਾ ਕਾਰਜ ਕੀਤਾ ਗਿਆ ਜਿਸ ਨਾਲ ਆਮ ਲੋਕਾਂ ਦੇ ਪੈਸੇ ਬਚੇ ਤੇ ਉਹ ਆਪਣੀਆਂ ਹੋਰ ਲੋੜਾਂ ਪੂਰੀਆਂ ਕਰ ਸਕੇ। ਗ਼ਰੀਬ ਅਤੇ ਹੋਣਹਾਰ ਬੱਚਿਆਂ ਨੂੰ ਉੱਚ-ਮਿਆਰੀ ਸਿੱਖਿਆ ਅਤੇ ਵਿਸ਼ੇਸ਼ ਸਹੂਲਤਾਂ ਪ੍ਰਦਾਨ ਕਰਨ ਲਈ ਸ.ਭਗਵੰਤ ਮਾਨ ਸਰਕਾਰ ਨੇ ਪੰਜਾਬ ਵਿਚ ‘ਸਕੂਲ ਆੱਫ਼ ਐਮੀਨੈਂਸ’ ਦੀ ਸ਼ੁਰੂਆਤ ਕੀਤੀ ਜਿਸਦੇ ਤਹਿਤ ਪੰਜਾਬ ਦੇ ਹਰੇਕ ਜ਼ਿਲੇ ਵਿਚ ਵਿਸ਼ੇਸ਼ ਸਹੂਲਤਾਂ ਵਾਲੇ ਸਕੂਲ ਉਸਾਰੇ ਗਏ ਜਿਨ੍ਹਾ ਦਾ ਲਾਭ ਅੱਜ ਗ਼ਰੀਬ ਤੇ ਹੋਣਹਾਰ ਬੱਚੇ ਲੈ ਰਹੇ ਹਨ। ‘ਸਿੱਖਿਆ ਕ੍ਰਾਂਤੀ’ ਦੇ ਸੰਕਲਪ ਤਹਿਤ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਵਿਸ਼ੇਸ਼ ਗ੍ਰਾਂਟਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਸਿੱਖਿਆ ਦਾ ਪੱਧਰ ਉਚੇਰਾ ਚੁੱਕਣ ਲਈ ਸਰਕਾਰੀ ਸਕੂਲਾਂ ਦੇ ਅਧਿਆਪਕਾਂ,ਮੁੱਖ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿੰਘਾਪੁਰ ਅਤੇ ਹੋਰ ਦੇਸ਼ਾਂ ਵਿਚ ਵੀ ਵਿਸ਼ੇਸ਼ ਸਿਖਲਾਈ ਹਾਸਿਲ ਕਰਨ ਲਈ ਭੇਜਿਆ ਜਾ ਰਿਹਾ ਹੈ। ਮਾਨ ਸਰਕਾਰ ਨੇ ਜਿੱਥੇ ਪੰਜਾਬ ਦੀਆਂ ਪਿਛਲੀਆਂ ਸਰਕਾਰਾਂ ਵੱਲੋਂ ਕਿਸਾਨਾਂ ਨੂੰ ਮੁਫ਼ਤ ਬਿਜਲੀ ਦੀ ਪ੍ਰਦਾਨ ਕੀਤੀ ਗਈ ਸਹੂਲਤ ਲਗਾਤਾਰ ਜਾਰੀ ਰੱਖੀ ਹੈ,ਉਥੇ ਹੀ ਪੰਜਾਬ ਦੀ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਨਹਿਰਾਂ ਤੇ ਕੱਸੀਆਂ ਦੇ ਪਾਣੀ ਰਾਹੀਂ ਸਿੰਜਾਈ ਕੀਤੇ ਜਾਣ ਦੇ ਵਿਸ਼ੇਸ਼ ਯਤਨ ਕੀਤੇ ਹਨ।ਪੰਜਾਬ ਤੋਂ ਦੂਜੇ ਸੂਬਿਆਂ ਨੂੰ ਜਾ ਰਹੇ ਪਾਣੀਆਂ ਨੂੰ ਬਚਾਉਣ ਲਈ ਵੀ ਇਹ ਸਰਕਾਰ ਕੇਂਦਰ ਸਰਕਾਰ ਅਤੇ ਹੋਰ ਰਾਜ ਸਰਕਾਰਾਂ ਖ਼ਿਲਾਫ਼ ਨਿਰੰਤਰ ਲੜਾਈ ਲੜ ਰਹੀ ਹੈ। ਮਹਿਲਾਵਾਂ ਨੂੰ ਪੰਜਾਬ ਵਿਚ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਪ੍ਰਦਾਨ ਕਰਕੇ ਉਨ੍ਹਾ ਦੀ ਬਚਤ ਵਿਚ ਵਾਧਾ ਕੀਤਾ ਹੈ ਤੇ ਮਹਿਲਾਵਾਂ ਨੂੰ ਆਰਥਿਕ ਪੱਖੋਂ ਹੋਰ ਸਸ਼ਕਤ ਅਤੇ ਮਜ਼ਬੂਤ ਕਰਨ ਲਈ ਆਪ ਸਰਕਾਰ ਨੇ ਪ੍ਰਤੀ ਮਹਿਲਾ ਇਕ ਹਜ਼ਾਰ ਰੁਪਏ ਦੇਣ ਸਬੰਧੀ ਕਾਰਵਾਈ ਵੀ ਅਮਲ ਵਿਚ ਲਿਆ ਦਿੱਤੀ ਗਈ ਹੈ। ਇਹ ਸਰਕਾਰ ਪੰਜਾਬ ਵਿਚ ‘ਸਿੱਖਿਆ ਕ੍ਰਾਂਤੀ’,‘ਸਿਹਤ ਕ੍ਰਾਂਤੀ’ ‘ਰੁਜ਼ਗਾਰ ਕ੍ਰਾਂਤੀ’ ਲਿਆਉਣ ਲਈ ਅਤੇ ‘ਕਿਸਾਨ’, ‘ਮਜ਼ਦੂਰ’ ਅਤੇ ‘ਮਹਿਲਾਵਾਂ’ ਨੂੰ ਸਸ਼ਕਤ ਕਰਨ ਲਈ ਯਤਨਸ਼ੀਲ ਹੈ ਕਿਉਂਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਇਹ ਮੰਨਣਾ ਹੈ ਕਿ ਜੇਕਰ ਪੰਜਾਬ ਵਿੱਚ ਸਿੱਖਿਆ, ਸਿਹਤ, ਰੁਜ਼ਗਾਰ, ਮਹਿਲਾ, ਕਿਸਾਨ ਅਤੇ ਆਮ ਕਾਰੋਬਾਰੀ ਦਾ ਜੀਵਨ ਪੱਧਰ ਸੁਧਰੇਗਾ ਤਾਂ ਪੰਜਾਬ ਖ਼ੁਸ਼ਹਾਲੀ ਅਤੇ ਤਰੱਕੀ ਦੇ ਮਾਰਗ ’ਤੇ ਹਮਸ਼ਾ ਲਈ ਚੱਲ ਪਏਗਾ। ਆਪਣੇ ਲੋਕ ਪੱਖੀ ਫ਼ੈਸਲਿਆਂ ਕਰਕੇ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ‘ਖ਼ੁਸ਼ਹਾਲ’ ਪੰਜਾਬ ਬਣਾਉਣ ਲਈ ਨਿਰੰਤਰ ਯਤਨਸ਼ੀਲ ਨਜ਼ਰ ਆਉਂਦੀ ਹੈ।



**ਪ੍ਰੋ.ਪਰਮਜੀਤ ਸਿੰਘ**
**ਨਿੱਕੇ ਘੁੰਮਣ, ਮੋ.97816-46008**





# ਹੋਟਲ ਮੈਨੇਜਮੈਂਟ ਵਿਭਾਗ ਵੱਲੋਂ ਭਾਰਤੀ ਸਟ੍ਰੀਟ ਫੂਡ ਸਟਾਲ ਦਾ ਆਯੋਜਨ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਗੁਜਰਾਂਵਾਲਾ ਗੁਰੂ ਨਾਨਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਜੀ ਜੀ ਐੱਨ ਆਈ ਐੱਮ ਟੀ) ਦੇ ਹੋਟਲ ਮੈਨੇਜਮੈਂਟ ਵਿਭਾਗ ਨੇ ਕੈਂਪਸ ਵਿੱਚ ਇੱਕ ਜੀਵੰਤ "ਭਾਰਤੀ ਸਟ੍ਰੀਟ ਫੂਡ ਸਟਾਲ"ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਇਵੈਂਟ ਦਾ ਉਦੇਸ਼ ਵਿਦਿਆਰਥੀਆਂ ਨੂੰ ਕੁੱਲੀਨਰੀ ਹੁਨਰਾਂ, ਭੋਜਨ ਪੇਸ਼ਕਾਰੀ ਅਤੇ ਪਰਾਹੁਣਚਾਰੀ ਪ੍ਰਬੰਧਨ ਵਿੱਚ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ, ਜਦੋਂ ਕਿ ਭਾਰਤੀ ਸਟ੍ਰੀਟ ਭੋਜਨ ਦੇ ਅਮੀਰ ਸਵਾਦਾਂ ਨੂੰ ਮਨਾਉਣਾ। ਸਟਾਲ ਵਿੱਚ ਪਾਨੀ ਪੁਰੀ, ਭੇਲਪੁਰੀ, ਛੋਲੇ ਭਟੂਰੇ ਅਤੇ ਤਾਜ਼ਾ ਮਾਕਟੇਲਾਂ ਸਮੇਤ ਇੱਕ ਲਜ਼ੀਜ਼ ਮੀਨੂ ਸ਼ਾਮਲ ਸੀ, ਜਿਸ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਵੱਲੋਂ ਭਾਵੁਕ ਹਿੱਸੇਦਾਰੀ ਨੂੰ ਆਕਰਸ਼ਿਤ ਕੀਤਾ। ਇਸ ਇਵੈਂਟ ਨੇ ਇੱਕ ਜੀਵੰਤ ਮਾਹੌਲ



ਪੈਦਾ ਕੀਤਾ, ਜਿਸ ਵਿੱਚ ਭਵਿੱਖ ਦੇ ਪਰਾਹੁਣਚਾਰੀ ਪੇਸ਼ੇਵਰਾਂ ਦੀ ਰਚਨਾਤਮਕਤਾ, ਟੀਮਵਰਕ ਅਤੇ ਉੱਦਮੀ ਭਾਵਨਾ ਨੂੰ ਪ੍ਰਦਰਸ਼ਿਤ ਕੀਤਾ ਗਿਆ।

ਇਸ ਇਵੈਂਟ ਨੂੰ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ (ਜੀਕੇਸੀ) ਦੇ ਪ੍ਰਧਾਨ ਡਾ. ਐੱਸ. ਪੀ. ਸਿੰਘ ਦੀ ਸ਼ੋਭਾ ਵਧਾਈ। ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਡਾ. ਸਿੰਘ ਨੇ ਸਟਾਲ ਦਾ ਆਯੋਜਨ ਕਰਨ ਵਿੱਚ ਉਨ੍ਹਾਂ ਦੀ ਮਿਹਨਤ ਅਤੇ ਰਚਨਾਤਮਕਤਾ ਦੀ ਸ਼ਲਾਘਾ ਕੀਤੀ। ਜੀਕੇਸੀ ਦੇ ਸਨਮਾਨਿਤ ਜਨਰਲ ਸੈਕਟਰੀ ਸ. ਹਰਸ਼ਰਨ ਸਿੰਘ ਨਰੂਲਾ ਨੇ ਹੋਰ ਦਫ਼ਤਰਧਾਰੀਆਂ ਨਾਲ ਮਿਲ ਕੇ ਇਵੈਂਟ ਵਿੱਚ ਹਿੱਸਾ ਲਿਆ ਅਤੇ ਵਿਦਿਆਰਥੀਆਂ ਦੀਆਂ ਕੋਸ਼ਿਸ਼ਾਂ ਦੀ ਭੁੱਲ-ਚੁੱਕ ਨਾ ਕਰਦਿਆਂ ਫੂਡ ਸਟਾਲ ਨੂੰ ਸਫਲਤਾਪੂਰਵਕ ਚਲਾਉਣ ਅਤੇ ਲਜ਼ੀਜ਼ ਅਨੁਭਵ ਪ੍ਰਦਾਨ ਕਰਨ ਲਈ ਸ਼ਲਾਘਾ ਕੀਤੀ। ਸ. ਕੁਲਜੀਤ ਸਿੰਘ ਅਤੇ ਸ. ਹਰਦੀਪ ਸਿੰਘ ਵੀ ਇਸ ਮੌਕੇ 'ਤੇ ਹਾਜ਼ਰ ਹੋਏ। ਜੀ ਜੀ ਐੱਨ ਆਈ ਐੱਮ ਟੀ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਅਤੇ ਅਜਿਹੀਆਂ ਵਿਹਾਰਕ ਸਿੱਖਿਆ ਉਦਿਆਨਾਂ ਨੂੰ ਉਦਯੋਗ-ਪ੍ਰਸਤ ਪੇਸ਼ੇਵਰ ਬਣਾਉਣ ਵਿੱਚ ਮਹੱਤਵਪੂਰਨ ਦੱਸਿਆ। ਜੀ ਜੀ ਐੱਨ ਆਈ ਐੱਮ ਟੀ ਦੇ ਡਾਇਰੈਕਟਰ ਪ੍ਰੋ. ਮਨਜੀਤ ਸਿੰਘ ਛਾਬੜਾ ਨੇ ਵੀ ਵਿਦਿਆਰਥੀਆਂ ਦੀ ਲਗਨ, ਸਮਨਵਯ ਅਤੇ ਇਵੈਂਟ ਦੇ ਚੰਗੇ ਢੰਗ ਨਾਲ ਚਲਾਉਣ ਲਈ ਸ਼ਲਾਘਾ ਕੀਤੀ। ਇਹ ਇਵੈਂਟ ਉੱਚ ਨੋਟ 'ਤੇ ਸਮਾਪਤ ਹੋਇਆ, ਜਿਸ ਨੇ ਹਿੱਸੇਦਾਰਾਂ ਨੂੰ ਪ੍ਰੇਰਿਤ ਕੀਤਾ ਅਤੇ ਪਰਾਹੁਣਚਾਰੀ ਅਤੇ ਭੋਜਨ ਸੇਵਾ ਪ੍ਰਬੰਧਨ ਵਿੱਚ ਅਮੁੱਲੇ ਵਿਹਾਰਕ ਅਨੁਭਵ ਨਾਲ ਭਰਪੂਰ ਕੀਤਾ।

# ਜੇ ਸੀ ਆਈ ਲੁਧਿਆਣਾ ਸੈਂਟਰਲ ਵੱਲੋਂ ਜੇ ਕੌਮ ਟੇਬਲ 4.0 - ਗ੍ਰੋਥ ਸੈਂਟਰਲ ਦਾ ਕੀਤਾ ਉਦਘਾਟਨ



ਜ਼ਿਕਰ ਪੰਜਾਬ

**ਲੁਧਿਆਣਾ/ਨਰਿੰਦਰ**

ਜੇ ਸੀ ਆਈ ਲੁਧਿਆਣਾ ਸੈਂਟਰਲ ਵੱਲੋਂ ਜੇ ਕੌਮ ਦਾ ਨਵਾਂ ਟੇਬਲ ਖੋਲ੍ਹਦੇ ਹੋਏ, ਸਥਾਨਕ ਹੋਟਲ ਮਹਾਰਾਜਾ ਰੇਜੰਸੀ ਵਿੱਚ ਜੇ ਕੌਮ ਟੇਬਲ 4.0 - ਗ੍ਰੋਥ ਸੈਂਟਰਲ ਦਾ ਉਦਘਾਟਨ ਕੀਤਾ ਗਿਆ। ਨੌਜਵਾਨਾਂ ਦੇ ਬਿਜ਼ਨਸ, ਪਰਸਨੈਲਟੀ ਡਿਵੈੱਲਪਮੈਂਟ, ਨੈੱਟਵਰਕਿੰਗ ਸਣੇ ਹੋਰ ਕਈ ਪੱਖਾਂ ਦੇ ਵਿਕਾਸ ਲਈ ਕੰਮ ਕਰਨ ਵਾਲੀ ਐਨ ਜੀ ਓ ਜੂਨੀਅਰ ਚੈਂਬਰ ਇੰਟਰਨੈਸ਼ਨਲ ਵੱਲੋਂ ਕੀਤਾ ਗਿਆ ਇਹ ਇੱਕ ਹੋਰ ਉਪਰਾਲਾ ਹੈ। ਇਸ ਮੌਕੇ ਜੇ ਸੀ ਆਈ ਲੁਧਿਆਣਾ ਸੈਂਟਰਲ ਦੇ ਪ੍ਰਧਾਨ ਐਡਵੋਕੇਟ ਸਿਮਰਨਪ੍ਰੀਤ ਸਿੰਘ ਨੇ ਦੱਸਿਆ ਕਿ ਜੇ ਕੌਮ ਲੁਧਿਆਣਾ 4.0 - ਗ੍ਰੋਥ ਸੈਂਟਰਲ ਨੌਜਵਾਨਾਂ ਵਿੱਚ ਬਿਜ਼ਨਸ ਦੇ ਗੁਣਾਂ ਦਾ ਵਿਕਾਸ ਕਰਨ ਸਣੇ ਨੈਟਵਰਕਿੰਗ ਵਧਾਏਗਾ, ਜਿਸ ਨਾਲ ਬਿਜਨਸਮੈਨਾਂ ਨੂੰ ਵਪਾਰ ਵਿੱਚ ਤਰੱਕੀ ਕਰਨ ਦਾ ਮੌਕਾ ਮਿਲੇਗਾ। ਉਹਨਾਂ ਦਾ ਉਦੇਸ਼ ਸਭ ਦੀ ਮਿਲ ਜੁਲ ਕੇ ਤਰੱਕੀ ਦੀ ਦਿਸ਼ਾ ਵੱਲ ਕਦਮ ਵਧਾਉਣ ਲਈ ਮਦਦ ਕਰਨਾ ਹੈ। ਉਹਨਾਂ ਨੇ ਕਿਹਾ ਕਿ ਜੇ ਸੀ ਆਈ ਲੁਧਿਆਣਾ ਸੈਂਟਰਲ ਵੱਲੋਂ ਸਮੇਂ-ਸਮੇਂ ਸਿਰ ਆਪਣੇ ਮੈਂਬਰਾਂ ਦੇ ਸਰਬਪੱਖੀ ਵਿਕਾਸ ਲਈ ਉਪਰਾਲੇ ਕੀਤੇ ਜਾਂਦੇ ਹਨ ਅਤੇ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਜੋਨ ਦੇ ਚੇਅਰਮੈਨ ਸੰਜੇ ਸ਼ਰਮਾ, ਜੇ ਕੌਮ ਨੈਸ਼ਨਲ ਡਾਇਰੈਕਟਰ ਡਾ. ਰਜੀਵ ਅਗਰਵਾਲ, ਹੈਡ ਕੋਚ ਮਹੇਸ਼ ਅਰੋੜਾ, ਅਸਿਸਟੈਂਟ ਕੋਚ ਪਰਮਜੀਤ ਸਿੰਘ, ਜੇ ਕੌਮ ਟੇਬਲ 4.0 - ਗ੍ਰੋਥ ਸੈਂਟਰਲ ਦੇ ਚੇਅਰਮੈਨ ਅਮਿਤ ਗੁਲਾਟੀ, ਜੇ ਕੌਮ ਟੇਬਲ 1.0 ਦੇ ਚੇਅਰਮੈਨ ਦਮਨਜੀਤ ਸਿੰਘ, ਜੇ ਕੌਮ ਵਾਈਸ ਪ੍ਰਧਾਨ ਗੁਰਪ੍ਰੀਤ ਸਿੰਘ ਰਿਆਤ, ਕੁਲਜੀਤ ਸਿੰਘ, ਆਸ਼ੀਸ਼ ਚੋਪੜਾ, ਤੇਜਸਵੀ ਧੀਮਾਨ, ਰੋਹਿਤ ਜਿੰਦਲ, ਐਡਵੋਕੇਟ ਬਲਵਿੰਦਰ ਸਿੰਘ, ਰਾਹੁਲ ਭਾਰਦਵਾਜ, ਨਰੇਸ਼ ਕੁਮਾਰ ਸ਼ਰਮਾ, ਜਗਪ੍ਰੀਤ ਸਿੰਘ ਸਣੇ ਟੇਬਲ 1.0 ਅਤੇ 4.0 ਦੇ ਮੈਂਬਰ ਵੀ ਮੌਜੂਦ ਰਹੇ।

# ਰਾਸ਼ਟਰ ਬਾਬਾ ਸਾਹਿਬ ਵੱਲੋਂ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਕਦੇ ਵੀ ਨਹੀਂ ਭੁੱਲ ਸਕਦਾ : ਡੀ.ਸੀ ਹਿਮਾਂਸ਼ੂ ਜੈਨ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੇ 135ਵੇਂ ਜਨਮ ਦਿਵਸ ਮੌਕੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਪੂਨਮ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਿਤ ਡਾ.ਬੀ.ਆਰ. ਅੰਬੇਡਕਰ ਜੀ ਦੇ ਪ੍ਰਤਿਮਾ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ.ਅੰਬੇਡਕਰ ਬਹੁਤ ਹੀ ਮਹਾਨ ਸ਼ਖ਼ਸੀਅਤ ਸਨ ਅਤੇ ਉਨ੍ਹਾਂ ਨੇ ਸੰਵਿਧਾਨ ਦੀ ਰਚਨਾ ਕਰ ਕੇ ਦੇਸ਼ ਦੀ ਤਰੱਕੀ ਵਿੱਚ ਇੱਕ ਵੱਡਾ ਯੋਗਦਾਨ ਦਿੱਤਾ ਹੈ। ਇਸ ਕਾਰਨ ਸਮਾਜ ਦੇ ਕਈ ਵਰਗਾਂ ਨੂੰ ਅੱਗੇ ਵਧਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰ ਬਾਬਾ



ਸਾਹਿਬ ਦੇ ਯੋਗਦਾਨ ਨੂੰ ਕਦੇ ਵੀ ਨਹੀਂ ਭੁੱਲ ਸਕਦਾ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਡਾ. ਬੀ.ਆਰ. ਅੰਬੇਡਕਰ ਦੀ ਮਿਹਨਤ, ਲਗਨ ਅਤੇ ਦੂਰਦ੍ਰਿਸ਼ਟੀ ਦਾ ਨਤੀਜਾ ਹੈ ਅਤੇ ਕਿਹਾ ਕਿ ਬਾਬਾ ਸਾਹਿਬ ਨਾ ਸਿਰਫ ਕਮਜ਼ੋਰ ਵਰਗਾਂ ਦੇ ਨੇਤਾ ਸਨ, ਬਲਕਿ ਉਹ ਪੂਰੀ ਮਨੁੱਖਤਾ ਦੇ ਹਿੱਤਕਾਰੀ ਸਨ। ਹਿਮਾਂਸ਼ੂ ਜੈਨ ਨੇ ਕਿਹਾ ਕਿ ਡਾ. ਬੀ.ਆਰ.ਅੰਬੇਡਕਰ ਦਾ ਸਮਾਜ ਦੇ ਗਰੀਬ ਵਰਗਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਬੇਮਿਸਾਲ ਦ੍ਰਿੜਤਾ ਅਤੇ ਸੰਘਰਸ਼ ਵਜੋਂ ਵਿਸ਼ਵ ਦੀ ਹਰ ਪੀੜ੍ਹੀ ਲਈ ਇੱਕ ਮਿਸਾਲ ਬਣੇ ਰਹਿਣਗੇ। ਉਨ੍ਹਾਂ ਅਪੀਲ ਕੀਤੀ ਕਿ ਲੋਕ ਜਾਤੀ, ਰੰਗ ਅਤੇ ਜਾਤੀ ਦੇ ਛੋਟੇ ਨਜ਼ਰੀਏ ਤੋਂ ਉਪਰ ਉਠ ਕੇ ਸਮਾਜ ਦੇ ਸਾਰੇ ਵਰਗਾਂ ਲਈ ਨਿਆਂ ਅਤੇ ਬਰਾਬਰੀ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਯਤਨ ਕਰਨ ਜੋ ਡਾ. ਬੀ.ਆਰ. ਅੰਬੇਡਕਰ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

# ਪਤੀ ਨੇ ਸ਼ੱਕ ਦੇ ਚਲਦੇ ਪਤਨੀ ਦਾ ਗਲਾ ਘੁੱਟ ਕੇ ਕੀਤਾ ਕਤਲ

**ਮਾਛੀਵਾੜਾ/ਬਿਊਰੋ**

ਮਾਛੀਵਾੜਾ ਨੇੜਲੇ ਪਿੰਡ ਮੰਡ ਸੁੱਖੇਵਾਲ ਵਿੱਚ ਇਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਘਰੇਲੂ ਕਲੇਸ਼ ਨੇ ਖੂਨੀ ਰੂਪ ਧਾਰ ਲਿਆ। ਜਾਣਕਾਰੀ ਮੁਤਾਬਕ ਗੁਰਪ੍ਰੀਤ ਸਿੰਘ, ਜੋ ਕਿ ਕੰਬਾਈਨ ਚਲਾਉਣ ਦਾ ਕੰਮ ਕਰਦਾ ਸੀ, ਨੇ ਆਪਣੀ ਪਤਨੀ ਰਾਜਵਿੰਦਰ ਕੌਰ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਦੋਵਾਂ ਦਾ ਲਗਭਗ 11 ਸਾਲ ਪਹਿਲਾਂ ਪ੍ਰੇਮ ਵਿਆਹ ਹੋਇਆ ਸੀ ਅਤੇ ਉਨ੍ਹਾਂ ਦੇ ਦੋ ਨੰਨੇ ਬੱਚੇ ਵੀ ਹਨ। ਪਤੀ-ਪਤਨੀ ਵਿਚਕਾਰ ਕਾਫੀ ਸਮੇਂ ਤੋਂ ਸ਼ੱਕ ਨੂੰ ਲੈ ਕੇ ਤਣਾਅ ਚੱਲ ਰਿਹਾ ਸੀ। ਗੁਰਪ੍ਰੀਤ ਸਿੰਘ ਨੂੰ ਆਪਣੀ ਪਤਨੀ ਦੇ ਕਿਸੇ ਹੋਰ ਵਿਅਕਤੀ ਨਾਲ ਫੋਨ 'ਤੇ ਗੱਲ ਕਰਨ ਦਾ ਸ਼ੱਕ ਸੀ, ਜਦਕਿ ਪਤਨੀ ਨੂੰ ਵੀ ਆਪਣੇ ਪਤੀ ਉੱਤੇ ਇਨ੍ਹਾਂ ਹੀ ਕਾਰਨਾਂ ਕਰਕੇ ਸੰਦੇਹ ਸੀ। ਇਹੀ ਸ਼ੱਕ ਅਤੇ ਤਕਰਾਰ ਆਖਿਰਕਾਰ ਇਕ ਭਿਆਨਕ ਅੰਜਾਮ ਤੱਕ ਪਹੁੰਚ ਗਈ।

# ਡੀਸੀ ਲੁਧਿਆਣਾ ਹਿਮਾਂਸ਼ੂ ਜੈਨ ਨੇ ਸੁਣੀਆਂ ਵਪਾਰੀਆਂ ਦੀ ਮੁਸ਼ਕਿਲਾਂ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਵੱਲੋਂ ਅੱਜ ਲੁਧਿਆਣਾ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਮੁਸ਼ਕਿਲਾਂ

- **ਅਧਿਕਾਰੀਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨ ਦੇ ਵੀ ਦਿੱਤੇ ਨਿਰਦੇਸ਼**

ਸੁਣੀਆਂ ਗਈਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਨਿਪਟਾਰਾ ਕਰਨ ਦੇ ਵੀ ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਦੌਰਾਨ ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਸੰਯੁਕਤ ਸਕੱਤਰ ਰਜਿੰਦਰ ਸਿੰਘ, ਜੋਨ ਸਕੱਤਰ ਸਾਹਿਲ ਅੱਗਰਵਾਲ,



ਚੇਅਰਮੈਨ ਪਰਮਪਾਲ ਬਾਵਾ, ਵਾਈਸ ਚੇਅਰਮੈਨ ਰੋਹਿਤ ਅਤੇ ਵੱਖ-ਵੱਖ ਹਲਕਿਆਂ ਦੇ ਚੇਅਰਮੈਨ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਜੈਨ ਵੱਲੋਂ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਗਿਆ ਕਿ ਵਪਾਰੀਆਂ ਨੂੰ ਜੀ.ਐਸ.ਟੀ.ਰੀਫੰਡ, ਅਵਾਰਾ ਪਸ਼ੂਆਂ ਦੀ ਸਮੱਸਿਆ, ਬਿਜਲੀ ਦੀਆਂ ਲਟਕਦੀਆਂ ਤਾਰਾਂ, ਗਲੀਆਂ ਵਿੱਚ ਟਰੈਫਿਕ ਜਾਮ ਦੀ ਸਮੱਸਿਆ ਅਤੇ ਹੋਰ ਰੋਜਮਰਾ ਦੀਆਂ ਔਕੜਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਵਪਾਰੀਆਂ ਦੀ ਸਹੂਲਤ ਲਈ ਪਹਿਲਾਂ ਹੀ ਇੱਕ ਛੱਤ ਹੇਠ ਪ੍ਰਸ਼ਾਸ਼ਨਿਕ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਵਪਾਰੀਆਂ ਦਾ ਕੀਮਤੀ ਸਮੇਂ ਦੀ ਬੱਚਤ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਾਰੇ ਵਿਭਾਗਾਂ ਨੂੰ ਇਹ ਯਕੀਨੀ ਬਣਾਉਣ ਲਈ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਵਪਾਰੀਆਂ ਦੀਆਂ ਅਰਜ਼ੀਆਂ 'ਤੇ ਬੇਲੋੜੇ ਇਤਰਾਜ਼ ਨਾ ਲਗਾਏ ਜਾਣ ਅਤੇ ਇਸ ਮਾਮਲੇ ਵਿੱਚ ਕੋਤਾਹੀ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਪੰਜਾਬੀ ਭਾਸ਼ਾ ਵਿੱਚ ਅਖ਼ਬਾਰਾਂ, ਮੈਗਜ਼ੀਨ ਅਤੇ ਕਿਤਾਬਾਂ ਤਿਆਰ ਕਰਵਾਉਣ ਲਈ ਸੰਪਰਕ ਕਰੋ:
89685-44271
E-mail: vicksam125@gmail.com

# ਮੰਡੀਆਂ ਵਿੱਚ ਕਣਕ ਦੀ ਖਰੀਦ ਵਿੱਚ ਦੇਰੀ ਬਰਦਾਸ਼ਤ ਨਹੀਂ ਹੋਵੇਗੀ : ਪੂਨਮ ਸਿੰਘ

## ਏ.ਡੀ.ਸੀ ਪੂਨਮ ਸਿੰਘ ਨੇ ਅਧਿਕਾਰੀਆਂ ਨੂੰ ਲੁਧਿਆਣਾ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਤੁਰੰਤ ਖਰੀਦ ਅਤੇ ਲਿਫਟਿੰਗ ਨੂੰ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਮੰਗਲਵਾਰ ਨੂੰ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਮੰਡੀਆਂ ਵਿੱਚੋਂ ਕਣਕ ਦੀ ਤੁਰੰਤ ਖਰੀਦ ਅਤੇ ਮੁਸ਼ਕਲ ਰਹਿਤ ਲਿਫਟਿੰਗ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਗਿੱਲ ਰੋਡ ਅਨਾਜ ਮੰਡੀ ਦੇ ਆਪਣੇ ਦੌਰੇ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਅਨਾਜ ਦੀ ਖਰੀਦ ਵਿੱਚ ਕੋਈ ਵੀ ਬੇਲੋੜੀ ਦੇਰੀ ਗੈਰ-ਵਾਜਬ ਅਤੇ ਅਸਹਿਣਯੋਗ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੂਰੀ ਸਰਕਾਰੀ ਮਸ਼ੀਨਰੀ ਨੂੰ ਲਾਮਬੰਦ ਕਰਕੇ ਵਿਸਤ੍ਰਿਤ ਪ੍ਰਬੰਧ



ਕਰਨ ਤਾਂ ਜੋ ਕਿਸਾਨਾਂ ਦੀ ਸੁਨਹਿਰੀ ਫ਼ਸਲ ਮੰਡੀ ਵਿੱਚ ਆਉਂਦੇ ਹੀ ਤੁਰੰਤ ਖਰੀਦੀ ਜਾ ਸਕੇ। ਪੂਨਮ ਸਿੰਘ ਨੇ ਨਿਰਵਿਘਨ ਖਰੀਦ ਲਈ ਇੱਕ ਪੁਖਤਾ ਪ੍ਰਬੰਧ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਉਹ ਕਾਰਵਾਈਆਂ ਦੀ ਨਿਗਰਾਨੀ ਕਰਨ ਅਤੇ ਕਣਕ ਦੀ ਸੁਚਾਰੂ, ਸਮੇਂ ਸਿਰ ਅਤੇ ਮੁਸ਼ਕਲ ਰਹਿਤ ਖਰੀਦ ਨੂੰ ਯਕੀਨੀ ਬਣਾਉਣ ਲਈ ਹਰ ਰੋਜ਼ ਨਿੱਜੀ ਤੌਰ 'ਤੇ ਅਨਾਜ ਮੰਡੀਆਂ ਦਾ ਦੌਰਾ ਕਰਨਗੇ। ਵਧੀਕ ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ 13 ਅਪ੍ਰੈਲ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 7,685 ਮੀਟ੍ਰਿਕ ਟਨ ਕਣਕ ਪਹੁੰਚ ਚੁੱਕੀ ਹੈ, ਜਿਸ ਵਿੱਚੋਂ 3.18 ਕਰੋੜ ਰੁਪਏ ਦੀ ਅਦਾਇਗੀ ਪਹਿਲਾਂ ਹੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਕਿਸਾਨਾਂ ਨੂੰ ਲੁਧਿਆਣਾ ਦੀਆਂ ਮੰਡੀਆਂ ਵਿੱਚ ਆਪਣੀ ਉਪਜ ਵੇਚਣ ਸਮੇਂ ਕੋਈ ਮੁਸ਼ਕਲ ਨਾ ਆਵੇ। ਵਧੀਕ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਸਿਰਫ਼ ਨਮੀ ਰਹਿਤ ਅਨਾਜ ਹੀ ਮੰਡੀ ਵਿੱਚ ਲਿਆਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਸਾੜਨ ਤੋਂ ਗੁਰੇਜ਼ ਕਰਨ ਦੀ ਅਪੀਲ ਵੀ ਕੀਤੀ, ਜੋ ਵਾਤਾਵਰਣ ਲਈ ਗੰਭੀਰ ਖ਼ਤਰਾ ਹੈ। ਇਸ ਮੌਕੇ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸਰਤਾਜ ਸਿੰਘ ਚੀਮਾ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਖਾਲਸਾ ਸਾਜਨਾ ਦਿਵਸ ਮੌਕੇ ਗੁਰੂ ਘਰ ਵਿਖੇ ਨਤਮਸਤਕ ਹੋਏ ਕੇ.ਕੇ. ਬਾਵਾ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 13 ਅਪ੍ਰੈਲ 1699 ਨੂੰ ਖਾਲਸਾ ਪੰਥ ਦੀ ਸਾਜਨਾ ਕਰਕੇ ਜੋ ਗੌਰਵਮਈ ਇਤਿਹਾਸ ਰਚਿਆ ਸੀ,

- **ਡਾ. ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਹਾੜੇ 'ਤੇ ਵਿਚਾਰ ਗੋਸ਼ਟੀ ਹੋਈ**

ਇਹ ਪਵਿੱਤਰ ਇਤਿਹਾਸਿਕ ਦਿਹਾੜਾ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਨੇ ਵੱਡਾ ਗੁਰਦੁਆਰਾ ਸਾਹਿਬ ਢੰਡਾਰੀ ਹਲਕਾ ਦੱਖਣੀ ਵਿਖੇ ਨਤਮਸਤਕ ਹੋ ਕੇ ਮਨਾਇਆ। ਇਸ ਸਮੇਂ ਉਹਨਾਂ ਸਮੁੱਚੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੂੰ 'ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ' ਪੁਸਤਕ ਭੇਂਟ ਕੀਤੀ ਜੋ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਹੈ। ਇਸ



ਪੁਸਤਕ ਦੀ ਪ੍ਰਸਿੱਧ ਵਿਦਵਾਨ ਅਨੁਰਾਗ ਸਿੰਘ ਨੇ ਸੰਪਾਦਨਾ ਕੀਤੀ ਹੈ ਜਦਕਿ ਫੋਟੋ ਚਿੱਤਰ ਆਰ.ਐਮ ਸਿੰਘ ਨੇ ਚਿੱਤਰਕਲਾ ਰਾਹੀਂ ਤਿਆਰ ਕੀਤੇ ਹਨ। ਇਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਾਣੀਕਾਰ 6 ਗੁਰੂ, 15 ਭਗਤ, 11 ਭੱਟਾਂ ਅਤੇ 4 ਗੁਰਸਿੱਖਾਂ ਦੀ ਬਾਣੀ ਸੁਸ਼ੋਭਿਤ ਹੈ।

ਇਸ ਸਮੇਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਿੱਚ ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ ਪ੍ਰਧਾਨ ਪ੍ਰਬੰਧਕ ਕਮੇਟੀ, ਮੋਹਣ ਸਿੰਘ ਖਜਾਨਚੀ, ਨਿਰਮਲ ਸਿੰਘ ਸੈਕਟਰੀ, ਸੁਖਦੇਵ ਸਿੰਘ ਗਰਚਾ, ਸੁਖਦੇਵ ਸਿੰਘ, ਪਿਛੌਰਾ ਸਿੰਘ, ਅਲਬੇਲ ਸਿੰਘ, ਮਾਸਟਰ ਰਸ਼ਪਾਲ ਸਿੰਘ, ਗੁਰਜੀਤ ਸਿੰਘ, ਦਰਸ਼ਨ ਸਿੰਘ (ਸਾਰੇ ਪ੍ਰਬੰਧਕ ਮੈਂਬਰ) ਸਾਹਿਬਾਨ ਹਾਜ਼ਰ ਸਨ। ਇਸ ਸਮੇਂ ਸ੍ਰੀ ਬਾਵਾ ਨੇ ਸਮੁੱਚੀ ਗੁਰਦੁਆਰਾ ਕਮੇਟੀ ਨੂੰ 12 ਮਈ ਨੂੰ ਸਰਹੰਦ ਫਤਿਹ ਦਿਵਸ ਦੇ ਇਤਿਹਾਸਿਕ ਦਿਹਾੜੇ ਤੇ ਫਤਿਹ ਮਾਰਚ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਇਸ ਸਮੇਂ ਵਿਸਾਖੀ ਦੀਆਂ ਖੁਸ਼ੀਆਂ ਵੀ ਸਾਂਝੀਆਂ ਕੀਤੀਆਂ ਗਈਆਂ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਅਤੇ ਭਾਰਤ ਨੂੰ ਦੇਣ ਸਬੰਧੀ ਵਿਚਾਰਾਂ ਹੋਈਆਂ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ ਅਟਲ ਅਪਾਰਟਮੈਂਟਸ ਫਲੈਟ ਡਰਾਅ ਪ੍ਰਕਿਰਿਆ ਦੀ ਖੁਦ ਨਿਗਰਾਨੀ ਕੀਤੀ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਪਾਰਦਰਸ਼ੀ ਸ਼ਾਸਨ ਅਤੇ ਨਾਗਰਿਕ-ਕੇਂਦ੍ਰਿਤ ਸ਼ਹਿਰੀ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਜਨਤਾ ਦੀ ਜ਼ੋਰਦਾਰ ਮੰਗ ਦੇ ਜਵਾਬ ਵਿੱਚ ਨਗਰ ਸੁਧਾਰ ਟਰੱਸਟ, ਲੁਧਿਆਣਾ ਦੁਆਰਾ ਅਟਲ ਅਪਾਰਟਮੈਂਟਸ ਲਈ ਫਲੈਟ ਡਰਾਅ ਦੀ ਨਿਗਰਾਨੀ ਕੀਤੀ। ਇਸ ਮੌਕੇ ਮੰਤਰੀ ਅਰੋੜਾ ਨੇ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੀ 135ਵੀਂ ਜਨਮ ਵਰ੍ਹੇਗੰਢ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸੰਜੀਵ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਨੇ ਪਹਿਲਾਂ ਹੀ ਪ੍ਰੀਮੀਅਮ ਮੁੱਲ ਪ੍ਰਾਪਤ ਕਰ ਲਿਆ ਹੈ ਅਤੇ ਉਪਲਬਧ ਫਲੈਟਾਂ ਦੀ ਗਿਣਤੀ ਨਾਲੋਂ ਲਗਭਗ ਦਸ ਗੁਣਾ ਜ਼ਿਆਦਾ ਅਰਜ਼ੀਆਂ ਦੇ ਨਾਲ, ਜਨਤਕ ਹੁੰਗਾਰਾ ਪ੍ਰਾਪਤ ਕੀਤਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੂਰੀ ਡਰਾਅ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਕੀਤੀ ਜਾ ਰਹੀ ਹੈ। ਬਿਨੈਕਾਰਾਂ ਨੂੰ ਇਸ ਪ੍ਰਕਿਰਿਆ ਨੂੰ ਦੇਖਣ ਲਈ ਸੱਦਾ ਦਿੱਤਾ ਗਿਆ ਹੈ। ਇਕੱਠ ਨੂੰ ਸੰਬੋਧਨ ਕਰਦੇ ਹੋਏ ਮੰਤਰੀ ਅਰੋੜਾ ਨੇ ਹਾਊਸਿੰਗ ਸਕੀਮ ਨੂੰ ਮਿਲੇ ਭਰਵੇਂ ਹੁੰਗਾਰੇ ਬਾਰੇ ਦੱਸਿਆ ਕਿਹਾ ਕਿ 43 ਐਚ.ਆਈ.ਜੀ. ਫਲੈਟਾਂ ਵਾਸਤੇ ਵੱਖ-ਵੱਖ ਸ਼੍ਰੇਣੀਆਂ ਅਧੀਨ ਕੁੱਲ 571 ਦਰਖ਼ਾਸਤਾਂ ਪ੍ਰਾਪਤ ਹੋਈਆਂ ਅਤੇ 136 ਐਮ.ਆਈ.ਜੀ. ਫਲੈਟਾਂ ਵਾਸਤੇ ਵੱਖ-



ਵੱਖ ਸ਼੍ਰੇਣੀਆਂ ਅਧੀਨ ਕੁੱਲ 963 ਦਰਖ਼ਾਸਤਾਂ ਪ੍ਰਾਪਤ ਹੋਈਆਂ ਸਨ। ਉਨ੍ਹਾਂ ਦੱਸਿਆ ਕਿ ਇਹਨਾਂ ਫਲੈਟਾਂ ਦਾ ਕਰੀਬ 70-80 ਪ੍ਰਤੀਸ਼ਤ ਨਿਰਮਾਣ ਕਾਰਜ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ, ਸਿਰਫ ਫਿਨਿਸ਼ਿੰਗ ਕੰਮ ਬਾਕੀ ਹੈ। ਇਸ ਸਾਲ ਦੇ ਅੰਤ ਤੱਕ ਫਲੈਟਾਂ ਦਾ ਕਬਜ਼ਾ ਦੇਣ ਦੀ ਯੋਜਨਾ ਹੈ। ਇਹ ਨਗਰ ਸੁਧਾਰ ਟਰੱਸਟ ਦੇ ਕੰਮਕਾਜ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਸਰਕਾਰ ਦੇ ਧਿਆਨ 'ਤੇ ਜ਼ੋਰ ਦਿੰਦੇ ਹੋਏ ਮੰਤਰੀ ਨੇ ਐਲਾਨ ਕੀਤਾ ਕਿ ਕਿਚਲੂ ਨਗਰ, ਮਾਡਲ ਟਾਊਨ ਐਕਸਟੈਂਸ਼ਨ ਅਤੇ ਕਬੀਰ ਸੁਸਾਇਟੀ (ਐਸ.ਬੀ.ਐਸ ਨਗਰ) ਵਿੱਚ ਤਿੰਨ ਨਵੇਂ ਕਮਿਊਨਿਟੀ ਸੈਂਟਰਾਂ ਲਈ ਟੈਂਡਰ ਅਗਲੇ ਮਹੀਨੇ ਦੇ ਅੰਦਰ ਜਾਰੀ ਕੀਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਨੇ ਪੰਜਾਬ ਭਰ ਵਿੱਚ ਸੀਵਰੇਜ ਪ੍ਰਣਾਲੀਆਂ ਦੀ ਵੱਡੇ ਪੱਧਰ 'ਤੇ ਸਿਲਟਿੰਗ ਲਈ ਦਰਾਂ ਦੇ ਠੇਕਿਆਂ ਨੂੰ ਅੰਤਿਮ ਰੂਪ ਦੇ ਦਿੱਤਾ ਹੈ। ਇਸ ਪਹਿਲਕਦਮੀ ਤਹਿਤ, ਰਾਜ ਵਿੱਚ ਆਉਣ ਵਾਲੇ ਮਾਨਸੂਨ ਸੀਜ਼ਨ ਦੌਰਾਨ ਪਾਣੀ ਭਰਨ ਤੋਂ ਰੋਕਣ ਲਈ ਠੇਕੇਦਾਰਾਂ ਨੂੰ 24 ਘੰਟੇ ਤਾਇਨਾਤ ਕੀਤਾ ਜਾਵੇਗਾ। ਮੰਤਰੀ ਨੇ ਦੁਹਰਾਇਆ ਕਿ ਅਜਿਹੇ ਸਰਗਰਮ ਉਪਾਅ ਸ਼ਹਿਰੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਸ਼ਹਿਰੀ ਖੇਤਰਾਂ ਦੇ ਵਸਨੀਕਾਂ ਲਈ ਜੀਵਨ ਦੀ ਬਿਹਤਰ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਇੱਕ ਵਿਆਪਕ ਰਣਨੀਤੀ ਦਾ ਹਿੱਸਾ ਹਨ। ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਚੇਅਰਮੈਨ ਸ੍ਰੀ ਤਰਸੇਮ ਸਿੰਘ ਭਿੰਡਰ ਨੇ ਕਿਹਾ ਕਿ ਇਸ ਪਹਿਲਕਦਮੀ ਨੂੰ ਆਮ ਲੋਕਾਂ ਵੱਲੋਂ ਉਤਸ਼ਾਹਜਨਕ ਹੁੰਗਾਰਾ ਮਿਲਿਆ ਹੈ, ਜਿਨ੍ਹਾਂ ਨੇ ਅਰਜ਼ੀ ਜਮ?ਹਾਂ ਕਰਵਾਉਣ ਤੋਂ ਲੈ ਕੇ ਡਰਾਅ ਨਿਕਲਣ ਤੱਕ ਦੀ ਪੂਰੀ ਪ੍ਰਕਿਰਿਆ ਦੇ ਪਾਰਦਰਸ਼ੀ ਅਤੇ ਕੁਸ਼ਲਤਾ ਨਾਲ ਮੁਕੰਮਲ ਹੋਣ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸਕੀਮ ਨਾ ਸਿਰਫ਼ ਨਾਗਰਿਕਾਂ ਨੂੰ ਬਹੁਤ ਜ਼ਰੂਰੀ ਰਿਹਾਇਸ਼ ਪ੍ਰਦਾਨ ਕਰੇਗੀ ਬਲਕਿ ਸਰਕਾਰ ਲਈ ਮਾਲੀਆ ਵੀ ਪੈਦਾ ਕਰੇਗੀ, ਜਿਸਨੂੰ ਲੁਧਿਆਣਾ ਦੇ ਵਿਕਾਸ ਵਿੱਚ ਦੁਬਾਰਾ ਨਿਵੇਸ਼ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਇੰਪਰੂਵਮੈਂਟ ਟਰੱਸਟ ਲੁਧਿਆਣਾ ਜਲਦੀ ਹੀ ਕਈ ਨਵੇਂ ਪ੍ਰੋਜੈਕਟ ਸ਼ੁਰੂ ਕਰੇਗਾ, ਜਿਸ ਵਿੱਚ ਘੱਟ ਆਮਦਨ ਵਾਲੇ ਸਮੂਹਾਂ ਲਈ ਇੱਕ ਬੈੱਡਰੂਮ ਅਤੇ ਦੋ ਬੈੱਡਰੂਮ ਵਾਲੇ ਫਲੈਟ ਸ਼ਾਮਲ ਹਨ। ਇਸ ਤੋਂ ਇਲਾਵਾ ਨਿਵਾਸੀਆਂ ਲਈ ਵਪਾਰਕ ਮੌਕਿਆਂ ਦਾ ਸਮਰਥਨ ਕਰਨ ਲਈ ਵਪਾਰਕ ਜਾਇਦਾਦਾਂ ਵੀ ਸ਼ਾਮਲ ਹਨ। ਫਲੈਟਾਂ ਦੇ ਡਰਾਅ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ, ਮਨੂੰ ਜੈਰਥ, ਸ੍ਰੀ ਪਰਮਿੰਦਰ ਸਿੰਘ ਸੰਧੂ, ਸ੍ਰੀ ਅਮਨਦੀਪ ਸਿੰਘ ਭੱਠਲ ਟਰੱਸਟੀ, ਸ੍ਰੀ ਸੰਦੀਪ ਮਿਸ਼ਰਾ ਟਰੱਸਟੀ, ਸ੍ਰੀ ਬਲਬੀਰ ਚੌਧਰੀ ਟਰੱਸਟੀ ਦੀ ਮੌਜੂਦਗੀ ਵਿੱਚ ਕੱਢਿਆ ਗਿਆ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਲੁਧਿਆਣਾ ਦੇ ਪ੍ਰਤੀਨਿਧੀ, ਨਗਰ ਸੁਧਾਰ ਟਰੱਸਟ ਦੇ ਅਧਿਕਾਰੀ ਅਤੇ ਸਟਾਫ਼ ਵੀ ਮੌਜੂਦ ਸੀ।

# ਸੁਰਿੰਦਰਾ ਪਲਸ ਡਾਇਗਨੌਸਟਿਕਸ ਵੱਲੋਂ ਗੁਰਦੁਆਰਾ ਸਿੰਘ ਸਭਾ ਵਿਖੇ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਅੱਜ ਸੁਰਿੰਦਰਾ ਪਲਸ ਡਾਇਗਨੌਸਟਿਕਸ ਦੀ ਟੀਮ ਵੱਲੋਂ ਗੁਰਦੁਆਰਾ ਸਿੰਘ ਸਭਾ, ਮਾਡਲ ਗ੍ਰਾਮ, ਲੁਧਿਆਣਾ ਵਿਖੇ ਇੱਕ ਵਿਸ਼ੇਸ਼ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਡਾ. ਨਰਜੀਤ ਕੌਰ ਅਤੇ ਡਾ. ਅਣਖਵੀਰ ਗਿੱਲ ਦੀ ਕੁਸ਼ਲ ਰਹਿਨੁਮਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ. ਜਤਿੰਦਰ ਸਿੰਘ ਗਲਹੋਤਰਾ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ। ਕੈਂਪ ਦੌਰਾਨ ਇਲਾਕੇ ਦੇ ਤਕਰੀਬਨ 150 ਤੋਂ ਵੱਧ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਗੰਭੀਰ ਸਮੱਸਿਆਵਾਂ ਪਾਈਆਂ ਗਈਆਂ, ਉਨ੍ਹਾਂ ਨੂੰ ਅਗਲੇਰੀ ਜਾਂਚ ਜਿਵੇਂ ਕਿ MRI ਅਤੇ ਅਲਟਰਾਸਾਊਂਡ ਲਈ ਡਾਇਗਨੌਸਟਿਕ ਸੈਂਟਰ ਵਿਖੇ ਭੇਜਿਆ ਗਿਆ ਹੈ। ਖਾਸ ਗੱਲ ਇਹ ਹੈ ਕਿ



ਇਨ੍ਹਾਂ ਮਰੀਜ਼ਾਂ ਨੂੰ ਸੈਂਟਰ ਵੱਲੋਂ ਵੱਧ ਤੋਂ ਵੱਧ ਵਿਸ਼ੇਸ਼ ਛੋਟ ਦਿੱਤੀ ਜਾਵੇਗੀ ਤਾਂ ਜੋ ਲੋੜਵੰਦਾਂ 'ਤੇ ਆਰਥਿਕ ਬੋਝ ਨਾ ਪਵੇ। ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ੍ਰ. ਜਤਿੰਦਰ ਸਿੰਘ ਗਲਹੋਤਰਾ ਨੇ ਸੁਰਿੰਦਰਾ ਪਲਸ ਡਾਇਗਨੌਸਟਿਕਸ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਮਾਨਵਤਾ ਦੀ ਸੇਵਾ ਲਈ ਕੀਤੇ ਜਾ ਰਹੇ ਇਹ ਉਪਰਾਲੇ ਬਹੁਤ ਸ਼ਲਾਘਾਯੋਗ ਹਨ। ਉਨ੍ਹਾਂ ਨੇ ਅਪੀਲ ਕੀਤੀ ਕਿ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਤਾਰ ਲਗਾਏ ਜਾਣੇ ਚਾਹੀਦੇ ਹਨ ਤਾਂ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਮਿਲ ਸਕੇ।

# ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਨਵੇਂ ਟਿਊਬਵੈੱਲ ਦਾ ਉਦਘਾਟਨ, ਕਸ਼ਮੀਰ ਨਗਰ ਨਿਵਾਸੀਆਂ ਨੂੰ ਵੱਡੀ ਰਾਹਤ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਸੈਂਟਰਲ ਵਿਧਾਨ ਸਭਾ ਹਲਕੇ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇਕ ਅਹਿਮ ਕਦਮ ਚੁੱਕਦੇ ਹੋਏ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ ਨੰਬਰ 81 ਦੇ ਕਸ਼ਮੀਰ ਨਗਰ ਇਲਾਕੇ ਵਿੱਚ 11 ਲੱਖ 45 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਟਿਊਬਵੈੱਲ ਦਾ ਮੁਹੱਲਾ ਨਿਵਾਸੀਆਂ ਦੀ ਮੌਜੂਦਗੀ ਵਿੱਚ ਉਦਘਾਟਨ ਕਰਕੇ ਇਸਨੂੰ ਜਨਤਾ ਦੀ ਸੇਵਾ ਲਈ ਸਮਰਪਿਤ ਕੀਤਾ ਗਿਆ। ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਇਲਾਕੇ ਵਿੱਚ ਲੰਮੇ ਸਮੇਂ ਤੋਂ ਬਣੀ ਪਾਣੀ ਦੀ ਸਮੱਸਿਆ ਦੇ ਹੱਲ ਦੀ ਉਮੀਦ ਜਗੀ ਹੈ। ਸਥਾਨਕ ਨਿਵਾਸੀਆਂ ਨੇ ਖੁਸ਼ੀ ਜਤਾਉਂਦੇ ਹੋਏ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਪਾਣੀ ਦੀ ਕਮੀ ਦਾ ਸਾਹਮਣਾ ਕਰ ਰਹੇ ਸਨ, ਜਿਸ ਕਾਰਨ ਰੋਜ਼ਾਨਾ ਦੀ ਜ਼ਿੰਦਗੀ ਪ੍ਰਭਾਵਿਤ ਹੋ ਰਹੀ ਸੀ। ਨਵੇਂ ਟਿਊਬਵੈੱਲ ਦੇ ਚਾਲੂ ਹੋਣ ਤੋਂ ਬਾਅਦ ਹੁਣ ਘਰਾਂ ਤੱਕ ਸਾਫ਼ ਅਤੇ ਨਿਰੰਤਰ ਪਾਣੀ ਦੀ ਸਪਲਾਈ ਯਕੀਨੀ ਬਣੇਗੀ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ 'ਤੇ ਇਲਾਕੇ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਦੀ ਭੂਮਿਕਾ ਨੂੰ ਵੀ ਲੋਕਾਂ ਵੱਲੋਂ ਸਰਾਹਿਆ ਗਿਆ। ਨਿਵਾਸੀਆਂ ਦਾ ਕਹਿਣਾ ਸੀ ਕਿ ਵਿਧਾਇਕ ਵੱਲੋਂ ਇਲਾਕੇ ਦੀਆਂ ਸਮੱਸਿਆਵਾਂ ਨੂੰ



ਗੰਭੀਰਤਾ ਨਾਲ ਲੈਂਦਿਆਂ ਤੁਰੰਤ ਹੱਲ ਕਰਨ ਦੀ ਜੋ ਕਾਰਗੁਜ਼ਾਰੀ ਅਪਣਾਈ ਗਈ ਹੈ, ਉਸਦਾ ਹੀ ਨਤੀਜਾ ਹੈ ਕਿ ਇਸ ਤਰ੍ਹਾਂ ਦੇ ਵਿਕਾਸ ਕਾਰਜ ਜ਼ਮੀਨ 'ਤੇ ਨਜ਼ਰ ਆ ਰਹੇ ਹਨ। ਸਥਾਨਕ ਨਿਵਾਸੀਆਂ ਨੇ ਵਿਧਾਇਕ ਪੱਪੀ ਪਰਾਸ਼ਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਜਨਹਿਤ ਕਾਰਜਾਂ ਨਾਲ ਇਲਾਕੇ ਵਿੱਚ ਭਰੋਸੇ ਅਤੇ ਸੰਤੁਸ਼ਟੀ ਦਾ ਮਾਹੌਲ ਬਣ ਰਿਹਾ ਹੈ। ਉਨ੍ਹਾਂ ਨੇ ਉਮੀਦ ਜਤਾਈ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਵਿਕਾਸ ਕਾਰਜਾਂ ਦੀ ਲੜੀ ਜਾਰੀ ਰਹੇਗੀ। ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗਰਮੀਆਂ ਦੇ ਦਿਨਾਂ ਵਿੱਚ ਪਾਣੀ ਦੇ ਬਿਨਾਂ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਇਸ ਲਈ ਲੋਕਾਂ ਨੂੰ ਪਰਯਾਪਤ ਅਤੇ ਸਾਫ਼ ਪੀਣਯੋਗ ਪਾਣੀ ਉਪਲਬਧ ਕਰਵਾਉਣਾ ਉਨ੍ਹਾਂ ਦੀਆਂ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ। ਉਨ੍ਹਾਂ ਨੇ ਕਿਹਾ ਕਿ ਹਲਕੇ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਵਿਕਸਿਤ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਨਤਾ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

# ਨਾਇਬ ਸਿੰਘ ਸੈਣੀ ਨੇ ਹਰਿਆਣਾ ਵਿੱਚ ਜਨਗਣਨਾ 2027 ਦੇ ਪਹਿਲੇ ਪੜਾਅ ਦੀ ਸ਼ੁਰੂਆਤ ਕੀਤੀ



ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅੱਜ ਰਾਜ ਵਿੱਚ ਸਵੈ-ਗਣਨਾ ਪ੍ਰਕਿਰਿਆ ਸ਼ੁਰੂ ਕਰਕੇ ਜਨਗਣਨਾ 2027 ਦੇ ਪਹਿਲੇ ਪੜਾਅ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਇੱਕ ਪ੍ਰੈਸ ਕਾਨਫਰੰਸ ਵਿੱਚ ਬੋਲਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਜਨਗਣਨਾ ਇੱਕ ਲਾਜ਼ਮੀ ਰਾਸ਼ਟਰੀ ਜ਼ਿੰਮੇਵਾਰੀ ਹੈ ਜੋ ਨਿਯਮਤ ਅੰਤਰਾਲਾਂ 'ਤੇ ਕੀਤੀ ਜਾਂਦੀ ਹੈ, ਅਤੇ ਇਕੱਤਰ ਕੀਤਾ ਗਿਆ ਡੇਟਾ ਆਸਾਨ, ਸੁਰੱਖਿਅਤ ਅਤੇ ਪੂਰੀ ਤਰ੍ਹਾਂ ਗੁਪਤ ਹੁੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਮਾਜ ਦੇ ਵੱਖ-ਵੱਖ ਵਰਗਾਂ ਲਈ ਯੋਜਨਾਬੰਦੀ ਅਤੇ ਵਿਕਾਸ ਦੇ ਭਵਿੱਖ ਨੂੰ ਨਿਰਧਾਰਤ ਕਰਨ ਵਿੱਚ ਡੇਟਾ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਸ ਜਨਗਣਨਾ ਦੇ ਥੀਮ ਬਾਰੇ ਵਿਸਥਾਰ ਵਿੱਚ ਦੱਸਦੇ ਹੋਏ, ਮੁੱਖ ਮੰਤਰੀ ਨੇ ਕਿਹਾ, 'ਜਨਗਣਨਾ 2027 ਦੀ ਟੈਗਲਾਈਨ, 'ਸਾਡੀ ਜਨਗਣਨਾ, ਸਾਡਾ ਵਿਕਾਸ', ਇਸ ਦੇਸ਼ ਵਿਆਪੀ ਮੁਹਿੰਮ ਦੀ ਮਹੱਤਤਾ ਨੂੰ ਦਰਸਾਉਂਦੀ ਹੈ।' ਇੱਕ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਕਿਹਾ ਕਿ ਜਨਗਣਨਾ ਡੇਟਾ 2047 ਤੱਕ ਇੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਹੋਵੇਗਾ, ਅਤੇ ਸਾਰੇ ਨਾਗਰਿਕਾਂ ਨੂੰ ਇਸ ਪ੍ਰਕਿਰਿਆ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ 'ਤੇ, ਡਾ. ਸੁਮਿਤਾ ਮਿਸ਼ਰਾ, ਵਧੀਕ ਮੁੱਖ ਸਕੱਤਰ ਅਤੇ ਵਿੱਤ ਕਮਿਸ਼ਨਰ, ਮਾਲੀਆ ਅਤੇ ਆਫ਼ਤ ਪ੍ਰਬੰਧਨ ਵਿਭਾਗ, ਜਨਗਣਨਾ 2027 ਲਈ ਹਰਿਆਣਾ ਰਾਜ ਨੋਡਲ ਅਧਿਕਾਰੀ, ਨੇ ਕਿਹਾ ਕਿ ਸਵੈ-ਗਣਨਾ 16 ਅਪ੍ਰੈਲ ਤੋਂ 30 ਅਪ੍ਰੈਲ, 2026 ਤੱਕ ਚੱਲੇਗੀ, ਇਸ ਤੋਂ ਬਾਅਦ 1 ਮਈ ਤੋਂ 30 ਮਈ, 2026 ਤੱਕ ਘਰ ਸੂਚੀਕਰਨ ਅਤੇ ਰਿਹਾਇਸ਼ੀ ਜਨਗਣਨਾ ਗਤੀਵਿਧੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਰਾਸ਼ਟਰੀ ਮਿਸ਼ਨ ਲਈ ਹਰਿਆਣਾ ਭਰ ਵਿੱਚ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਹਰਿਆਣਾ ਰਾਜ ਜਨਗਣਨਾ ਸੰਚਾਲਨ ਡਾਇਰੈਕਟੋਰੇਟ ਦੇ ਡਾਇਰੈਕਟਰ ਸ਼੍ਰੀ ਲਲਿਤ ਜੈਨ ਨੇ ਕਿਹਾ ਕਿ ਉਨ੍ਹਾਂ ਦਾ ਵਿਭਾਗ ਰਾਜ ਦੀ ਪਹਿਲੀ ਡਿਜੀਟਲ ਜਨਗਣਨਾ ਲਈ ਪੂਰੀ ਤਰ੍ਹਾਂ ਤਿਆਰ ਹੈ। 7,000 ਤੋਂ 65,000 ਸਿਖਲਾਈ ਪ੍ਰਾਪਤ ਜਨਗਣਨਾ ਕਰਮਚਾਰੀਆਂ ਦੇ ਨਾਲ, ਨਾਗਰਿਕ ਇੱਕ ਸੁਵਿਧਾਜਨਕ ਬਹੁ-ਭਾਸ਼ਾਈ ਪੋਰਟਲ ਅਤੇ ਮੋਬਾਈਲ ਐਪ ਦੀ ਵਰਤੋਂ ਕਰਕੇ ਕਿਤੇ ਵੀ ਸਵੈ-ਗਣਨਾ ਕਰ ਸਕਦੇ ਹਨ, ਸਿਰਫ਼ ਆਪਣੀ ਆਈਡੀ ਗਣਨਾਕਾਰ ਨਾਲ ਸਾਂਝਾ ਕਰਕੇ ਸਮਾਂ ਬਚਾਉਂਦੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸਾਰਾ ਡੇਟਾ ਗ੍ਰਹਿ ਮੰਤਰਾਲੇ ਦੇ ਸੁਰੱਖਿਅਤ ਸਰਵਰਾਂ 'ਤੇ ਸਟੋਰ ਕੀਤਾ ਜਾਂਦਾ ਹੈ, ਜਿਸ ਤੱਕ ਜਵਾਬਦੇਹ ਸਮੇਤ ਕੋਈ ਵੀ ਪਹੁੰਚ ਨਹੀਂ ਕਰ ਸਕਦਾ, ਅਤੇ ਸਿਰਫ਼ ਮੈਕਰੋ-ਪੱਧਰ ਦਾ ਡੇਟਾ ਜਾਰੀ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਹਰਿਆਣਾ ਦੇ ਸਾਰੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ se.census.gov.in ਰਾਹੀਂ ਸਹੀ ਜਾਣਕਾਰੀ ਪ੍ਰਦਾਨ ਕਰਨ, ਤਾਂ ਜੋ ਦੇਸ਼ ਦੇ ਸਭ ਤੋਂ ਵੱਡੇ ਪ੍ਰਸ਼ਾਸਨਿਕ ਅਭਿਆਸ ਵਿੱਚ ਹਰ ਘਰ ਨੂੰ ਗਿਣਿਆ ਜਾ ਸਕੇ।

# ਨਗਰ ਨਿਗਮ ਲੁਧਿਆਣਾ ਜ਼ੋਨ-ਡੀ ਵਿਖੇ ਸਮੀਖਿਆ ਮੀਟਿੰਗ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਅਤੇ ਸਫਾਈ ਨੂੰ ਯਕੀਨੀ ਬਣਾਉਣ ਲਈ ਸਰਗਰਮੀ ਨਾਲ ਕੰਮ ਕਰਦੇ ਹੋਏ, ਲੁਧਿਆਣਾ ਉੱਤਰੀ ਦੇ ਵਿਧਾਇਕ ਮਦਨ ਲਾਲ ਬੱਗਾ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਅਤੇ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਨੇ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿਖੇ ਇੱਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ, ਸਬੰਧਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਕਿ ਚੱਲ ਰਹੇ ਕੰਮਾਂ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ ਅਤੇ ਸੀਨੀਅਰ ਅਧਿਕਾਰੀ ਜ਼ਮੀਨੀ ਪੱਧਰ 'ਤੇ ਸਥਿਤੀ ਦੀ ਨਿਯਮਤ ਤੌਰ 'ਤੇ ਨਿਗਰਾਨੀ ਰੱਖਣ। ਇਸ ਤੋਂ ਇਲਾਵਾ, ਨਹਿਰੀ ਪਾਣੀ ਸਪਲਾਈ ਪ੍ਰੋਜੈਕਟ ਅਧੀਨ ਕੰਮ ਕਰ ਰਹੇ ਸਬੰਧਤ ਅਧਿਕਾਰੀਆਂ ਨੂੰ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਤਾਲਮੇਲ ਵਿੱਚ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ, ਤਾਂ ਜੋ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਲਾਈਨਾਂ ਵਿਛਾਉਣ ਦੌਰਾਨ ਜਨਤਾ ਨੂੰ ਜ਼ਮੀਨੀ ਪੱਧਰ 'ਤੇ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮੀਟਿੰਗ ਵਿੱਚ ਕੌਂਸਲਰਾਂ/ਨੇਤਾਵਾਂ ਅਮਨ ਬੱਗਾ, ਅਰਾਧਨਾ ਸੁਰਿੰਦਰ ਅਟਵਾਲ, ਪੁਸ਼ਪਿੰਦਰ ਭਨੋਟ, ਅਸ਼ੋਕ ਕੁਮਾਰ, ਮਨਜੀਤ ਢਿੱਲੋਂ, ਤੇਜਿੰਦਰ ਰਾਜਾ, ਗੁਰਵੀਰ ਗੋਲੂ ਬਾਜਵਾ, ਮਨੀਸ਼ਾ ਕਪੂਰ, ਕਾਮਰਾਜ ਸ਼ਰਮਾ, ਦਸ਼ਮੇਸ਼ ਸਿੰਘ ਸਮੇਤ ਹੋਰਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ ਸਮੇਤ ਬੀ.ਐਂਡ.ਆਰ ਸ਼ਾਖਾ, ਓ.ਐਂਡ.ਐਮ.ਸੈੱਲ, ਸਿਹਤ ਸ਼ਾਖਾ, ਬਿਲਡਿੰਗ ਸ਼ਾਖਾ ਦੇ ਹੋਰ ਅਧਿਕਾਰੀ ਮੌਜੂਦ ਸਨ।

ਵਿਧਾਇਕ ਬੱਗਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੰਮ ਕਰਦੇ ਹੋਏ, ਹਲਕੇ ਭਰ ਵਿੱਚ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ। ਵਿਧਾਇਕ ਬੱਗਾ ਨੇ ਅੱਗੇ ਕਿਹਾ ਕਿ ਸਿਹਤ ਸ਼ਾਖਾ ਦੇ ਅਧਿਕਾਰੀਆਂ ਨੂੰ ਸਫਾਈ ਅਤੇ ਸਟੈਟਿਕ ਕੰਪੈਕਟਰ ਸਾਈਟਾਂ ਤੋਂ ਨਿਯਮਤ ਤੌਰ 'ਤੇ ਕੂੜਾ ਚੁੱਕਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਵਿਕਾਸ ਕਾਰਜਾਂ ਜਾਂ ਸਫਾਈ ਦੇ ਮਾਮਲੇ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਲੁਧਿਆਣਾ ਦੀ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ ਦਾ ਕੀਤਾ ਨਿਰੀਖਣ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਸ਼ੁੱਕਰਵਾਰ ਨੂੰ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ ਲੁਧਿਆਣਾ ਦਾ ਦੌਰਾ

- **ਕੈਦੀਆਂਲਈ ਸਹੂਲਤਾਂ, ਸਫ਼ਾਈ ਅਤੇ ਖਾਣੇ ਦੀ ਗੁਣਵੱਤਾ ਦੀ ਕੀਤੀ ਜਾਂਚ**
- **ਵਾਤਾਵਰਣ ਦੀ ਸੰਭਾਲ ਲਈ ਜਨਾਨਾ ਜੇਲ੍ਹ ਵਿੱਚ ਬੂਟਾ ਵੀ ਲਗਾਇਆ**

ਕਰਕੇ ਵਿਆਪਕ ਨਿਰੀਖਣ ਕੀਤਾ ਅਤੇ ਕੈਦੀਆਂ, ਵਿਚਾਰ ਅਧੀਨ ਕੈਦੀਆਂ ਲਈ ਸਹੂਲਤਾਂ ਦਾ ਮੁਲਾਂਕਣ ਕੀਤਾ। ਸਭ ਤੋਂ ਪਹਿਲਾਂ ਕੇਂਦਰੀ ਜੇਲ੍ਹ ਲੁਧਿਆਣਾ ਪਹੁੰਚਣ 'ਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੂੰ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਤੋਂ ਬਾਅਦ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਕੇਂਦਰੀ ਜੇਲ੍ਹ ਅੰਦਰ ਬੈਰਕਾਂ, ਹਾਈ ਸਕਿਉਰਿਟੀ ਜੋਨ, ਰਸੋਈ, ਭੋਜਨ ਸੇਵਾਵਾਂ, ਫੈਕਟਰੀ, ਪੀ.ਸੀ.ਓ, ਬੇਕਰੀ, ਤਰਖਾਣ, ਵੈਲਡਿੰਗ, ਪਾਵਰਲੂਮ, ਬੁਣਾਈ, ਲੱਕੜ ਦਾ ਕੰਮ ਅਤੇ ਟੇਲਰਿੰਗ ਵਰਕਸ਼ਾਪਾਂ ਵਰਗੇ ਕਿੱਤਾਮੁਖੀ ਭਾਗਾਂ ਦਾ ਦੌਰਾ ਕੀਤਾ। ਉਨ੍ਹਾਂ ਸੀ.ਸੀ.ਟੀ.ਵੀ ਕੰਟਰੋਲ ਰੂਮ ਅਤੇ ਹੋਰ ਮਨੋਰੰਜਨ ਸਹੂਲਤਾਂ ਦਾ ਵੀ ਨਿਰੀਖਣ ਕੀਤਾ। ਜੇਲ੍ਹ ਅਧਿਕਾਰੀਆਂ ਨੇ ਉਨ੍ਹਾਂ ਨੂੰ ਹੁਨਰ ਵਿਕਾਸ ਲਈ ਕੈਦੀਆਂ ਲਈ ਉਪਲਬਧ ਵੱਖ-ਵੱਖ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ) ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕੰਪਿਊਟਰ ਰੂਮ ਦਾ ਵੀ ਦੌਰਾ ਕੀਤਾ। ਉਨ੍ਹਾਂ ਨੇ ਜੇਲ੍ਹ ਅੰਦਰ ਸਫ਼ਾਈ ਅਤੇ ਹੋਰ ਸਹੂਲਤਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ। ਉਨ੍ਹਾਂ ਰਸੋਈ ਦੇ ਖਾਣੇ ਦਾ ਵੀ ਸੁਆਦ ਲਿਆ ਅਤੇ ਕੈਦੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਸਫਾਈ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਖਾਸ ਕਰਕੇ ਰਸੋਈ ਵਿੱਚ, ਜਿੱਥੇ ਉਨ੍ਹਾਂ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਖਾਣੇ ਦੀ ਗੁਣਵੱਤਾ ਅਤੇ ਸਫਾਈ ਦਾ ਨਿੱਜੀ ਤੌਰ 'ਤੇ ਮੁਲਾਂਕਣ ਕੀਤਾ। ਕੇਂਦਰੀ ਜੇਲ੍ਹ ਅੰਦਰ ਕੈਦੀਆਂ ਨੇ ਡਾ. ਰਵਜੋਤ ਸਿੰਘ ਨੂੰ ਮਾਤਾ-ਪਿਤਾ 'ਤੇ ਆਪ ਲਿਖੇ ਗੀਤ ਸੁਣਾ ਕੇ ਸੱਭਿਆਚਾਰ ਦਾ ਭਰਪੂਰ ਰੰਗ ਬੰਨਿਆ। ਜਿਸ 'ਤੇ ਡਾ. ਰਵਜੋਤ ਸਿੰਘ ਨੇ ਉਨ੍ਹਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਕੈਦੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ। ਡਾ. ਰਵਜੋਤ ਸਿੰਘ ਨੇ ਜੇਲ੍ਹ ਦੇ ਹਸਪਤਾਲ ਦਾ ਦੌਰਾ ਕਰਕੇ ਡਾਕਟਰੀ ਸੇਵਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਇਕੱਠੀ ਕੀਤੀ, ਜਿਸ ਵਿੱਚ ਓਟ ਕਲੀਨਿਕ, ਐੱਚ.ਆਈ.ਵੀ ਲਈ



ਐਂਟੀਰੇਟਰੋਵਾਇਰਲ ਥੈਰੇਪੀ (ਏ.ਆਰ.ਟੀ), ਟੀ.ਬੀ ਦੇ ਇਲਾਜ ਅਤੇ ਕਾਉਂਸਲਿੰਗ ਪ੍ਰੋਗਰਾਮ ਸ਼ਾਮਲ ਹਨ। ਹਸਪਤਾਲ ਦੇ ਡਾਕਟਰਾਂ ਨੇ ਜੇਲ੍ਹ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਐਕਸਰੇ ਕਰਨ ਲਈ ਪੋਟੇਬਲ ਐਕਸਰੇ ਮਸ਼ੀਨ, ਲੈਬੋਰਟਰੀ ਵਿੱਚ ਟੈਸਟ ਲਈ ਸੈਲ ਕਾਊਂਟਰ ਅਤੇ ਆਈਨਾ ਲਾਈਜਰ ਮਸ਼ੀਨਾਂ ਦੀ ਜ਼ਰੂਰਤ ਹੈ।? ਜੇਲ੍ਹ ਮੰਤਰੀ ਨੇ ਹਸਪਤਾਲ ਦੇ ਮੈਡੀਕਲ ਅਫਸਰ ਡਾ. ਅਮਿਤ ਅਰੋੜਾ ਨੂੰ ਪੋਟੇਬਲ ਐਕਸਰੇ ਮਸ਼ੀਨ, ਟੈਸਟ ਲਈ ਸੈਲ ਕਾਊਂਟਰ ਅਤੇ ਆਈਨਾ ਲਾਈਜਰ ਮਸ਼ੀਨਾਂ ਦੀ ਡੀਮਾਂਡ ਭੇਜਣ ਦੇ ਆਦੇਸ਼ ਦਿੱਤੇ। ਜੇਲ੍ਹ ਮੰਤਰੀ ਨੇ ਕੇਂਦਰੀ ਜੇਲ੍ਹ ਅੰਦਰ ਚੱਲ ਰਹੇ ਰੇਡੀਓ ਉਜਾਲਾ ਪੰਜਾਬ ਰਾਹੀਂ ਲੁਧਿਆਣਾ ਦੀਆਂ ਜੇਲ੍ਹਾਂ ਅੰਦਰ ਕੈਦੀਆਂ ਨੂੰ ਸੰਦੇਸ਼ ਦਿੰਦਿਆਂ ਦੱਸਿਆ ਕਿ ਉਹ ਅੱਜ ਜੇਲ੍ਹ ਦਾ ਦੌਰਾ ਕਰਨ ਲਈ ਆਏ ਹਨ। ਉਨ੍ਹਾਂ ਕੈਦੀਆਂ ਨੂੰ ਕਿਹਾ ਕਿ ਪਿਛਲੀਆਂ ਗਲਤੀਆਂ ਨੂੰ ਛੱਡ ਕੇ ਜਿੰਦਗੀ ਦਾ ਰਹਿੰਦਾ ਸਮਾਂ ਕਾਨੂੰਨ ਦੀ ਪਾਲਣਾ ਕਰਦੇ ਹੋਏ ਬਤੀਤ ਕਰਨ। ਜੇਲ੍ਹ ਵਿੱਚ ਚੱਲ ਰਹੀਆਂ ਗਤੀਵਿਧੀਆਂ ਚਾਹੇ ਉਹ ਕੰਮ ਸਬੰਧੀ ਹੋਣ, ਖੇਡਾਂ ਸਬੰਧੀ ਹੋਣ ਅਤੇ ਜਾਂ ਫਿਰ ਪੜ੍ਹਾਈ ਸਬੰਧੀ ਹੋਵੇ ਆਦਿ ਵਿੱਚ ਆਪਣੇ ਆਪ ਨੂੰ ਰੁੱਝੇ ਰੱਖੋ। ਮੈਂ ਤੁਹਾਡੇ ਸਾਰਿਆਂ ਦੀ ਸਿਹਤਯਾਬੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕਰਦਾ ਹਾਂ।

ਇਸ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਜਨਾਨਾ ਜੇਲ੍ਹ ਵਿੱਚ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵਿਆਪਕ ਜਾਇਜ਼ਾ ਲਿਆ। ਉਨ੍ਹਾਂ ਨੇ ਜੇਲ੍ਹ ਵਿੱਚ ਭੋਜਨ ਸੇਵਾਵਾਂ, ਡਾਕਟਰੀ ਸਹੂਲਤਾਂ, ਲੀਗਲ ਏਡ ਕਲੀਨਿਕ, ਪੀ.ਸੀ.ਓ, ਲਾਇਬਰੇਰੀ, ਬੈਰਕਾਂ, ਫੈਕਟਰੀ ਅਤੇ ਹੋਰ ਕਿੱਤਾਮੁਖੀ ਇਕਾਈਆਂ ਸਮੇਤ ਮੁੱਖ ਸਹੂਲਤਾਂ ਦਾ ਨਿੱਜੀ ਤੌਰ 'ਤੇ ਨਿਰੀਖਣ ਕੀਤਾ। ਡਾ. ਰਵਜੋਤ ਸਿੰਘ ਨੇ ਜਨਾਨਾ ਜੇਲ੍ਹ ਦੇ ਹਸਪਤਾਲ ਦਾ ਦੌਰਾ ਕਰਕੇ ਡਾਕਟਰੀ ਸੇਵਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਇਕੱਠੀ ਕੀਤੀ। ਇਸ ਮੌਕੇ ਹਸਪਤਾਲ ਦੀ ਮੈਡੀਕਲ ਅਫਸਰ ਜਨਾਨਾ ਜੇਲ੍ਹ ਲੁਧਿਆਣਾ ਡਾ. ਸੁਨੇਈਆ ਨੇ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਉਹ ਇੱਕਲੇ ਹੀ 24 ਘੰਟੇ ਦੀ ਸ਼ਿਫਟ 'ਤੇ ਤਾਇਨਾਤ ਹਨ। ਓ.ਪੀ.ਡੀ, ਮੈਡੀਕਲ ਬਣਾਉਣੇ ਅਤੇ ਨਵੇਂ ਆਏ ਕੈਦੀਆਂ ਦੇ ਚੈੱਕਅੱਪ ਅਤੇ ਰਾਤ ਸਮੇਂ ਐਮਰਜੈਂਸੀ ਡਿਊਟੀ ਸੰਭਾਲ ਰਹੇ ਹਨ। ਇਸ ਲਈ ਇੱਕ ਹੋਰ ਅਡੀਸ਼ਨਲ ਮੈਡੀਕਲ ਅਫਸਰ ਤੈਨਾਤ ਕੀਤਾ ਜਾਵੇ। ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਜਨਾਨਾ ਜੇਲ੍ਹ ਦੇ ਸੁਪਰਡੈਂਟ ਦਲਬੀਰ ਸਿੰਘ ਕਾਹਲੋਂ ਨੂੰ ਆਦੇਸ਼ ਦਿੱਤੇ ਕਿ ਅਡੀਸ਼ਨਲ ਮੈਡੀਕਲ ਅਫਸਰ ਤਾਇਨਾਤ ਕਰਨ ਲਈ ਸਿਵਲ ਸਰਜਨ ਲੁਧਿਆਣਾ ਨੂੰ ਡਿਮਾਂਡ ਭੇਜਣ। ਡਾ. ਰਵਜੋਤ ਸਿੰਘ ਵੱਲੋਂ ਜਨਾਨਾ ਜੇਲ੍ਹ, ਲੁਧਿਆਣਾ ਦੀਆਂ ਬੰਦੀ ਔਰਤਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਤੋਂ ਜੇਲ੍ਹ ਹਸਪਤਾਲ ਵਿੱਚ ਮਿਲ ਰਹੀਆਂ ਸਿਹਤ ਸਹੂਲਤਾਂ, ਦਿੱਤਾ ਜਾ ਰਿਹਾ ਖਾਣਾ ਅਤੇ ਉਨ੍ਹਾਂ ਦੇ ਅਦਾਲਤਾਂ ਵਿਚ ਚੱਲ ਰਹੇ ਕੇਸਾਂ ਬਾਰੇ ਜਾਣਕਾਰੀ ਹਾਸਲ ਕੀਤੀ।

# ਵਿਜੀਲੈਂਸ ਬਿਊਰੋ ਨੇ ਰਿਸ਼ਵਤ ਲੈਂਦਾ ਪ੍ਰਿੰਸੀਪਲ ਰੰਗੇ ਹੱਥੀਂ ਕੀਤਾ ਕਾਬੂ




ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਕੈਂਪ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅਜੀਤਸਰ ਮੋਹੀ ਜ਼ਿਲ੍ਹਾ ਲੁਧਿਆਣਾ (ਸਰਕਾਰੀ ਸਹਾਇਤਾ ਪ੍ਰਾਪਤ) ਵਿਖੇ ਤਾਇਨਾਤ ਪ੍ਰਿੰਸੀਪਲ ਗੁਰਮੀਤ ਸਿੰਘ ਨੂੰ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਮੋਹੀ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਕੋਵਿਡ ਦੇ ਸਮੇਂ ਦੌਰਾਨ 10ਵੀਂ ਜਮਾਤ ਪਾਸ ਕੀਤੀ ਸੀ ਅਤੇ ਉਸਨੂੰ ਅਜੇ ਤੱਕ 10ਵੀਂ ਜਮਾਤ ਪਾਸਿੰਗ ਸਰਟੀਫਿਕੇਟ ਨਹੀਂ ਮਿਲਿਆ ਸੀ। ਉਸਨੇ ਡੁਪਲੀਕੇਟ ਸਰਟੀਫਿਕੇਟ ਲਈ ਵੀ ਔਨਲਾਈਨ ਅਰਜ਼ੀ ਦਿੱਤੀ ਸੀ ਪਰ ਉਸਨੂੰ ਉਹ ਵੀ ਨਹੀਂ ਮਿਲਿਆ। ਇਸ ਤੋਂ ਬਾਅਦ ਉਸਨੇ ਆਪਣਾ ਮੈਟ੍ਰਿਕ ਸਰਟੀਫਿਕੇਟ ਲੈਣ ਲਈ ਆਪਣੇ ਸਕੂਲ ਦੇ ਪ੍ਰਿੰਸੀਪਲ ਕੋਲ ਪਹੁੰਚ ਕੀਤੀ। ਇਸ ਸਬੰਧ ਵਿੱਚ ਉਕਤ ਮੁਲਜ਼ਮ ਪ੍ਰਿੰਸੀਪਲ ਨੇ ਉਸ ਤੋਂ 15800 ਰੁਪਏ ਰਿਸ਼ਵਤ ਮੰਗੀ ਅਤੇ ਮੌਕੇ 'ਤੇ ਹੀ ਉਸਤੋਂ 10,000 ਰੁਪਏ ਰਿਸ਼ਵਤ ਲੈ ਵੀ ਲਈ। ਦੱਸਣਯੋਗ ਹੈ ਕਿ ਡੁਪਲੀਕੇਟ ਸਰਟੀਫਿਕੇਟ ਪ੍ਰਾਪਤ ਕਰਨ ਲਈ ਸਰਕਾਰੀ ਫੀਸ 900 ਰੁਪਏ ਅਤੇ ਤਤਕਾਲ ਸਰਕਾਰੀ ਫੀਸ 2000 ਰੁਪਏ ਹੈ। ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਲੁਧਿਆਣਾ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪ੍ਰਿੰਸੀਪਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਹੜਤਾਲੀ ਮਜ਼ਦੂਰਾਂ ਦੇ ਹੱਕ 'ਚ ਲੁਧਿਆਣਾ ਵਿੱਚ ਰੋਸ ਮੁਜ਼ਾਹਰਾ

ਜ਼ਿਕਰ ਪੰਜਾਬ

**ਲੁਧਿਆਣਾ/ਦਲੀਪ ਕਪੂਰ**

ਉੱਤਰ ਪ੍ਰਦੇਸ਼, ਹਰਿਆਣਾ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਠ ਘੰਟੇ ਕੰਮ, ਢੁੱਕਵੀਂ ਤਨਖਾਹ ਅਤੇ ਹੋਰ ਮੰਗਾਂ ਲਈ ਜਾਰੀ ਮਜ਼ਦੂਰਾਂ ਦੇ ਸੰਘਰਸ਼ ਦੇ ਸਮਰਥਨ ਵਿੱਚ ਅੱਜ ਲੁਧਿਆਣਾ ਦੇ ਸਮਰਾਲਾ ਚੌਕ 'ਤੇ ਰੋਸ ਮੁਜ਼ਾਹਰਾ ਕੀਤਾ ਗਿਆ। ਇਹ ਰੋਸ ਮੁਜ਼ਾਹਰਾ ਕਾਰਖ਼ਾਨਾ ਮਜ਼ਦੂਰ ਯੂਨੀਅਨ, ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਅਤੇ ਨੌਜਵਾਨ ਭਾਰਤ ਸਭਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਜੱਥੇਬੰਦੀਆਂ ਨੇ ਮਜ਼ਦੂਰਾਂ ਦੀਆਂ ਪੂਰੀ ਤਰ੍ਹਾਂ ਜਾਇਜ਼ ਮੰਗਾਂ 'ਤੇ ਜਾਰੀ ਸ਼ਾਂਤੀਪੂਰਨ ਹੜਤਾਲਾਂ ਨੂੰ ਕੁਚਲਣ ਦੀਆਂ ਕਾਰਵਾਈਆਂ ਦੀ ਸਖ਼ਤ ਨਿਖੇਧੀ ਕੀਤੀ ਹੈ। ਜੱਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਸੰਘਰਸ਼ਸ਼ੀਲ ਮਜ਼ਦੂਰਾਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ। ਅੱਠ ਘੰਟੇ ਕੰਮ ਦੀ ਘੱਟੋ-ਘੱਟ ਤਨਖ਼ਾਹ 26,000 ਰੁਪਏ ਲਾਗੂ ਕੀਤੀ ਜਾਵੇ। ਦਿਹਾੜੀ-ਪੀਸ ਰੇਟ ਇਸੇ ਹਿਸਾਬ ਨਾਲ ਤੈਅ ਕੀਤੀ ਜਾਵੇ। ਔਰਤ ਮਜ਼ਦੂਰਾਂ ਨੂੰ ਬਰਾਬਰ ਕੰਮ ਦੀ ਬਰਾਬਰ ਤਨਖ਼ਾਹ ਮਿਲੇ। ਅੱਠ ਘੰਟੇ ਦਿਹਾੜੀ ਦਾ ਕਾਨੂੰਨ ਸਖ਼ਤੀ ਨਾਲ ਲਾਗੂ ਹੋਵੇ। ਜ਼ਬਰੀ ਓਵਰਟਾਈਮ ਬੰਦ ਹੋਵੇ। ਓਵਰਟਾਈਮ ਦਾ ਦੁੱਗਣਾ ਭੁਗਤਾਨ ਹੋਵੇ।







ਹਫ਼ਤਾਵਾਰੀ ਅਤੇ ਹੋਰ ਛੁੱਟੀਆਂ ਲਾਗੂ ਕੀਤੀਆਂ ਜਾਣ। ਹੜਤਾਲਾਂ ਨੂੰ ਕੁਚਲਣ ਦੀਆਂ ਸਾਰੀਆਂ ਜਾਬਰ ਕਾਰਵਾਈਆਂ ਬੰਦ ਕੀਤੀਆਂ ਜਾਣ। ਗ੍ਰਿਫ਼ਤਾਰ ਮਜ਼ਦੂਰਾਂ, ਕਾਰਕੁਨਾਂ, ਆਗੂਆਂ ਨੂੰ ਤੁਰੰਤ ਰਿਹਾ ਕੀਤਾ ਜਾਵੇ। ਸੰਘਰਸ਼ 'ਤੇ ਪਾਕਿਸਤਾਨੀ ਕਨੈਕਸ਼ਨ, ਦਹਿਸ਼ਤਗਰਦ ਕਨੈਕਸ਼ਨ ਆਦਿ ਝੂਠੇ ਦੋਸ਼ ਲਾਉਣੇ ਬੰਦ ਕੀਤੇ ਜਾਣ। ਥੋਪੇ ਗਏ ਸਾਰੇ ਨਾਜਾਇਜ਼ ਪੁਲੀਸ ਕੇਸ ਰੱਦ ਕੀਤੇ ਜਾਣ। ਠੇਕੇਦਾਰੀ, ਪੀਸ ਰੇਟ, ਦਿਹਾੜੀ 'ਤੇ ਕੰਮ ਕਰਨ ਵਾਲੇ ਕੱਚੇ ਮਜ਼ਦੂਰਾਂ ਨੂੰ ਪੱਕਾ ਕੀਤਾ ਜਾਵੇ। ਕੰਮ ਦੀਆਂ ਹਾਲਤਾਂ ਵਿੱਚ ਸੁਧਾਰ ਕੀਤਾ ਜਾਵੇ। ਹਾਦਸਿਆਂ ਤੋਂ ਸੁਰੱਖਿਆ ਦੇ ਪੂਰੇ ਪ੍ਰਬੰਧ ਹੋਣ। ਮਜ਼ਦੂਰਾਂ ਦੇ ਸਾਰੇ ਕਨੂੰਨੀ ਕਿਰਤ ਹੱਕ ਸਖ਼ਤੀ ਨਾਲ ਲਾਗੂ ਕੀਤੇ ਜਾਣ, ਕਿਰਤ ਕਨੂੰਨਾਂ ਵਿੱਚ ਮਜ਼ਦੂਰ-ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ। ਮਹਿੰਗਾਈ ਘਟਾਉਣ ਲਈ ਸਰਕਾਰ ਢੁੱਕਵੇਂ ਕਦਮ ਚੁੱਕੇ। ਰੋਸ ਮੁਜਾਹਰੇ ਨੂੰ ਕਾਰਖ਼ਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ, ਟੈਕਸਟਾਈਲ-ਹੌਜ਼ਰੀ ਕਾਮਗਾਰ ਯੂਨੀਅਨ ਦੇ ਆਗੂ ਵਿਸ਼ਵਨਾਥ, ਨੌਜਵਾਨ ਭਾਰਤ ਸਭਾ ਦੀ ਆਗੂ ਰਵਿੰਦਰ ਕੌਰ ਨੇ ਸੰਬੋਧਨ ਕੀਤਾ। ਸਾਥੀ ਰਮੇਸ਼, ਮੌਸਮ, ਦਿਸ਼ਾ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਮੰਚ ਸੰਚਾਲਨ ਸਾਥੀ ਤਰਨਪ੍ਰੀਤ ਨੇ ਕੀਤਾ। ਬੁਲਾਰਿਆਂ ਨੇ ਕਿਹਾ ਕਿ ਸੰਘਰਸ਼ਸ਼ੀਲ ਮਜ਼ਦੂਰਾਂ ਦਾ ਸਾਥ ਦਿੰਦਿਆਂ ਬਾਕੀ ਮਜ਼ਦੂਰਾਂ ਨੂੰ ਵੀ ਸੰਘਰਸ਼ ਦੇ ਮੈਦਾਨ ਵਿੱਚ ਉਤਰਨਾ ਹੋਵੇਗਾ।

# ਫਤਿਹਾਬਾਦ ਵਿੱਚ ਸਾਈਬਰ ਧੋਖਾਧੜੀ ਅਤੇ ਸਾਈਬਰ ਅਪਰਾਧ ਨੂੰ ਰੋਕਣ ਲਈ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

ਜ਼ਿਕਰ ਪੰਜਾਬ

**ਫਤਿਹਾਬਾਦ/ਬਿਊਰੋ**

ਦੂਰਸੰਚਾਰ ਵਿਭਾਗ , ਹਰਿਆਣਾ ਐਲਐਸਏ ਨੇ ਫਤਿਹਾਬਾਦ ਪੁਲਿਸ ਦੇ ਤਾਲਮੇਲ ਨਾਲ, ਪੁਲਿਸ ਲਾਈਨਜ਼, ਫਤਿਹਾਬਾਦ ਵਿਖੇ ਇੱਕ ਉੱਚ-ਪ੍ਰਭਾਵੀ ਗੱਲਬਾਤ-ਕਮ-ਜਾਗਰੂਕਤਾ ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ। ਸ਼੍ਰੀ ਰਾਧਾਚਰਨ ਸ਼ਾਕਿਆ, ਵਧੀਕ ਡਾਇਰੈਕਟਰ ਜਨਰਲ ਆਫ਼ ਦੂਰਸੰਚਾਰ, ਹਰਿਆਣਾ। ਐਲਐਸਏ, ਅਤੇ ਸ਼੍ਰੀਮਤੀ ਨਿਕਿਤਾ ਖੱਟਰ, ਪੁਲਿਸ ਸੁਪਰਡੈਂਟ, ਫਤਿਹਾਬਾਦ ਨੇ ਸਾਂਝੇ ਤੌਰ 'ਤੇ ਮੀਟਿੰਗ ਦੀ ਪ੍ਰਧਾਨਗੀ ਕੀਤੀ। ਪ੍ਰੋਗਰਾਮ ਵਿੱਚ ਜ਼ਿਲ੍ਹੇ ਭਰ ਦੇ ਪੁਲਿਸ ਅਧਿਕਾਰੀਆਂ, ਦੂਰਸੰਚਾਰ ਸੇਵਾ ਪ੍ਰਦਾਤਾ ਅਤੇ ਪੁਆਇੰਟ ਆਫ਼ ਸੇਲ ਕਰਮਚਾਰੀਆਂ ਸਮੇਤ ਲਗਭਗ 100 ਲੋਕਾਂ ਨੇ ਸ਼ਿਰਕਤ ਕੀਤੀ। ਪੁਲਿਸ ਸੁਪਰਡੈਂਟ, ਫਤਿਹਾਬਾਦ ਨੇ ਦੂਰਸੰਚਾਰ ਵਿਭਾਗ ਦੇ ਸਾਂਝੇ ਤੌਰ 'ਤੇ ਅਜਿਹੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰਨ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਡਿਜੀਟਲ ਯੁੱਗ ਵਿੱਚ, ਧੋਖਾਧੜੀ ਕਰਨ ਵਾਲਿਆਂ ਦੁਆਰਾ ਪੈਦਾ ਹੋਣ ਵਾਲੇ ਖਤਰਿਆਂ ਦਾ ਮੁਕਾਬਲਾ ਕਰਨ ਲਈ ਸਾਈਬਰ ਅਪਰਾਧ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਅਤੇ ਰੋਕਣ ਲਈ ਸਾਰੇ ਹਿੱਸੇਦਾਰਾਂ ਵਿਚਕਾਰ ਨਜ਼ਦੀਕੀ ਤਾਲਮੇਲ ਦੀ ਲੋੜ ਹੈ। ਹਰਿਆਣਾ ਐਲਐਸਏ ਦੇ ਵਧੀਕ ਡਾਇਰੈਕਟਰ ਜਨਰਲ ਨੇ ਰਾਸ਼ਟਰ ਨਿਰਮਾਣ ਅਤੇ ਮਾਨਯੋਗ ਪ੍ਰਧਾਨ ਮੰਤਰੀ ਦੇ ਡਿਜੀਟਲ ਇੰਡੀਆ ਦੇ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਵਿੱਚ ਸੁਰੱਖਿਅਤ ਸੰਚਾਰ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਸਾਈਬਰ ਧੋਖਾਧੜੀ ਅਤੇ ਦੂਰਸੰਚਾਰ ਸੇਵਾਵਾਂ ਦੀ ਦੁਰਵਰਤੋਂ ਦੇ ਵਧ ਰਹੇ ਖ਼ਤਰੇ 'ਤੇ ਜ਼ੋਰ ਦਿੱਤਾ, ਸਾਰੇ ਹਿੱਸੇਦਾਰਾਂ ਦੁਆਰਾ ਚੌਕਸੀ ਅਤੇ ਸਰਗਰਮ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ, ਦੂਰਸੰਚਾਰ ਵਿਭਾਗ ਦੀਆਂ ਵੱਖ-ਵੱਖ ਨਵੀਆਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ ਗਿਆ ਅਤੇ ਦੂਰਸੰਚਾਰ ਵਿਭਾਗ ਦੀਆਂ ਪ੍ਰਕਿਰਿਆਵਾਂ ਦੀ ਪਾਲਣਾ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਸਿਮ ਪ੍ਰਾਪਤੀ ਪ੍ਰਕਿਰਿਆ ਨੂੰ ਵੀ ਸ਼ਾਮਲ ਕੀਤਾ ਗਿਆ, ਜਿਸ ਵਿੱਚ ਪੀਓਐਸ ਆਪਰੇਟਰਾਂ ਅਤੇ ਟੀਐਸਪੀਜ਼ ਲਈ ਦੁਰਵਰਤੋਂ ਨੂੰ ਰੋਕਣ ਲਈ ਜ਼ਰੂਰੀ ਸਾਵਧਾਨੀਆਂ 'ਤੇ ਜ਼ੋਰ ਦਿੱਤਾ ਗਿਆ। ਦੂਰਸੰਚਾਰ ਵਿਭਾਗ ਨੇ ਜਾਗਰੂਕਤਾ ਪਹਿਲਕਦਮੀਆਂ, ਰੋਕਥਾਮ ਉਪਾਵਾਂ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸੇਵਾ ਪ੍ਰਦਾਤਾਵਾਂ ਨਾਲ ਮਜ਼ਬੂਤ ??ਤਾਲਮੇਲ ਰਾਹੀਂ ਨਾਗਰਿਕਾਂ ਦੀ ਸੁਰੱਖਿਆ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ, ਜੋ ਇੱਕ ਸੁਰੱਖਿਅਤ, ਭਰੋਸੇਮੰਦ ਅਤੇ ਜ਼ਿੰਮੇਵਾਰ ਦੂਰਸੰਚਾਰ ਵਾਤਾਵਰਣ ਨੂੰ ਉਤਸ਼ਾਹਿਤ ਕਰੇਗਾ।

# ਕੈਬਨਿਟ ਮੰਤਰੀ ਮੁੰਡੀਆਂ ਨੇ 1.74 ਕਰੋੜ ਰੁਪਏ ਦੇ ਮੁੱਖ ਸੜਕੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਸਥਾਨਕ ਸੜਕੀ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦਿੰਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ 1.74 ਕਰੋੜ ਰੁਪਏ ਦੀ ਲਾਗਤ ਨਾਲ ਰਾਮ ਨਗਰ ਤੋਂ ਸਾਹਿਬਾਨਾ ਚੌਕ ਤੱਕ 1.42 ਕਿਲੋਮੀਟਰ ਸੜਕ ਦੇ ਆਧੁਨਿਕੀਕਰਨ ਲਈ ਨੀਂਹ ਪੱਥਰ ਰੱਖਿਆ। ਸਮਾਗਮ ਵਿੱਚ ਨਿਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਮੁੰਡੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੜਕੀ ਨੈੱਟਵਰਕ ਨੂੰ ਅਪਗ੍ਰੇਡ ਕਰਨ ਲਈ ਰਾਜ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।

ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਆਉਣ-ਜਾਣ ਨੂੰ ਕਾਫ਼ੀ ਸੌਖਾ ਬਣਾਏਗਾ ਅਤੇ ਅਧਿਕਾਰੀਆਂ ਨੂੰ ਵਾਤਾਵਰਣ ਸਬੰਧੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਉੱਚ-ਗੁਣਵੱਤਾ ਦੇ ਮਿਆਰਾਂ ਨੂੰ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਸਥਾਨਕ ਲੋਕਾਂ ਨੂੰ ਪਾਰਦਰਸ਼ਤਾ ਅਤੇ ਸਮੇਂ ਸਿਰ ਪੂਰਾ ਹੋਣ ਲਈ ਪ੍ਰੋਜੈਕਟ ਦੀ ਸਰਗਰਮੀ ਨਾਲ ਨਿਗਰਾਨੀ ਕਰਨ ਦੀ ਅਪੀਲ ਕੀਤੀ।

ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿਹਾ ਇਹ ਇੱਕ ਲੋਕ-ਕੇਂਦ੍ਰਿਤ ਸਰਕਾਰ ਹੈ ਅਤੇ ਇਹ ਸੜਕਾਂ ਲੋਕਾਂ ਲਈ ਬਣਾਈਆਂ ਗਈਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਖੇਤਰ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦੇ ਹੋਏ ਰਾਜ ਭਰ ਵਿੱਚ ਪਿੰਡ ਅਤੇ ਸ਼ਹਿਰ ਦੀਆਂ ਸੜਕਾਂ 'ਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਫਲਾਇੰਗ ਸਕੁਐਡ ਬਣਾਏ ਗਏ ਹਨ।

# ਪੀਜੀਆਈ ਵਿਖੇ ਨਿਊਰੋਲੋਜੀ ਅਤੇ ਨਿਊਰੋਸਰਜਰੀ ਆਊਟਪੇਸ਼ੈਂਟ ਸੇਵਾਵਾਂ (ਓਪੀਡੀ) ਅੱਜ ਤੋਂ ਐਡਵਾਂਸਡ ਨਿਊਰੋਸਾਇੰਸ ਸੈਂਟਰ ਵਿੱਚ ਹੋ ਜਾਣਗੀਆਂ ਤਬਦੀਲ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਪੀ ਜੀ ਆਈ ਐਮ ਈ ਆਰ, ਚੰਡੀਗੜ੍ਹ ਨੇ ਐਲਾਨ ਕੀਤਾ ਹੈ ਕਿ ਨਿਊਰੋਲੋਜੀ ਅਤੇ ਨਿਊਰੋਸਰਜਰੀ ਲਈ ਆਊਟਪੇਸ਼ੈਂਟ ਸੇਵਾਵਾਂ (ਓਪੀਡੀ) (ਨਿਊਰੋਸਰਜਰੀ ਟਰਾਮਾ ਓਪੀਡੀ ਨੂੰ ਛੱਡ ਕੇ) 20 ਅਪ੍ਰੈਲ, 2026 ਤੋਂ ਐਡਵਾਂਸਡ ਨਿਊਰੋਸਾਇੰਸ ਸੈਂਟਰ (ਐਸਬੀਆਈ ਬੈਂਕ ਅਤੇ ਗੋਲ ਮਾਰਕੀਟ ਦੇ ਨੇੜੇ) ਦੇ ਪੱਧਰ 2 'ਤੇ ਕੰਮ ਕਰਨਗੀਆਂ। ਇਸ ਤਬਦੀਲੀ ਨੂੰ ਸੁਚਾਰੂ ਬਣਾਉਣ ਲਈ, ਇਹ ਸੇਵਾਵਾਂ 18 ਅਪ੍ਰੈਲ, 2026 ਨੂੰ ਦੁਪਹਿਰ ਤੋਂ ਬਾਅਦ ਨਵੇਂ ਓਪੀਡੀ ਬਲਾਕ ਤੋਂ ਬੰਦ ਕਰ ਦਿੱਤੀਆਂ ਜਾਣਗੀਆਂ। ਇਸ ਤਬਦੀਲੀ ਨੂੰ ਮਰੀਜ਼ਾਂ ਦੀ ਦੇਖਭਾਲ ਅਤੇ ਕਲੀਨਿਕਲ ਕੁਸ਼ਲਤਾ ਨੂੰ ਬਿਹਤਰ ਬਣਾਉਣ ਵੱਲ ਇੱਕ ਮਹੱਤਵਪੂਰਨ ਪਹਿਲਕਦਮੀ ਦੱਸਦਿਆਂ, ਪੀਜੀਆਈਐਮਈਆਰ ਦੇ ਡਾਇਰੈਕਟਰ, ਪ੍ਰੋ. ਵਿਵੇਕ ਲਾਲ ਨੇ ਕਿਹਾ: ਵਿਵੇਕ ਲਾਲ ਨੇ ਕਿਹਾ, ਇਹ ਸਿਰਫ਼ ਇੱਕ ਸਥਾਨਾਂਤਰਣ ਨਹੀਂ ਹੈ, ਸਗੋਂ ਨਿਊਰੋਲੋਜੀਕਲ ਦੇਖਭਾਲ ਪ੍ਰਦਾਨ ਕਰਨ ਦੇ ਤਰੀਕੇ ਵਿੱਚ ਇੱਕ ਪਰਿਵਰਤਨਸ਼ੀਲ ਕਦਮ ਹੈ। ਸਲਾਹ-ਮਸ਼ਵਰੇ, ਜਾਂਚ ਅਤੇ ਐਡਵਾਂਸਡ ਨਿਊਰੋਸਾਇੰਸ ਸੈਂਟਰ ਵਿਖੇ ਉੱਨਤ ਇਲਾਜ ਸਹੂਲਤਾਂ ਦੇ ਨਾਲ, ਅਸੀਂ ਇੱਕ ਮਰੀਜ਼-ਕੇਂਦ੍ਰਿਤ ਪ੍ਰਣਾਲੀ ਵਿਕਸਤ ਕਰ ਰਹੇ ਹਾਂ ਜੋ ਦੇਰੀ ਨੂੰ ਘਟਾਉਂਦੀ ਹੈ, ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਕਰਦੀ ਹੈ, ਅਤੇ ਇੱਕ ਵਧੇਰੇ ਸਹਿਜ ਮਰੀਜ਼ ਅਨੁਭਵ ਪ੍ਰਦਾਨ ਕਰਦੀ ਹੈ। ਇਹ ਕਦਮ ਸੁਪਰ-ਸਪੈਸ਼ਲਿਟੀ ਸਿਹਤ ਸੰਭਾਲ ਵਿੱਚ ਨਵੇਂ ਮਾਪਦੰਡ ਸਥਾਪਤ ਕਰਨ ਲਈ PGIMER ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮਰੀਜ਼ ਅਤੇ ਉਨ੍ਹਾਂ ਦੇ ਰਿਸ਼ਤੇਦਾਰ PGIMER, ਚੰਡੀਗੜ੍ਹ ਦੇ ਗੇਟ ਨੰਬਰ 3 ਤੋਂ ਐਡਵਾਂਸਡ ਨਿਊਰੋਸਾਇੰਸ ਸੈਂਟਰ ਵਿੱਚ ਦਾਖਲ ਹੋ ਸਕਦੇ ਹਨ। ਸੈਲਾਨੀਆਂ ਨੂੰ ਮਾਰਗਦਰਸ਼ਨ ਕਰਨ ਅਤੇ ਸੁਚਾਰੂ ਪ੍ਰਵਾਹ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ। ਸਾਰੀਆਂ ਸਬੰਧਤ ਧਿਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਬਦਲਾਅ ਵੱਲ ਧਿਆਨ ਦੇਣ ਅਤੇ ਸਹਿਯੋਗ ਪ੍ਰਦਾਨ ਕਰਨ।

# ਖੰਨਾ 'ਚ ਭਗਵਾਨ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ

## ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਜ਼ਿਕਰ ਪੰਜਾਬ

**ਖੰਨਾ/ਬਿਊਰੋ**

ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਵੀਂ ਆਬਾਦੀ ਖੰਨਾ ਸਥਿਤ ਸ਼੍ਰੀ ਵਿਸ਼ਵਕਰਮਾ ਮੰਦਰ ਵਿਖੇ ਸ਼?ਰੀ ਵਿਸ਼ਵਕਰਮਾ ਐਜੂਕੇਸ਼ਨਲ ਐਂਡ ਵੈਲਫੇਅਰ ਸਭਾ ਖੰਨਾ ਵੱਲੋਂ 10ਵਾਂ ਭਗਵਾਨ ਸ਼?ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸੂਈ ਤੋਂ ਲੈ ਕੇ ਰਾਕਟ ਤੱਕ ਦਾ ਜੋ ਨਿਰਮਾਣ ਹੋਇਆ ਹੈ, ਉਹ ਸਭ ਭਗਵਾਨ ਸ਼੍ਰੀ ਵਿਸ਼ਵਕਰਮਾ ਜੀ ਦੀ ਹੀ ਦੇਣ ਹੈ। ਉਨ੍ਹਾਂ ਕਿਹਾ ਕਿ ਚੰਗੀ ਸਕਿੱਲ ਡਿਵੈਲਪਮੈਂਟ ਲਈ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਤਕਨੀਕੀ ਸਿੱਖਿਆ ਬਾਰੇ ਵੱਡੇ ਫੈਸਲੇ ਲਏ ਹਨ ਤਾਂ ਜੋ ਨੌਜਵਾਨ ਪੀੜ੍ਹੀ ਲਈ ਸਵੈ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾ ਸਕਣ। ਸੌਂਦ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਆਦਿ ਦਾ ਤਿਆਗ ਕਰਕੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ। ਇਸ ਮੌਕੇ ਕੈਬਨਿਟ ਮੰਤਰੀ ਸੌਂਦ ਨੇ ਮੰਦਰ ਕਮੇਟੀ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਮੰਦਰ ਦੀ ਪਾਰਕਿੰਗ ਲਈ ਜਗ੍ਹਾ ਦੀ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਮੰਦਰ ਦੇ ਕਮਿਊਨਿਟੀ ਹਾਲ ਲਈ ਪਿਛਲੇ ਵਰ੍ਹੇ ਦੌਰਾਨ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਸੀ। ਉਨ੍ਹਾਂ ਮੰਦਰ ਦੇ ਕਮਿਊਨਿਟੀ ਹਾਲ ਦੇ ਚੱਲ ਰਹੇ ਹੋਰ ਕਾਰਜਾਂ ਲਈ ਜਲਦ ਹੀ 5 ਲੱਖ ਰੁਪਏ ਦੀ ਹੋਰ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਵਿਸ਼ਵਕਰਮਾ ਮੰਦਰ ਦੀ ਪ੍ਰਬੰਧਕ ਕਮੇਟੀ ਵੱਲੋਂ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਵਿਸ਼ੇਸ਼




ਮਹਿਮਾਨ ਵਜੋਂ ਬਾਬਾ ਵਿਸ਼ਵਕਰਮਾ ਰਾਮਗੜ੍ਹੀਆ ਆਰਗੇਨਾਈਜ਼ੇਸ਼ਨ ਖੰਨਾ ਅਤੇ ਬਾਬਾ ਵਿਸ਼ਵਕਰਮਾ ਰਾਮਗੜ੍ਹੀਆ ਸਭਾ ਦੇ ਪ੍ਰਧਾਨ ਭੁਪਿੰਦਰ ਸਿੰਘ ਸੌਂਦ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਵਿਸ਼ਵਕਰਮਾ ਐਜੂਕੇਸ਼ਨਲ ਐਂਡ ਵੈਲਫੇਅਰ ਸਭਾ ਖੰਨਾ ਦੇ ਪ੍ਰਧਾਨ ਬਲਵਿੰਦਰ ਸਿੰਘ ਸੌਂਦ, ਇੰਦਰਜੀਤ ਸਿੰਘ ਸੋਹਲ, ਸ਼੍ਰੀ ਵਿਸ਼ਵਕਰਮਾ ਮੰਦਰ ਕਮੇਟੀ ਪਟਿਆਲਾ ਦੇ ਪ੍ਰਧਾਨ ਸਰਬਜੀਤ ਸਿੰਘ ਧੀਮਾਨ, ਖਾਟੂ ਸ਼ਿਆਮ ਮੰਦਰ ਖੰਨਾ ਦੇ ਪ੍ਰਧਾਨ ਸੁਨੀਲ ਕੁਮਾਰ ਗੁਪਤਾ, ਗੁਰਦੁਆਰਾ ਕਲਗੀਧਰ ਖੰਨਾ ਦੇ ਸਕੱਤਰ ਅਵਤਾਰ ਸਿੰਘ ਕੈਂਥ ਤੇ ਰਵਿੰਦਰ ਸਿੰਘ ਚਾਨਾ, ਸਮਾਜਸੇਵੀ ਹੰਸ ਰਾਜ ਬਿਰਾਨੀ ਤੇ ਰਾਹੁਲ ਗਰਗ ਬਾਵਾ, ਸ਼੍ਰੀ ਵਿਸ਼ਵਕਰਮਾ ਰਾਮਗੜ੍ਹੀਆਂ ਸਭਾ ਖੰਨਾ-ਭੱਟੀਆ ਦੇ ਚੇਅਰਮੈਨ ਪੁਸ਼ਕਰਰਾਜ ਸਿੰਘ ਰੂਪਰਾਏ, ਮੀਤ ਪ੍ਰਧਾਨ ਵਰਿੰਦਰ ਸਿੰਘ ਦਹੇਲੇ, ਸ਼੍ਰੀ ਵਿਸ਼ਵਕਰਮਾ ਮੰਦਰ ਕਮੇਟੀ ਦੋਰਾਹਾ ਦੇ ਪ੍ਰਧਾਨ ਹਰਵਿੰਦਰ ਸਿੰਘ, ਵਿਸ਼ਵਕਰਮ ਮੰਦਰ ਕਮੇਟੀ ਭਾਦਸੋਂ ਦੇ ਪ੍ਰਧਾਨ ਮਨਪ੍ਰੀਤ ਸਿੰਘ (ਕਰਤਾਰ ਕੰਬਾਇਨ), ਸ਼੍ਰੀ ਵਿਸ਼ਵਕਰਮਾ ਸਭਾ ਮਲੇਰਕੋਟਲਾ ਦੇ ਪ੍ਰਧਾਨ ਦਵਿੰਦਰ ਸਿੰਘ ਮਠਾੜੂ, ਭਗਵਾਨ ਸ਼੍ਰੀ ਵਿਸ਼ਵਕਰਮਾ ਸਭਾ ਰਾਜਪੁਰਾ ਦੇ ਪ੍ਰਧਾਨ ਰਣਜੀਤ ਸਿੰਘ, ਸ਼੍ਰੀ ਵਿਸ਼ਵਕਰਮਾ ਮੰਦਰ ਕਮੇਟੀ ਭਵਾਨੀਗੜ੍ਹ ਦੇ ਪ੍ਰਧਾਨ ਜਸਵਿੰਦਰ ਸਿੰਘ ਮੂਧੜ, ਸ਼੍ਰੀ ਵਿਸ਼ਵਕਰਮਾ ਮੰਦਰ ਕਮੇਟੀ ਨਾਭਾ ਦੇ ਚੇਅਰਮੈਨ ਭਗਵੰਤ ਸਿੰਘ ਤੋਂ ਇਲਾਵਾ ਹੋਰ ਵੀ ਸ਼ਖ਼ਸੀਅਤਾਂ ਮੌਜੂਦ ਸਨ।

# ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਇਕੱਠੇ ਆਉਣ ਨਾਲ ਮੁੜ ਖ਼ੁਸ਼ਹਾਲ ਹੋਵੇਗਾ ਪੰਜਾਬ : ਲਵਲੀ

ਜ਼ਿਕਰ ਪੰਜਾਬ

**ਲੁਧਿਆਣਾ/ਅਸ਼ਵਨੀ ਅਹੂਜਾ**

ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵਿਚਾਲੇ ਬੀਤੇ ਦਿਨ ਹੋਈ ਮੀਟਿੰਗ ਨਾਲ ਪੰਜਾਬ ਦੇ ਲੋਕਾਂ ਵਿੱਚ ਇੱਕ ਖ਼ੁਸ਼ਹਾਲ ਅਤੇ ਤਰੱਕੀ ਪਸੰਦ ਸਰਕਾਰ ਦੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸੱਤਾ ਵਿੱਚ ਆਉਣ ਦੀ ਉਮੀਦ ਹੋਰ ਮਜ਼ਬੂਤ ਹੋਈ ਹੈ। ਇਹ ਸ਼ਬਦ ਅਕਾਲੀ ਦਲ 'ਵਾਰਿਸ ਪੰਜਾਬ ਦੇ' ਸੀਨੀਅਰ ਆਗੂ ਤੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਮਜਬੂਤੀ ਨਾਲ ਆਵਾਜ਼ ਚੁੱਕਣ ਵਾਲੇ ਰਾਜੀਵ ਕੁਮਾਰ ਲਵਲੀ ਨੇ ਇੱਥੇ ਜਾਰੀ ਇੱਕ ਬਿਆਨ ਵਿੱਚ ਕਹੇ। ਇਸ ਮੌਕੇ ਲਵਲੀ ਨੇ ਕਿਹਾ ਕਿ ਮੌਜੂਦਾ ਸ਼ਾਸਨ ਵਿੱਚ ਪੰਜਾਬ ਨਸ਼ਿਆਂ, ਬੇਰੁਜ਼ਗਾਰੀ, ਗੈਂਗਸਟਰਵਾਦ ਅਤੇ ਕਾਨੂੰਨ ਤੇ ਵਿਵਸਥਾ ਦੀ ਮਾੜੀ ਹਾਲਤ ਦਾ ਸੰਤਾਪ ਭੋਗ ਰਿਹਾ ਹੈ। ਇਹਨਾਂ ਮਾੜੇ ਹਾਲਾਤਾਂ ਤੋਂ ਸਮਾਜ ਦਾ ਹਰ ਵਰਗ ਫਿਰ ਭਾਵੇਂ ਉਹ ਕੋਈ ਵਪਾਰੀ, ਕਿਸਾਨ, ਨੌਕਰੀ ਪੇਸ਼ਾ ਜਾਂ ਫਿਰ ਨੌਜਵਾਨ ਹੋਣ, ਦੁਖੀ ਹਨ ਅਤੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਆਵਾਜ਼ ਨੂੰ ਬੁਲੰਦੀ ਨਾਲ ਚੁੱਕਣ ਵਿੱਚ ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਤੋਂ ਲੋਕਾਂ ਨੂੰ ਬਹੁਤ ਉਮੀਦਾਂ ਹਨ।



ਉਹਨਾਂ ਨੇ ਜ਼ੋਰ ਦਿੰਦਿਆਂ, ਕਿਹਾ ਕਿ ਸੂਬੇ ਦੇ ਮਾੜੇ ਹਾਲਾਤਾਂ ਤੋਂ ਤੰਗ ਅਤੇ ਪਰੇਸ਼ਾਨ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਵਾਲਾ ਖਾਲਸਾ ਰਾਜ ਇਹਨਾਂ ਦੋਨਾਂ ਪਾਰਟੀਆਂ ਦੀ ਸਾਲ 2027 ਵਿਧਾਨ ਸਭਾ ਚੋਣਾਂ ਵਿੱਚ ਬਣਨ ਵਾਲੀ ਪੰਥਕ ਵਾਲੀ ਸਰਕਾਰ ਹੀ ਦੇ ਸਕਦੀ ਹੈ।

# ਡੀਸੀ ਹਿਮਾਂਸ਼ੂ ਜੈਨ ਨੇ ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ, ਸਨ ਫਾਊਂਡੇਸ਼ਨ ਲੁਧਿਆਣਾ ਦਾ ਕੀਤਾ ਦੌਰਾ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਲੁਧਿਆਣਾ ਵਿੱਚ ਸਨ ਫਾਊਂਡੇਸ਼ਨ ਦੀ ਇੱਕ ਪਹਿਲਕਦਮੀ, ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ (ਐਮਐਸਡੀਸੀ) ਦਾ ਅੱਜ ਜ਼ਿਲ੍ਹਾ ਕਮਿਸ਼ਨਰ (ਡੀਸੀ) ਦੁਆਰਾ ਇੱਕ ਬਹੁਤ ਹੀ ਉਤਸ਼ਾਹਜਨਕ ਅਤੇ ਪ੍ਰੇਰਣਾਦਾਇਕ ਦੌਰਾ ਦੇਖਣ ਨੂੰ ਮਿਲਿਆ। ਫੇਰੀ ਦੌਰਾਨ, ਡੀਸੀ ਨੇ ਕੇਂਦਰ ਵਿੱਚ ਕੀਤੇ ਜਾ ਰਹੇ ਸ਼ਾਨਦਾਰ ਕੰਮ ਦੀ ਸ਼ਲਾਘਾ ਕੀਤੀ ਅਤੇ ਇਸ ਦੀਆਂ ਹੁਨਰ ਵਿਕਾਸ ਪਹਿਲਕਦਮੀਆਂ ਲਈ ਜ਼ੋਰਦਾਰ ਸਮਰਥਨ ਪ੍ਰਗਟ ਕੀਤਾ। ਉਨ੍ਹਾਂ ਨੇ ਗੁਣਵੱਤਾ ਵਾਲੀ ਸਿਖਲਾਈ ਅਤੇ ਰੁਜ਼ਗਾਰ ਦੇ ਮੌਕਿਆਂ ਰਾਹੀਂ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਸਵੀਕਾਰ ਕੀਤਾ। ਡਾ. ਵਿਕਰਮਜੀਤ ਸਿੰਘ ਸਾਹਨੀ ਦੀ ਅਗਵਾਈ ਵਾਲੀ ਇਹ ਪਹਿਲਕਦਮੀ 100% ਨੌਕਰੀ ਪਲੇਸਮੈਂਟ ਸਹਾਇਤਾ ਦੇ ਨਾਲ-ਨਾਲ ਪੂਰੀ ਤਰ੍ਹਾਂ ਮੁਫਤ ਹੁਨਰ ਵਿਕਾਸ ਕੋਰਸ ਪ੍ਰਦਾਨ ਕਰਨ 'ਤੇ ਕੇਂਦ੍ਰਿਤ ਹੈ। ਇਹ ਕੇਂਦਰ ਭਵਿੱਖਮੁਖੀ ਅਤੇ ਉਦਯੋਗ-ਸੰਬੰਧਿਤ ਕੋਰਸਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੀ ਪੇਸ਼ਕਸ਼ ਕਰਦਾ ਹੈ, ਜਿਸ ਵਿੱਚ ਹਵਾਬਾਜ਼ੀ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ, ਆਰਟੀਫੀਸ਼ੀਅਲ ਇੰਟੈਲੀਜੈਂਸ, ਕਮਿਸ ਸ਼ੈੱਫ, ਸੀਐਨਸੀ ਟੈਕਨੀਸ਼ੀਅਨ, ਸਹਾਇਕ ਇਲੈਕਟ੍ਰੀਸ਼ੀਅਨ, ਸੁੰਦਰਤਾ ਅਤੇ ਤੰਦਰੁਸਤੀ, ਸਿਲਾਈ ਮਸ਼ੀਨ ਆਪਰੇਟਰ, ਡੇਟਾ ਐਂਟਰੀ ਆਪਰੇਟਰ, ਗ੍ਰਾਫਿਕ ਡਿਜ਼ਾਈਨਿੰਗ, ਅਤੇ ਹੋਰ ਬਹੁਤ ਕੁਝ ਸ਼ਾਮਲ ਹੈ। ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੇ ਆਤਮਵਿਸ਼ਵਾਸ ਨੂੰ ਵਧਾਇਆ ਅਤੇ ਉਨ੍ਹਾਂ ਨੂੰ ਸਮਰਪਣ ਭਾਵਨਾ ਨਾਲ ਆਪਣੀ ਸਿੱਖਣ ਯਾਤਰਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ, ਉਨ੍ਹਾਂ ਨੂੰ ਅਜਿਹੇ ਕੀਮਤੀ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ।

ਆਪਣੇ ਵਿਚਾਰ ਪ੍ਰਗਟ ਕਰਦੇ ਹੋਏ, ਡਿਪਟੀ ਕਮਿਸ਼ਨਰ ਨੇ ਜ਼ਿਕਰ ਕੀਤਾ ਕਿ ਉਹ ਲੁਧਿਆਣਾ ਵਿੱਚ ਅਜਿਹੇ ਉੱਚ-ਗੁਣਵੱਤਾ ਵਾਲੇ ਹੁਨਰ ਕੇਂਦਰ ਨੂੰ ਦੇਖ ਕੇ ਖੁਸ਼ੀ ਨਾਲ ਹੈਰਾਨ ਹੋਏ ਜੋ ਪੂਰੀ ਤਰ੍ਹਾਂ ਮੁਫਤ ਸਿਖਲਾਈ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਸਮਾਜਿਕ ਪ੍ਰਭਾਵ ਅਤੇ ਯੁਵਾ ਸਸ਼ਕਤੀਕਰਨ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਲਈ ਟੀਮ ਦੀ ਸ਼ਲਾਘਾ ਕੀਤੀ। ਇਹ ਦੌਰਾ ਇੱਕ ਸਕਾਰਾਤਮਕ ਨੋਟ 'ਤੇ ਸਮਾਪਤ ਹੋਇਆ, ਜਿਸ ਨਾਲ ਵਿਦਿਆਰਥੀਆਂ ਅਤੇ ਸਟਾਫ਼ ਦੋਵਾਂ ਨੂੰ ਹੁਨਰ ਵਿਕਾਸ ਰਾਹੀਂ ਜੀਵਨ ਬਦਲਣ ਦੇ ਆਪਣੇ ਮਿਸ਼ਨ ਨੂੰ ਜਾਰੀ ਰੱਖਣ ਲਈ ਬਹੁਤ ਪ੍ਰੇਰਿਤ ਅਤੇ ਉਤਸ਼ਾਹਿਤ ਕੀਤਾ ਗਿਆ।

# ਤੇਲ ਮਾਰਕੀਟਿੰਗ ਕੰਪਨੀਆਂ ਨੇ ਹਰਿਆਣਾ 'ਚ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਨਿਰਵਿਘਨ ਸਪਲਾਈ ਦਾ ਭਰੋਸਾ ਦਿੱਤਾ

ਜ਼ਿਕਰ ਪੰਜਾਬ




**ਚੰਡੀਗੜ੍ਹ** : ਤੇਲ ਮਾਰਕੀਟਿੰਗ ਕੰਪਨੀਆਂ (ਓਐੱਮਸੀਜ਼) ਨੇ ਹਰਿਆਣਾ ਦੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਸਪਲਾਈ ਸਥਿਰ, ਢੁਕਵੀਂ ਅਤੇ ਮੌਜੂਦਾ ਮੰਗ ਨੂੰ ਮੁਕੰਮਲ ਤੌਰ 'ਤੇ ਪੂਰਾ ਕਰਨ ਦੇ ਯੋਗ ਹੈ। ਰਾਜ ਵਿੱਚ ਕਿਸੇ ਵੀ ਕਿਸਮ ਦੀ ਘਾਟ ਦੀ ਸਥਿਤੀ ਨਹੀਂ ਹੈ। ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟੇਡ, ਪਾਨੀਪਤ ਮੰਡਲ ਦਫ਼ਤਰ ਦੇ ਹਰਿਆਣਾ ਰਾਜ ਪੱਧਰੀ ਕੋਆਰਡੀਨੇਟਰ ਸ਼?ਰੀ ਅਨਿਲ ਕੁਮਾਰ ਸਿੰਘ ਨੇ ਦੱਸਿਆ ਕਿ ਐੱਲਪੀਜੀ ਸਪਲਾਈ ਦੀ ਸਥਿਤੀ ਆਰਾਮਦਾਇਕ ਬਣੀ ਹੋਈ ਹੈ। ਹਰਿਆਣਾ ਭਰ ਵਿੱਚ ਬੋਟਲਿੰਗ ਪਲਾਂਟਾਂ 'ਤੇ ਐੱਲਪੀਜੀ ਦਾ ਸਟਾਕ ਪੱਧਰ ਇਤਿਹਾਸਕ ਮਿਆਰਾਂ ਹੇਠ ਅਤੇ ਮੁੜ ਭਰਾਈ ਯੋਜਨਾਬੱਧ ਅਤੇ ਨਿਰੰਤਰ ਅਧਾਰ 'ਤੇ ਕੀਤੀ ਜਾ ਰਹੀ ਹੈ। ਓਐੱਮਸੀਜ਼ ਗ੍ਰਾਹਕਾਂ ਦੀ ਜ਼ਰੂਰਤ ਅਨੁਸਾਰ ਘਰੇਲੂ ਐੱਲਪੀਜੀ ਸਿਲੰਡਰਾਂ ਦੀ ਮੰਗ ਪੂਰੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਇਸ ਤੋਂ ਇਲਾਵਾ, ਤਰਜੀਹੀ ਖੇਤਰਾਂ ਨੂੰ ਵਪਾਰਕ ਐੱਲਪੀਜੀ ਦੀ ਸਪਲਾਈ ਸਰਕਾਰੀ ਨੀਤੀ ਦੇ ਅਨੁਸਾਰ ਪੂਰਵ ਸੰਕਟ ਪੱਧਰਾਂ ਦੇ 70% ਤੱਕ ਜਾਰੀ ਰੱਖੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਪ੍ਰਵਾਸੀ ਮਜ਼ਦੂਰਾਂ ਲਈ 5 ਕਿਲੋਗ੍ਰਾਮ ਫ੍ਰੀ ਟਰੇਡ ਐੱਲਪੀਜੀ ਸਿਲੰਡਰਾਂ ਦੀ ਸਪਲਾਈ ਰਾਹੀਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਰੋਜ਼ਾਨਾ 2,000-2,500 ਸਿਲੰਡਰਾਂ ਦੀ ਵੰਡ ਯਕੀਨੀ ਬਣਾਈ ਜਾ ਰਹੀ ਹੈ, ਜੋ ਪ੍ਰੀ-ਕ੍ਰਾਈਸਿਸ ਪੱਧਰਾਂ ਦੇ ਬਰਾਬਰ ਹੈ। ਇਸ ਯਤਨ ਨੂੰ ਸਮਰਥਨ ਦੇਣ ਲਈ, ਓਐੱਮਸੀਜ਼ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਮਰਪਿਤ ਐੱਲਪੀਜੀ ਵੰਡ ਕੈਂਪ ਲਗਾਏ ਜਾ ਰਹੇ ਹਨ। ਅਨਿਲ ਕੁਮਾਰ ਸਿੰਘ ਨੇ ਕਿਹਾ ਕਿ ਓਐੱਮਸੀਜ਼ ਸਥਿਤੀ ਦੀ ਨਜ਼ਦੀਕੀ ਨਿਗਰਾਨੀ ਕਰ ਰਹੇ ਹਨ ਅਤੇ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਲਾਜਿਸਟਿਕਸ ਨੂੰ ਸੁਚਾਰੂ ਬਣਾਉਣ ਅਤੇ ਡਿਲੀਵਰੀ ਨੂੰ ਤੇਜ਼ ਕਰਨ ਲਈ ਸਰਗਰਮ ਕਦਮ ਚੁੱਕੇ ਹਨ। ਰਾਜ ਸਰਕਾਰ ਨਾਲ ਕਈ ਮੀਟਿੰਗਾਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਉਪਲਬਧਤਾ ਅਤੇ ਵੰਡ ਅਤੇ ਸਿਟੀ ਗੈਸ ਡਿਸਟ੍ਰੀਬਿਊਸ਼ਨ (ਸੀਜੀਡੀ) ਨੈੱਟਵਰਕ ਦੇ ਵਿਸਥਾਰ 'ਤੇ ਧਿਆਨ ਦਿੱਤਾ ਗਿਆ। ਕੇਂਦਰ ਸਰਕਾਰ ਦੇ ਨਿਰਦੇਸ਼ਾਂ ਦੇ ਅਨੁਸਾਰ, ਰਾਜ ਸਰਕਾਰ ਨੇ ਵੱਖ-ਵੱਖ ਡੀਮਡ ਮਨਜ਼ੂਰੀਆਂ ਜਾਰੀ ਕੀਤੀਆਂ ਹਨ, ਜਿਸ ਨਾਲ ਸੀਜੀਡੀ ਪ੍ਰੋਜੈਕਟਾਂ ਦੀ ਸੁਚਾਰੂ ਅਤੇ ਤੇਜ਼ ਕਾਰਗੁਜ਼ਾਰੀ ਅਤੇ ਪੀਐੱਨਜੀ ਦੇ ਪ੍ਰਸਾਰ ਨੂੰ ਯੋਗ ਬਣਾਇਆ ਗਿਆ ਹੈ। ਐੱਲਪੀਜੀ ਉਪਭੋਗਤਾਵਾਂ ਨੂੰ ਸਿਰਫ਼ ਅਧਿਕਾਰਤ ਡਿਜੀਟਲ ਪਲੇਟਫਾਰਮਾਂ ਰਾਹੀਂ ਸਿਲੰਡਰ ਬੁੱਕ ਕਰਨ ਅਤੇ ਡਿਲੀਵਰੀ ਦੇ ਸਮੇਂ ਡੀਏਸੀ (ਡਿਲੀਵਰੀ ਆਥੈਂਟੀਕੇਸ਼ਨ ਕੋਡ) ਦੀ ਵਰਤੋਂ ਕਰਕੇ ਪ੍ਰਮਾਣਿਕਤਾ ਯਕੀਨੀ ਬਣਾਉਣ ਲਈ ਪ੍ਰੋਤਸਾਹਿਤ ਕੀਤਾ ਜਾਂਦਾ ਹੈ। ਇਸ ਨਾਲ ਪਾਰਦਰਸ਼ੀ, ਬਿਨਾ ਕਿਸੇ ਮੁਸ਼ਕਲ ਦੇ ਡਿਲੀਵਰੀ ਅਨੁਭਵ ਅਤੇ ਅਸਲ ਗ੍ਰਾਹਕਾਂ ਨੂੰ ਸਮੇਂ 'ਤੇ ਸੇਵਾ ਯਕੀਨੀ ਬਣਦੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਦੌਰਾਨ, ਹਰਿਆਣਾ ਭਰ ਵਿੱਚ ਪੈਟਰੋਲ ਅਤੇ ਐੱਚਐੱਸਡੀ (ਹਾਈ-ਸਪੀਡ ਡੀਜ਼ਲ) ਦੇ ਸਟਾਕ ਆਮ ਵਾਂਗ ਹਨ। ਓਐੱਮਸੀ ਡਿਪੋਜ਼ ਵਿੱਚ ਵਧੀਆ ਸਟਾਕ ਮੌਜੂਦ ਹੈ ਅਤੇ ਰਿਟੇਲ ਆਊਟਲੈਟਾਂ 'ਤੇ ਨਿਰਵਿਘਨ ਵਿਕਰੀ ਲਈ ਪ੍ਰਚੁਰ ਸਪਲਾਈ ਉਪਲਬਧ ਹੈ। ਆਟੋਮੋਟਿਵ ਈਂਧਣ ਦੀ ਉਪਲਬਧਤਾ ਬਾਰੇ ਚਿੰਤਾ ਕਰਨ ਦਾ ਕੋਈ ਕਾਰਨ ਨਹੀਂ ਹੈ। ਅਨਿਲ ਨੇ ਕਿਹਾ ਕਿ ਇਹ ਗੌਰਤਲਬ ਹੈ ਕਿ ਅਪ੍ਰੈਲ 2025 ਤੋਂ ਫਰਵਰੀ 2026 (ਪੂਰਵ ਸੰਕਟ ਮਿਆਦ) ਤੱਕ ਐੱਚਐੱਸਡੀ ਦੀ ਖਪਤ ਵਿੱਚ ਵਾਧਾ ਸਥਿਰ (0%) ਰਿਹਾ, ਜਦਕਿ ਮਾਰਚ 2026 ਵਿੱਚ ਮੰਗ ਵਿੱਚ 22% ਦਾ ਤੇਜ਼ ਵਾਧਾ ਦਰਜ ਕੀਤਾ ਗਿਆ। ਓਐੱਮਸੀਜ਼ ਨੇ ਇਸ ਵਾਧੇ ਨੂੰ ਬਿਨਾ ਕਿਸੇ ਰੁਕਾਵਟ ਦੇ ਸਫਲਤਾਪੂਰਵਕ ਸੰਭਾਲਿਆ ਅਤੇ ਪੂਰਾ ਕੀਤਾ। ਓਐੱਮਸੀਜ਼ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਬਿਨਾ ਰੁਕਾਵਟ ਸਪਲਾਈ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਉਂਦੀਆਂ ਹਨ ਅਤੇ ਜਨਤਾ ਨੂੰ ਘਬਰਾਹਟ ਵਿੱਚ ਖਰੀਦਦਾਰੀ ਤੋਂ ਬਚਣ ਦੀ ਅਪੀਲ ਕਰਦੀਆਂ ਹਨ। ਮੰਗ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਨ ਲਈ ਸਾਰੀਆਂ ਲੋੜੀਂਦੀਆਂ ਵਿਵਸਥਾਵਾਂ ਕੀਤੀਆਂ ਗਈਆਂ ਹਨ।

# ਸਿਟੀ ਬਿਊਟੀਫੁੱਲ ਵਿੱਚ ਸ਼ੋਰ ਪ੍ਰਦੂਸ਼ਣ ਵਿਰੁੱਧ ਮੁਹਿੰਮ ਸ਼ੁਰੂ ਕਰਨਗੇ ਸਰਵਪ੍ਰੇਮ ਅਤੇ ਪ੍ਰਯੋਗ ਫਾਊਂਡੇਸ਼ਨ

## ਅੰਤਰਰਾਸ਼ਟਰੀ ਸ਼ੋਰ ਜਾਗਰੂਕਤਾ ਦਿਵਸ 'ਤੇ ਸ਼ੁਰੂ ਹੋਵੇਗੀ 'ਧਵਨੀ-ਦਿ ਪੀਸ' ਮੁਹਿੰਮ

ਜ਼ਿਕਰ ਪੰਜਾਬ



**ਚੰਡੀਗੜ੍ਹ** : ਸਿਟੀ ਬਿਊਟੀਫੁੱਲ ਚੰਡੀਗੜ੍ਹ ਵਿੱਚ ਤੇਜ਼ੀ ਨਾਲ ਵੱਧ ਰਹੇ ਸ਼ੋਰ ਪ੍ਰਦੂਸ਼ਣ ਵਿਰੁੱਧ ਜਾਗਰੂਕਤਾ ਮੁਹਿੰਮ ਸ਼ੁਰੂ ਹੋਣ ਵਾਲੀ ਹੈ। ਵੱਖ-ਵੱਖ ਸਮਾਜਿਕ ਕਾਰਜਾਂ ਵਿੱਚ ਸਰਗਰਮ ਸਰਵਪ੍ਰੇਮ ਫਾਊਂਡੇਸ਼ਨ ਅਤੇ ਪ੍ਰਯੋਗ ਫਾਊਂਡੇਸ਼ਨ ਵੱਲੋਂ ਆਗਾਮੀ 29 ਅਪ੍ਰੈਲ ਨੂੰ ਅੰਤਰਰਾਸ਼ਟਰੀ ਸ਼ੋਰ ਜਾਗਰੂਕਤਾ ਦਿਵਸ ਦੇ ਮੌਕੇ 'ਤੇ 'ਧਵਨੀ-ਦਿ ਪੀਸ' ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਸਰਵਪ੍ਰੇਮ ਫਾਊਂਡੇਸ਼ਨ ਦੇ ਸੰਸਥਾਪਕ ਪ੍ਰੇਮ ਓਝਾ ਅਤੇ ਡਾ. ਰੋਮਿਕਾ ਵਢੇਰਾ, ਪ੍ਰਯੋਗ ਫਾਊਂਡੇਸ਼ਨ ਦੀ ਪ੍ਰੋਜੈਕਟ ਇੰਚਾਰਜ ਸ਼ਿਵਾਂਗੀ ਬਾਂਸਲ ਅਤੇ ਇਸ ਪ੍ਰੋਜੈਕਟ ਦੀ ਕੋਆਰਡੀਨੇਟਰ ਡਾ. ਕਵਿਤਾ ਸ਼ਰਮਾ ਨੇ ਦੱਸਿਆ ਕਿ ਇਸਦਾ ਮੁੱਖ ਉਦੇਸ਼ ਚੰਡੀਗੜ੍ਹ ਵਿੱਚ ਹਰ ਉਮਰ ਸਮੂਹ ਦੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਕੇ ਸ਼ੋਰ ਪ੍ਰਦੂਸ਼ਣ ਨੂੰ ਜ਼ੀਰੋ ਤੱਕ ਘਟਾਉਣਾ ਹੈ। ਅੱਜ ਕੱਲ੍ਹ ਸ਼ੋਰ ਪ੍ਰਦੂਸ਼ਣ ਵੀ ਗੰਭੀਰ ਰੂਪ ਧਾਰਨ ਕਰਦਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੇ ਹਿੱਸੇ ਵਜੋਂ 29 ਅਪ੍ਰੈਲ ਨੂੰ ਡੀਏਵੀ ਪਬਲਿਕ ਸਕੂਲ, ਚੰਡੀਗੜ੍ਹ ਵਿਖੇ ਵੱਡਾ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ ਦੇ ਵਿਗਿਆਨੀ ਸੁਨੀਲ ਡੋਗਰਾ ਮੁੱਖ ਮਹਿਮਾਨ ਹੋਣਗੇ। ਪ੍ਰੋਗਰਾਮ ਦੌਰਾਨ ਈਐਨਟੀ ਮਾਹਰ ਵੱਲੋਂ ਬੱਚਿਆਂ ਨੂੰ ਸ਼ੋਰ ਪ੍ਰਦੂਸ਼ਣ ਦੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਜਾਵੇਗਾ, ਉੱਥੇ ਹੀ ਸਕੂਲੀ ਵਿਦਿਆਰਥੀ ਭਾਸ਼ਣ ਮੁਕਾਬਲਿਆਂ ਅਤੇ ਪੇਂਟਿੰਗ ਰਾਹੀਂ ਸ਼ੋਰ ਪ੍ਰਦੂਸ਼ਣ ਵਿਰੁੱਧ ਸੰਦੇਸ਼ ਫੈਲਾਉਣਗੇ। ਉਨ੍ਹਾਂ ਦੱਸਿਆ ਕਿ ਸਿਟੀ ਬਿਊਟੀਫੁੱਲ ਵਿੱਚ ਇਹ ਮੁਹਿੰਮ ਅਗਲੇ ਇੱਕ ਸਾਲ ਲਈ ਚਲਾਈ ਜਾਵੇਗੀ, ਜਿਸ ਵਿੱਚ 100 ਤੋਂ ਵੱਧ ਪ੍ਰੋਗਰਾਮ ਆਯੋਜਿਤ ਕਰਕੇ ਸ਼ਹਿਰ ਵਾਸੀਆਂ ਨੂੰ ਬੀਹੇਵਿਅਰ ਚੇਂਜ਼ ਰਾਹੀਂ ਇਸ ਮੁਹਿੰਮ ਦਾ ਹਿੱਸਾ ਬਣਾਇਆ ਜਾਵੇਗਾ।

# ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਨੇ ਔਨਲਾਈਨ ਸਵੈ-ਗਣਨਾ ਕਰਕੇ ਡਿਜੀਟਲ ਜਨਗਣਨਾ ਨੂੰ ਹੁਲਾਰਾ ਦਿੱਤਾ

ਜ਼ਿਕਰ ਪੰਜਾਬ

**ਚੰਡੀਗੜ੍ਹ** : ਜਨਗਣਨਾ 2027 ਵਿੱਚ ਡਿਜੀਟਲ ਭਾਗੀਦਾਰੀ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਨੇ ਅੱਜ ਔਨਲਾਈਨ ਜਨਗਣਨਾ ਪੋਰਟਲ ਰਾਹੀਂ ਸਫ਼ਲਤਾਪੂਰਵਕ ਆਪਣੀ ਸਵੈ-ਗਣਨਾ ਪੂਰੀ ਕੀਤੀ। ਸਵੈ-ਗਣਨਾ ਦੀ ਪ੍ਰਕਿਰਿਆ ਨੂੰ ਨਵਜੋਤ ਖੋਸਾ, ਡਾਇਰੈਕਟਰ, ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਯੂਟੀ ਚੰਡੀਗੜ੍ਹ ਅਤੇ ਨਿਸ਼ਾਂਤ ਕੁਮਾਰ ਯਾਦਵ, ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਧਿਕਾਰੀ, ਯੂਟੀ ਚੰਡੀਗੜ੍ਹ ਦੁਆਰਾ ਪਹੁੰਚਯੋਗ ਬਣਾਇਆ ਗਿਆ। ਇਹ ਪਹਿਲ ਯੂਟੀ ਪ੍ਰਸ਼ਾਸਨ ਦੀ ਤਕਨੀਕ ਰਾਹੀਂ ਕੁਸ਼ਲ, ਪਾਰਦਰਸ਼ੀ ਅਤੇ ਨਾਗਰਿਕ-ਅਨੁਕੂਲ ਜਨਗਣਨਾ ਸੰਚਾਲਨ ਦੇ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਮੁੱਖ ਸਕੱਤਰ ਦੁਆਰਾ ਸਵੈ-ਗਣਨਾ ਕਰਕੇ ਇੱਕ ਉਦਾਹਰਣ ਪੇਸ਼ ਕੀਤੀ ਗਈ ਹੈ, ਜਿਸ ਨਾਲ ਸਾਰੇ ਨਾਗਰਿਕਾਂ ਨੂੰ ਇਸ ਸਰਲ ਅਤੇ ਸੁਰੱਖਿਅਤ ਡਿਜੀਟਲ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਣਾ ਮਿਲੇਗੀ। ਸਵੈ-ਗਣਨਾ ਰਾਹੀਂ ਨਾਗਰਿਕ ਆਪਣੀ ਸੁਵਿਧਾ ਦੇ ਅਨੁਸਾਰ ਔਨਲਾਈਨ ਆਪਣੇ ਵੇਰਵੇ ਭਰ ਸਕਦੇ ਹਨ, ਜਿਸ ਨਾਲ ਸ਼ੁੱਧਤਾ ਯਕੀਨੀ ਹੁੰਦੀ ਹੈ ਅਤੇ ਆਮ ਜਨਤਾ ਅਤੇ ਗਣਨਾਕਾਰਾਂ ਦੋਵਾਂ ਦਾ ਸਮਾਂ ਬਚਦਾ ਹੈ।



ਇਸ ਪ੍ਰਕਿਰਿਆ ਦੌਰਾਨ ਮੁੱਖ ਸਕੱਤਰ, ਯੂਟੀ ਚੰਡੀਗੜ੍ਹ ਨੇ ਪ੍ਰਭਾਵਸ਼ਾਲੀ ਯੋਜਨਾ ਨਿਰਮਾਣ ਅਤੇ ਨੀਤੀ ਨਿਰਧਾਰਣ ਲਈ ਸਹੀ ਡੇਟਾ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਸਹਿਯੋਗ ਕਰਨ ਅਤੇ ਇਸ ਸਰਲ, ਪਹੁੰਚਯੋਗ ਅਤੇ ਉਪਯੋਗਕਰਤਾ-ਅਨੁਕੂਲ ਸਵੈ-ਗਣਨਾ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਯੂਟੀ ਚੰਡੀਗੜ੍ਹ, ਡਿਪਟੀ ਕਮਿਸ਼ਨਰ-ਕਮ-ਮੁੱਖ ਜਨਗਣਨਾ ਅਧਿਕਾਰੀ, ਯੂਟੀ ਚੰਡੀਗੜ੍ਹ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਸਵੈ-ਗਣਨਾ ਪ੍ਰਕਿਰਿਆ ਨੂੰ ਸੁਚਾਰੂ ਤੌਰ 'ਤੇ ਸੰਚਾਲਿਤ ਕਰਨ ਲਈ ਵਿਆਪਕ ਵਿਵਸਥਾਵਾਂ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਨਾਗਰਿਕਾਂ ਦੀ ਸਹਾਇਤਾ ਲਈ ਸਮਰਪਿਤ ਟੋਲ-ਫ੍ਰੀ ਹੈਲਪਲਾਈਨ (1855) ਵੀ ਸ਼ਾਮਲ ਹੈ, ਜਿੱਥੇ ਉਹ ਆਪਣੇ ਸ਼ੱਕਾਂ ਜਾਂ ਤਕਨੀਕੀ ਸਮੱਸਿਆਵਾਂ ਦਾ ਸਮਾਧਾਨ ਪ੍ਰਾਪਤ ਕਰ ਸਕਦੇ ਹਨ। ਨਾਗਰਿਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਅਧਿਕਾਰਿਤ ਜਨਗਣਨਾ ਪੋਰਟਲ (https://se.census.gov.in) 'ਤੇ ਜਾ ਕੇ ਨਿਰਧਾਰਿਤ ਸਮੇਂ ਦੇ ਅੰਦਰ ਆਪਣੀ ਸਵੈ-ਗਣਨਾ ਪੂਰੀ ਕਰਨ। ਇਕੱਠੀ ਕੀਤੀ ਗਈ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਇਸ ਦੀ ਵਰਤੋਂ ਸਿਰਫ਼ ਅੰਕੜਿਆਂ ਦੇ ਉਦੇਸ਼ਾਂ ਲਈ, ਜਨਗਣਨਾ ਐਕਟ ਦੇ ਪ੍ਰਾਵਧਾਨਾਂ ਦੇ ਅਨੁਸਾਰ ਕੀਤੀ ਜਾਵੇਗੀ। ਮੁੱਖ ਸਕੱਤਰ ਦੁਆਰਾ ਸਫ਼ਲਤਾਪੂਰਵਕ ਕੀਤੀ ਗਈ ਸਵੈ-ਗਣਨਾ ਜਨਗਣਨਾ 2027 ਦੇ ਲਾਗੂਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਅਤੇ ਇਸ ਨਾਲ ਇਸ ਰਾਸ਼ਟਰੀ ਅਭਿਆਨ ਵਿੱਚ ਵਿਆਪਕ ਜਨਤਕ ਭਾਗੀਦਾਰੀ ਨੂੰ ਪ੍ਰੇਰਣਾ ਮਿਲਣ ਦੀ ਉਮੀਦ ਹੈ।

# ਜਨਗਣਨਾ 2027 ਹੋਈ ਡਿਜੀਟਲ: ਚੰਡੀਗੜ੍ਹ ਡੀਜੀਪੀ ਨੇ ਆਨਲਾਈਨ ਸਵੈ-ਗਣਨਾ ਕੀਤੀ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**



ਜਨਗਣਨਾ 2027 ਵਿੱਚ ਲੋਕਾਂ ਦੀ ਭਾਗੀਦਾਰੀ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਵਿੱਚ, ਡਾ. ਸਾਗਰ ਪ੍ਰੀਤ ਹੂਡਾ, ਪੁਲਿਸ ਮਹਾਨਿਦੇਸ਼ਕ, ਯੂਟੀ ਚੰਡੀਗੜ੍ਹ, ਨੇ ਅੱਜ ਆਨਲਾਈਨ ਜਨਗਣਨਾ ਪੋਰਟਲ ਦੇ ਮਾਧਿਅਮ ਰਾਹੀਂ ਆਪਣੀ ਸਵੈ-ਗਣਨਾ ਸਫਲਤਾਪੂਰਵਕ ਪੂਰੀ ਕੀਤੀ। ਸਵੈ-ਗਣਨਾ ਪ੍ਰਕਿਰਿਆ ਨੂੰ ਡਾ. ਨਵਜੋਤ ਖੋਸਾ, ਨਿਦੇਸ਼ਕ, ਜਨਗਣਨਾ ਸੰਚਾਲਨ ਨਿਦੇਸ਼ਾਲਯ, ਯੂਟੀ ਚੰਡੀਗੜ੍ਹ ਅਤੇ ਸੁਸ਼੍ਰੀ ਖੁਸ਼ਪ੍ਰੀਤ ਕੌਰ, ਐੱਸਡੀਐੱਮ (ਕੇਂਦਰੀ), ਯੂਟੀ ਚੰਡੀਗੜ੍ਹ ਵੱਲੋਂ ਸੁਗਮ ਬਣਾਇਆ ਗਿਆ। ਸਵੈ-ਗਣਨਾ ਪ੍ਰਕਿਰਿਆ ਨੂੰ ਅਪਣਾ ਕੇ ਡੀਜੀਪੀ ਨੇ ਡਿਜੀਟਲ ਪਲੇਟਫਾਰਮ ਦੀ ਸਰਲਤਾ, ਪਹੁੰਚ ਅਤੇ ਸੁਰੱਖਿਅਤ ਪ੍ਰਕਿਰਤੀ ਨੂੰ ਰੇਖਾਂਕਿਤ ਕੀਤਾ। ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੀ ਨਾਗਰਿਕ-ਕੇਂਦ੍ਰਿਤ ਪਹਿਲ ਨਾ ਸਿਰਫ਼ ਗਣਨਾ ਪ੍ਰਕਿਰਿਆ ਨੂੰ ਸੁਵਿਵਸਥਿਤ ਕਰਦੀਆਂ ਹਨ ਸਗੋਂ ਡਾਟਾ ਸੰਗ੍ਰਹਿ ਵਿੱਚ ਵਧੇਰੇ ਸਟੀਕਤਾ ਅਤੇ ਪਾਰਦਰਸ਼ਿਤਾ ਵੀ ਯਕੀਨੀ ਬਣਾਉਂਦੀਆਂ ਹਨ। ਉਨ੍ਹਾਂ ਸਾਰੇ ਪੁਲਿਸ ਕਰਮਚਾਰੀਆਂ ਦੇ ਨਾਲ-ਨਾਲ ਆਮ ਲੋਕਾਂ ਤੋਂ ਜਨਗਣਨਾ 2027 ਵਿੱਚ ਸਵੈ-ਗਣਨਾ ਸੁਵਿਧਾ ਦਾ ਉਪਯੋਗ ਕਰਕੇ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ। ਉਨ੍ਹਾਂ ਰੇਖਾਂਕਿਤ ਕੀਤਾ ਕਿ ਡਾਟਾ ਦਾ ਸਟੀਕ ਅਤੇ ਸਮੇਂ ਸਿਰ ਜਮ੍ਹਾਂ ਹੋਣਾ ਪ੍ਰਭਾਵੀ ਨੀਤੀ ਨਿਰਮਾਣ, ਕੁਸ਼ਲ ਸੰਸਾਧਨ ਵੰਡ ਅਤੇ ਸ਼ਾਸਨ ਤੰਤਰ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਹੈ। ਸਵੈ-ਗਣਨਾ, ਜਨਗਣਨਾ 2027 ਦੀ ਇੱਕ ਮੁੱਖ ਵਿਸ਼ੇਸ਼ਤਾ, ਵਿਅਕਤੀਆਂ ਨੂੰ ਆਪਣੇ ਘਰ 'ਚ ਆਰਾਮ ਨਾਲ ਆਨਲਾਈਨ ਆਪਣੀ ਜਨਸੰਖਿਆਕੀ ਅਤੇ ਸਮਾਜਿਕ-ਆਰਥਿਕ ਵੇਰਵੇ ਜਮ?ਹਾਂ ਕਰਨ ਵਿੱਚ ਸਮਰੱਥ ਬਣਾਉਂਦੀ ਹੈ। ਇਹ ਪਹਿਲ ਸਰੀਰਕ ਸੰਪਰਕ ਦੀ ਲੋੜ ਨੂੰ ਬਹੁਤ ਘੱਟ ਕਰਦੀ ਹੈ ਜਦਕਿ ਡਾਟਾ ਦੀ ਕੁਸ਼ਲਤਾ, ਕਵਰੇਜ ਅਤੇ ਭਰੋਸੇਯੋਗਤਾ ਨੂੰ ਵਧਾਉਂਦੀ ਹੈ। ਸਾਰੇ ਨਿਵਾਸੀਆਂ ਨੂੰ ਇਸ ਸੁਵਿਧਾ ਦਾ ਲਾਭ ਉਠਾਉਣ ਅਤੇ ਜਨਗਣਨਾ 2027 ਦੀ ਸਫਲਤਾ ਵਿੱਚ ਪੂਰੇ ਦਿਲ ਨਾਲ ਯੋਗਦਾਨ ਦੇਣ ਲਈ ਪ੍ਰੋਤਸਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੀ ਸਰਗਰਮ ਭਾਗੀਦਾਰੀ ਇੱਕ ਵਿਆਪਕ ਅਤੇ ਭਰੋਸੇਯੋਗ ਰਾਸ਼ਟਰੀ ਡਾਟਾਬੇਸ ਦੇ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਵੇਗੀ, ਜੋ ਸੂਚਿਤ ਫੈਸਲਾ ਲੈਣ ਅਤੇ ਭਵਿੱਖ ਦੀ ਯੋਜਨਾਬੰਦੀ ਲਈ ਲੋੜੀਂਦਾ ਹੈ।

# ਹਰਿਆਣਾ ਦੇ ਸੰਚਾਰ ਲੇਖਾ ਕੰਟਰੋਲਰ ਦੇ ਦਫ਼ਤਰ ਨੇ ਪਹਿਲੀ ਤਿਮਾਹੀ ਪੈਨਸ਼ਨ ਅਦਾਲਤ ਦਾ ਆਯੋਜਨ ਕੀਤਾ

ਜ਼ਿਕਰ ਪੰਜਾਬ

**ਹਿਸਾਰ/ਬਿਊਰੋ**

ਹਰਿਆਣਾ ਦੂਰਸੰਚਾਰ ਸਰਕਲ, ਅੰਬਾਲਾ ਦੇ ਸੰਚਾਰ ਲੇਖਾ ਕੰਟਰੋਲਰ (ਸੀਸੀਏ) ਦੇ ਦਫ਼ਤਰ ਨੇ 17 ਅਪ੍ਰੈਲ, 2026 ਨੂੰ ਬੀਐਸਐਨਐਲ, ਹਿਸਾਰ ਦੇ ਜਨਰਲ ਮੈਨੇਜਰ ਦੇ ਦਫ਼ਤਰ ਵਿਖੇ ਪਹਿਲੀ ਤਿਮਾਹੀ ਪੈਨਸ਼ਨ ਅਦਾਲਤ ਅਤੇ ਕੇਵਾਈਪੀ, ਐਲਸੀ/ਡੀਐਲਸੀ, ਅਤੇ ਆਈਡੀ ਕਾਰਡ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਸ਼੍ਰੀਮਤੀ ਸ਼ਿਲਪੀ ਸਿਨਹਾ, ਕੰਟਰੋਲਰ ਸੰਚਾਰ ਲੇਖਾ, ਹਰਿਆਣਾ ਦੂਰਸੰਚਾਰ ਸਰਕਲ ਨੇ ਕੀਤੀ। ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਹਿੱਸਾ ਲਿਆ ਅਤੇ ਆਪਣੀਆਂ ਸਮੱਸਿਆਵਾਂ ਦੇ ਹੱਲ ਪ੍ਰਾਪਤ ਕੀਤੇ।

ਪ੍ਰੋਗਰਾਮ ਦੌਰਾਨ, ਪੈਨਸ਼ਨਰਾਂ ਨੂੰ ਉਮੰਗ ਐਪ ਅਤੇ ਡਿਜੀਲਾਕਰ ਨਾਲ ਸੰਪਨ ਸੌਫਟਵੇਅਰ ਦੇ ਏਕੀਕਰਨ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਨਾਲ ਉਹ ਡਿਜੀਟਲ ਤੌਰ 'ਤੇ ਪੈਨਸ਼ਨ ਸੇਵਾਵਾਂ ਤੱਕ ਆਸਾਨੀ ਨਾਲ ਪਹੁੰਚ ਕਰ ਸਕਦੇ ਹਨ। ਪੈਨਸ਼ਨਰਾਂ ਲਈ ਇੱਕ ਸਿਹਤ ਜਾਂਚ ਕੈਂਪ ਵੀ ਲਗਾਇਆ ਗਿਆ, ਜਿੱਥੇ ਕੇਸਰੀ ਹਸਪਤਾਲ, ਹਿਸਾਰ ਦੇ ਡਾਕਟਰਾਂ ਨੇ ਸਿਹਤ ਜਾਂਚ ਅਤੇ ਸਲਾਹ-ਮਸ਼ਵਰਾ ਪ੍ਰਦਾਨ ਕੀਤਾ। ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਦੀ ਟੀਬੀ ਮੁਕਤ ਭਾਰਤ ਮੁਹਿੰਮ ਦੇ ਤਹਿਤ, ਡਾ. ਧਰਮਿੰਦਰ ਮੰਡਾਇਆ ਨੇ ਟੀਬੀ ਜਾਗਰੂਕਤਾ 'ਤੇ ਇੱਕ ਭਾਸ਼ਣ ਦਿੱਤਾ, ਜਿਸ ਵਿੱਚ ਬਿਮਾਰੀ ਦੇ ਨਿਦਾਨ, ਰੋਕਥਾਮ ਅਤੇ ਇਲਾਜ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ। ਇਸ ਮੌਕੇ 'ਤੇ, ਸ਼੍ਰੀਮਤੀ ਸ਼ਿਲਪੀ ਸਿਨਹਾ ਦੁਆਰਾ ਸੀਨੀਅਰ ਪੈਨਸ਼ਨਰਾਂ ਨੂੰ ਉਨ੍ਹਾਂ ਦੇ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ ਸਨਮਾਨਿਤ ਕੀਤਾ ਗਿਆ।

# ਪੰਜਾਬ ਰਾਜ ਨੇ ਨਾਕੋ ਦੀ ਰਾਸ਼ਟਰੀ ਰਣਨੀਤੀ ਨੂੰ ਗਤੀ ਦੇਣ ਲਈ ਜ਼ਿਲ੍ਹਾ ਆਧਾਰਿਤ ਐੱਚਆਈਵੀ ਪ੍ਰਤੀਕਿਰਿਆ ਨੂੰ ਹੋਰ ਮਜ਼ਬੂਤ ਕੀਤਾ

## ਪ੍ਰਮੁੱਖ 21 ਜ਼ਿਲ੍ਹਿਆਂ ਨੇ ਟਾਰਗੇਟਿਡ ਅਤੇ ਡਾਟਾ ਆਧਾਰਿਤ ਕਾਰਵਾਈ ਰਾਹੀਂ 95-95-99 ਟੀਚਿਆਂ ਨੂੰ ਹਾਸਲ ਕਰਨ ਲਈ ਰਣਨੀਤੀਆਂ ਲਾਗੂ ਕੀਤੀਆਂ ਹਨ

ਜ਼ਿਕਰ ਪੰਜਾਬ

**ਜ਼ੀਰਕਪੁਰ/ਬਿਊਰੋ**

ਐੱਚਆਈਵੀ ਨਿਯੰਤਰਣ ਵਿੱਚ ਵਧੇਰੇ ਅਸਰ ਵਾਲੇ ਜ਼ਿਲ੍ਹਿਆਂ ਉੱਤੇ ਖਾਸ ਧਿਆਨ ਕੇਂਦ੍ਰਿਤ ਕਰਦਿਆਂ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਅਧੀਨ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ (ਨਾਕੋ) ਨੇ ਅੱਜ ਚੰਡੀਗੜ੍ਹ ਵਿੱਚ ਇੱਕ ਉੱਚ ਪੱਧਰੀ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਪੰਜਾਬ ਦੇ ਪ੍ਰਮੁੱਖ ਜ਼ਿਲ੍ਹਿਆਂ ਨੂੰ ਇੱਕ ਮੰਚ ਉੱਤੇ ਲਿਆ ਕੇ 95-95-99 ਟੀਚਿਆਂ ਨੂੰ ਹਾਸਲ ਕਰਨ ਲਈ ਟਾਰਗੇਟਿਡ ਅਤੇ ਡਾਟਾ ਆਧਾਰਿਤ ਕਾਰਵਾਈ ਨੂੰ ਹੋਰ ਮਜ਼ਬੂਤ ਕਰਨ ਉੱਤੇ ਜ਼ੋਰ ਦਿੱਤਾ ਗਿਆ। ਮੀਟਿੰਗ ਦੀ ਅਗਵਾਈ ਡਾ. ਰਾਕੇਸ਼ ਗੁਪਤਾ, ਵਧੀਕ ਸਕੱਤਰ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਅਤੇ ਡਾਇਰੈਕਟਰ ਜਨਰਲ, ਨਾਕੋ ਨੇ ਕੀਤੀ। ਇਸ ਮੌਕੇ ਉੱਤੇ ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸ਼ਾਸਨ ਸਕੱਤਰ ਸ਼੍ਰੀ ਕੁਮਾਰ ਰਾਹੁਲ ਸਮੇਤ ਰਾਜ ਅਤੇ ਜ਼ਿਲ੍ਹਾ ਪੱਧਰ ਦੇ ਸੀਨੀਅਰ ਪ੍ਰੋਗਰਾਮ ਅਧਿਕਾਰੀ ਵੀ ਹਾਜ਼ਰ ਰਹੇ। ਡਾ. ਰਾਕੇਸ਼ ਗੁਪਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ, "ਪੰਜਾਬ ਵਰਗੇ ਰਾਜਾਂ ਵਿੱਚ ਜਿੱਥੇ ਇੰਜੈਕਸ਼ਨ ਰਾਹੀਂ ਨਸ਼ਾ ਲੈਣਾ ਐੱਚਆਈਵੀ ਫੈਲਾਉਣ ਵਿੱਚ ਵੱਡੀ ਭੂਮਿਕਾ ਅਦਾ ਕਰ ਰਿਹਾ ਹੈ, ਉੱਥੇ ਸਾਡੀ ਪ੍ਰਤੀਕਿਰਿਆ ਤੁਰੰਤ ਅਤੇ ਤੀਖੀ ਹੋਣੀ ਚਾਹੀਦੀ ਹੈ। ਡਾਟਾ ਉੱਤੇ ਆਧਾਰਿਤ ਜ਼ਿਲ੍ਹਾ ਪੱਧਰੀ ਰਣਨੀਤੀਆਂ ਅਤੇ ਹੋਰ ਸਿਹਤ ਸੇਵਾਵਾਂ ਨਾਲ ਤਾਲਮੇਲ ਇਸ ਸਥਿਤੀ ਨੂੰ ਬਦਲਣ ਲਈ ਬਹੁਤ ਜ਼ਰੂਰੀ ਹੈ।"ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਿਆਂ ਨੂੰ ਵਧੇਰੇ ਸਸ਼ਕਤ ਬਣਾਉਣਾ ਅਤੇ ਉਨ੍ਹਾਂ ਨੂੰ ਜਵਾਬਦੇਹ ਬਣਾਉਣਾ ਰਾਸ਼ਟਰੀ ਟੀਚਿਆਂ ਨੂੰ ਲੋਕਲ ਪੱਧਰ ਉੱਤੇ ਠੋਸ ਨਤੀਜਿਆਂ ਵਿੱਚ ਬਦਲਣ ਲਈ ਬਹੁਤ ਅਹਿਮ ਹੋਵੇਗਾ। ਇਹ ਵਰਕਸ਼ਾਪ ਰਾਜਾਂ ਵਿੱਚ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਵੱਲੋਂ ਚਲਾਈਆਂ ਜਾ ਰਹੀਆਂ ਢਾਂਚਾਗਤ ਪਹਿਲਾਂ ਦੀ ਲੜੀ ਦਾ ਹਿੱਸਾ ਹੈ, ਜਿਸ ਦਾ ਉਦੇਸ਼ ਵਿਕੇਂਦਰੀਕ੍ਰਿਤ ਅਤੇ ਡਾਟਾ ਆਧਾਰਿਤ ਢੰਗ ਰਾਹੀਂ ਉੱਚ ਬੋਝ ਵਾਲੇ ਜ਼ਿਲ੍ਹਿਆਂ ਵਿੱਚ ਐੱਚਆਈਵੀ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਨਾ ਹੈ। ਪੰਜਾਬ, ਜਿੱਥੇ ਐੱਚਆਈਵੀ ਫੈਲਾਅ ਦਰ 0.42% ਹੈ ਅਤੇ ਲਗਭਗ 1,10,715 ਲੋਕ ਐੱਚਆਈਵੀ ਨਾਲ ਜੀ ਰਹੇ ਹਨ, ਇਸ ਟਾਰਗੇਟਿਡ ਰਣਨੀਤੀ ਤਹਿਤ ਇੱਕ ਪ੍ਰਮੁੱਖ ਰਾਜ ਬਣਿਆ ਹੋਇਆ ਹੈ। ਪ੍ਰੋਗਰਾਮ ਨੂੰ ਹੋਰ ਮਜ਼ਬੂਤ ਬਣਾਉਣ ਲਈ ਕੁੱਲ 21 ਪ੍ਰਮੁੱਖ ਜ਼ਿਲ੍ਹਿਆਂ – ਤਰਨ ਤਾਰਨ, ਅੰਮ੍ਰਿਤਸਰ, ਮੋਗਾ, ਪਠਾਨਕੋਟ, ਮਾਨਸਾ, ਫਤਿਹਗੜ੍ਹ ਸਾਹਿਬ, ਲੁਧਿਆਣਾ, ਹੁਸ਼ਿਆਰਪੁਰ, ਐੱਸ.ਏ.ਐੱਸ. ਨਗਰ, ਜਲੰਧਰ, ਕਪੂਰਥਲਾ, ਗੁਰਦਾਸਪੁਰ, ਬਰਨਾਲਾ, ਫਰੀਦਕੋਟ, ਸੰਗਰੂਰ, ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ, ਫਿਰੋਜ਼ਪੁਰ, ਬਠਿੰਡਾ, ਰੂਪਨਗਰ ਅਤੇ ਸ੍ਰੀ ਮੁਕਤਸਰ ਸਾਹਿਬ – ਦੀ ਚੋਣ ਕੀਤੀ ਗਈ ਹੈ। ਵਰਕਸ਼ਾਪ ਵਿੱਚ ਜ਼ਿਲ੍ਹਾ ਟੀਮਾਂ ਨੇ ਆਪਣੀ ਤਰੱਕੀ ਪੇਸ਼ ਕੀਤੀ, ਪ੍ਰੋਗਰਾਮ ਚਲਾਉਣ ਵਿੱਚ ਆ ਰਹੀਆਂ ਚੁਣੌਤੀਆਂ ਉਜਾਗਰ ਕੀਤੀਆਂ ਅਤੇ ਐੱਚਆਈਵੀ ਰੋਕਥਾਮ, ਜਾਂਚ ਤੇ ਇਲਾਜ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਰਣਨੀਤੀਆਂ




ਤਿਆਰ ਕੀਤੀਆਂ। ਰਾਜ ਵੱਲੋਂ ਕੀਤੀ ਗਈ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਸ਼੍ਰੀ ਕੁਮਾਰ ਰਾਹੁਲ ਨੇ ਕਿਹਾ, "ਪੰਜਾਬ ਟਾਰਗੇਟਿਡ ਅਤੇ ਸਬੂਤ ਆਧਾਰਿਤ ਦਖ਼ਲਅੰਦਾਜ਼ੀਆਂ ਰਾਹੀਂ ਆਪਣੀ ਐੱਚਆਈਵੀ ਪ੍ਰਤੀਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਵਰਕਸ਼ਾਪ ਨੇ ਜ਼ਿਲ੍ਹਿਆਂ ਨੂੰ ਆਪਣੀਆਂ ਰਣਨੀਤੀਆਂ ਨੂੰ ਸਥਾਨਕ ਹਾਲਤਾਂ ਅਨੁਸਾਰ ਢਾਲਣ ਅਤੇ ਬਿਹਤਰ ਸੇਵਾ ਵਿਤਰਣ ਅਤੇ ਸਿਹਤ ਨਤੀਜਿਆਂ ਲਈ ਜਵਾਬਦੇਹੀ ਵਧਾਉਣ ਵਿੱਚ ਸਮਰੱਥ ਬਣਾਇਆ ਹੈ। ਵਰਕਸ਼ਾਪ ਵਿੱਚ ਸੀਨੀਅਰ ਜ਼ਿਲ੍ਹਾ ਅਧਿਕਾਰੀਆਂ, ਜਿਨ੍ਹਾਂ ਵਿੱਚ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ, ਸਿਵਲ ਸਰਜਨ ਅਤੇ ਜ਼ਿਲ੍ਹਾ ਐੱਚਆਈਵੀ/ਏਡਜ਼ ਕੰਟਰੋਲ ਅਧਿਕਾਰੀ ਸ਼ਾਮਲ ਸਨ, ਨੇ ਸਰਗਰਮ ਹਿੱਸਾ ਲਿਆ, ਜਿਸ ਨਾਲ ਐੱਚਆਈਵੀ ਪ੍ਰੋਗਰਾਮ ਦੇ ਲਾਗੂਕਰਨ ਲਈ ਤਾਲਮੇਲ ਵਾਲਾ ਅਤੇ ਨਤੀਜਾ ਕੇਂਦ੍ਰਿਤ ਨਜ਼ਰੀਆ ਹੋਰ ਮਜ਼ਬੂਤ ਹੋਇਆ। ਇਸ ਇੱਕ ਦਿਨੀਆਂ ਵਰਕਸ਼ਾਪ ਨੇ ਆਪਸੀ ਸਿਖਲਾਈ ਨੂੰ ਉਤਸ਼ਾਹਿਤ ਕੀਤਾ ਅਤੇ ਜ਼ਿਲ੍ਹਿਆਂ ਨੇ ਟੀਚਿਆਂ ਹਾਸਲ ਕਰਨ ਲਈ ਠੋਸ ਕਾਰਜ ਯੋਜਨਾਵਾਂ ਤਿਆਰ ਕੀਤੀਆਂ। ਨਾਕੋ ਸਾਲ 2030 ਤੱਕ ਏਡਜ਼ ਖਤਮ ਕਰਨ ਦੀ ਦਿਸ਼ਾ ਵਿੱਚ ਰਾਸ਼ਟਰੀ, ਰਾਜੀ ਅਤੇ ਜ਼ਿਲ੍ਹਾ ਪੱਧਰ ਉੱਤੇ ਸਹਿਯੋਗ ਨੂੰ ਹੋਰ ਵਧਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਚੰਡੀਗੜ੍ਹ ਵਿੱਚ ਹੋਈ ਇਸ ਵਰਕਸ਼ਾਪ ਦਾ ਸਫਲ ਆਯੋਜਨ ਭਾਰਤ ਵਿੱਚ ਜ਼ਿਲ੍ਹਾ ਆਧਾਰਿਤ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ, ਜਿਸ ਨਾਲ ਉੱਚ ਤਰਜੀਹ ਵਾਲੇ ਖੇਤਰਾਂ ਵਿੱਚ 95-95-99 ਟੀਚਿਆਂ ਨੂੰ ਹਾਸਲ ਕਰਨ ਵਿੱਚ ਤੇਜ਼ੀ ਆਵੇਗੀ।ਐੱਚਆਈਵੀ ਨਿਯੰਤਰਣ ਵਿੱਚ ਵਧੇਰੇ ਅਸਰ ਵਾਲੇ ਜ਼ਿਲ੍ਹਿਆਂ ਉੱਤੇ ਖਾਸ ਧਿਆਨ ਕੇਂਦ੍ਰਿਤ ਕਰਦਿਆਂ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਅਧੀਨ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ (ਨਾਕੋ) ਨੇ ਅੱਜ ਚੰਡੀਗੜ੍ਹ ਵਿੱਚ ਇੱਕ ਉੱਚ ਪੱਧਰੀ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਪੰਜਾਬ ਦੇ ਪ੍ਰਮੁੱਖ ਜ਼ਿਲ੍ਹਿਆਂ ਨੂੰ ਇੱਕ ਮੰਚ ਉੱਤੇ ਲਿਆ ਕੇ 95-95-99 ਟੀਚਿਆਂ ਨੂੰ ਹਾਸਲ ਕਰਨ ਲਈ ਟਾਰਗੇਟਿਡ ਅਤੇ ਡਾਟਾ ਆਧਾਰਿਤ ਕਾਰਵਾਈ ਨੂੰ ਹੋਰ ਮਜ਼ਬੂਤ ਕਰਨ ਉੱਤੇ ਜ਼ੋਰ ਦਿੱਤਾ ਗਿਆ। ਮੀਟਿੰਗ ਦੀ ਅਗਵਾਈ ਡਾ. ਰਾਕੇਸ਼ ਗੁਪਤਾ, ਵਧੀਕ ਸਕੱਤਰ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਅਤੇ ਡਾਇਰੈਕਟਰ ਜਨਰਲ, ਨਾਕੋ ਨੇ ਕੀਤੀ। ਇਸ ਮੌਕੇ ਉੱਤੇ ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸ਼ਾਸਨ ਸਕੱਤਰ ਸ਼੍ਰੀ ਕੁਮਾਰ ਰਾਹੁਲ ਸਮੇਤ ਰਾਜ ਅਤੇ ਜ਼ਿਲ੍ਹਾ ਪੱਧਰ ਦੇ ਸੀਨੀਅਰ ਪ੍ਰੋਗਰਾਮ ਅਧਿਕਾਰੀ ਵੀ ਹਾਜ਼ਰ ਰਹੇ। ਡਾ. ਰਾਕੇਸ਼ ਗੁਪਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ, "ਪੰਜਾਬ ਵਰਗੇ ਰਾਜਾਂ ਵਿੱਚ ਜਿੱਥੇ ਇੰਜੈਕਸ਼ਨ ਰਾਹੀਂ ਨਸ਼ਾ ਲੈਣਾ ਐੱਚਆਈਵੀ ਫੈਲਾਉਣ ਵਿੱਚ ਵੱਡੀ ਭੂਮਿਕਾ ਅਦਾ ਕਰ ਰਿਹਾ ਹੈ, ਉੱਥੇ ਸਾਡੀ ਪ੍ਰਤੀਕਿਰਿਆ ਤੁਰੰਤ ਅਤੇ ਤੀਖੀ ਹੋਣੀ ਚਾਹੀਦੀ ਹੈ। ਡਾਟਾ ਉੱਤੇ ਆਧਾਰਿਤ ਜ਼ਿਲ੍ਹਾ ਪੱਧਰੀ ਰਣਨੀਤੀਆਂ ਅਤੇ ਹੋਰ ਸਿਹਤ ਸੇਵਾਵਾਂ ਨਾਲ ਤਾਲਮੇਲ ਇਸ ਸਥਿਤੀ ਨੂੰ ਬਦਲਣ ਲਈ ਬਹੁਤ ਜ਼ਰੂਰੀ ਹੈ।"ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਿਆਂ ਨੂੰ ਵਧੇਰੇ ਸਸ਼ਕਤ ਬਣਾਉਣਾ ਅਤੇ ਉਨ੍ਹਾਂ ਨੂੰ ਜਵਾਬਦੇਹ ਬਣਾਉਣਾ ਰਾਸ਼ਟਰੀ ਟੀਚਿਆਂ ਨੂੰ ਲੋਕਲ ਪੱਧਰ ਉੱਤੇ ਠੋਸ ਨਤੀਜਿਆਂ ਵਿੱਚ ਬਦਲਣ ਲਈ ਬਹੁਤ ਅਹਿਮ ਹੋਵੇਗਾ। ਇਹ ਵਰਕਸ਼ਾਪ ਰਾਜਾਂ ਵਿੱਚ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਵੱਲੋਂ ਚਲਾਈਆਂ ਜਾ ਰਹੀਆਂ ਢਾਂਚਾਗਤ ਪਹਿਲਾਂ ਦੀ ਲੜੀ ਦਾ ਹਿੱਸਾ ਹੈ, ਜਿਸ ਦਾ ਉਦੇਸ਼ ਵਿਕੇਂਦਰੀਕ੍ਰਿਤ ਅਤੇ ਡਾਟਾ ਆਧਾਰਿਤ ਢੰਗ ਰਾਹੀਂ ਉੱਚ ਬੋਝ ਵਾਲੇ ਜ਼ਿਲ੍ਹਿਆਂ ਵਿੱਚ ਐੱਚਆਈਵੀ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਨਾ ਹੈ। ਪੰਜਾਬ, ਜਿੱਥੇ ਐੱਚਆਈਵੀ ਫੈਲਾਅ ਦਰ 0.42% ਹੈ ਅਤੇ ਲਗਭਗ 1,10,715 ਲੋਕ ਐੱਚਆਈਵੀ ਨਾਲ ਜੀ ਰਹੇ ਹਨ, ਇਸ ਟਾਰਗੇਟਿਡ ਰਣਨੀਤੀ ਤਹਿਤ ਇੱਕ ਪ੍ਰਮੁੱਖ ਰਾਜ ਬਣਿਆ ਹੋਇਆ ਹੈ। ਪ੍ਰੋਗਰਾਮ ਨੂੰ ਹੋਰ ਮਜ਼ਬੂਤ ਬਣਾਉਣ ਲਈ ਕੁੱਲ 21 ਪ੍ਰਮੁੱਖ ਜ਼ਿਲ੍ਹਿਆਂ ਤਰਨ ਤਾਰਨ, ਅੰਮ੍ਰਿਤਸਰ, ਮੋਗਾ, ਪਠਾਨਕੋਟ, ਮਾਨਸਾ, ਫਤਿਹਗੜ੍ਹ ਸਾਹਿਬ, ਲੁਧਿਆਣਾ, ਹੁਸ਼ਿਆਰਪੁਰ, ਐੱਸ.ਏ.ਐੱਸ. ਨਗਰ, ਜਲੰਧਰ, ਕਪੂਰਥਲਾ, ਗੁਰਦਾਸਪੁਰ, ਬਰਨਾਲਾ, ਫਰੀਦਕੋਟ, ਸੰਗਰੂਰ, ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ, ਫਿਰੋਜ਼ਪੁਰ, ਬਠਿੰਡਾ, ਰੂਪਨਗਰ ਅਤੇ ਸ਼?ਰੀ ਮੁਕਤਸਰ ਸਾਹਿਬ – ਦੀ ਚੋਣ ਕੀਤੀ ਗਈ ਹੈ। ਵਰਕਸ਼ਾਪ ਵਿੱਚ ਜ਼ਿਲ੍ਹਾ ਟੀਮਾਂ ਨੇ ਆਪਣੀ ਤਰੱਕੀ ਪੇਸ਼ ਕੀਤੀ, ਪ੍ਰੋਗਰਾਮ ਚਲਾਉਣ ਵਿੱਚ ਆ ਰਹੀਆਂ ਚੁਣੌਤੀਆਂ ਉਜਾਗਰ ਕੀਤੀਆਂ ਅਤੇ ਐੱਚਆਈਵੀ ਰੋਕਥਾਮ, ਜਾਂਚ ਤੇ ਇਲਾਜ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਰਣਨੀਤੀਆਂ ਤਿਆਰ ਕੀਤੀਆਂ। ਰਾਜ ਵੱਲੋਂ ਕੀਤੀ ਗਈ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਸ਼੍ਰੀ ਕੁਮਾਰ ਰਾਹੁਲ ਨੇ ਕਿਹਾ, "ਪੰਜਾਬ ਟਾਰਗੇਟਿਡ ਅਤੇ ਸਬੂਤ ਆਧਾਰਿਤ ਦਖ਼ਲਅੰਦਾਜ਼ੀਆਂ ਰਾਹੀਂ ਆਪਣੀ ਐੱਚਆਈਵੀ ਪ੍ਰਤੀਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਵਰਕਸ਼ਾਪ ਨੇ ਜ਼ਿਲ੍ਹਿਆਂ ਨੂੰ ਆਪਣੀਆਂ ਰਣਨੀਤੀਆਂ ਨੂੰ ਸਥਾਨਕ ਹਾਲਤਾਂ ਅਨੁਸਾਰ ਢਾਲਣ ਅਤੇ ਬਿਹਤਰ ਸੇਵਾ ਵਿਤਰਣ ਅਤੇ ਸਿਹਤ ਨਤੀਜਿਆਂ ਲਈ ਜਵਾਬਦੇਹੀ ਵਧਾਉਣ ਵਿੱਚ ਸਮਰੱਥ ਬਣਾਇਆ ਹੈ। ਵਰਕਸ਼ਾਪ ਵਿੱਚ ਸੀਨੀਅਰ ਜ਼ਿਲ੍ਹਾ ਅਧਿਕਾਰੀਆਂ, ਜਿਨ੍ਹਾਂ ਵਿੱਚ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ, ਸਿਵਲ ਸਰਜਨ ਅਤੇ ਜ਼ਿਲ੍ਹਾ ਐੱਚਆਈਵੀ/ ਏਡਜ਼ ਕੰਟਰੋਲ ਅਧਿਕਾਰੀ ਸ਼ਾਮਲ ਸਨ, ਨੇ ਸਰਗਰਮ ਹਿੱਸਾ ਲਿਆ, ਜਿਸ ਨਾਲ ਐੱਚਆਈਵੀ ਪ੍ਰੋਗਰਾਮ ਦੇ ਲਾਗੂਕਰਨ ਲਈ ਤਾਲਮੇਲ ਵਾਲਾ ਅਤੇ ਨਤੀਜਾ ਕੇਂਦ੍ਰਿਤ ਨਜ਼ਰੀਆ ਹੋਰ ਮਜ਼ਬੂਤ ਹੋਇਆ। ਇਸ ਇੱਕ ਦਿਨੀਆਂ ਵਰਕਸ਼ਾਪ ਨੇ ਆਪਸੀ ਸਿਖਲਾਈ ਨੂੰ ਉਤਸ਼ਾਹਿਤ ਕੀਤਾ ਅਤੇ ਜ਼ਿਲ੍ਹਿਆਂ ਨੇ ਟੀਚਿਆਂ ਹਾਸਲ ਕਰਨ ਲਈ ਠੋਸ ਕਾਰਜ ਯੋਜਨਾਵਾਂ ਤਿਆਰ ਕੀਤੀਆਂ। ਨਾਕੋ ਸਾਲ 2030 ਤੱਕ ਏਡਜ਼ ਖਤਮ ਕਰਨ ਦੀ ਦਿਸ਼ਾ ਵਿੱਚ ਰਾਸ਼ਟਰੀ, ਰਾਜੀ ਅਤੇ ਜ਼ਿਲ੍ਹਾ ਪੱਧਰ ਉੱਤੇ ਸਹਿਯੋਗ ਨੂੰ ਹੋਰ ਵਧਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਚੰਡੀਗੜ੍ਹ ਵਿੱਚ ਹੋਈ ਇਸ ਵਰਕਸ਼ਾਪ ਦਾ ਸਫਲ ਆਯੋਜਨ ਭਾਰਤ ਵਿੱਚ ਜ਼ਿਲ੍ਹਾ ਆਧਾਰਿਤ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ, ਜਿਸ ਨਾਲ ਉੱਚ ਤਰਜੀਹ ਵਾਲੇ ਖੇਤਰਾਂ ਵਿੱਚ 95-95-99 ਟੀਚਿਆਂ ਨੂੰ ਹਾਸਲ ਕਰਨ ਵਿੱਚ ਤੇਜ਼ੀ ਆਵੇਗੀ।




# ਡੀ.ਸੀ ਹਿਮਾਂਸ਼ੂ ਜੈਨ ਨੇ ਸ਼ਾਨਦਾਰ ਪ੍ਰਦਰਸ਼ਨ ਲਈ 8 ਬੈਂਕਾਂ ਦੇ ਅਧਿਕਾਰੀਆਂ ਦਾ ਕੀਤਾ ਸਨਮਾਨ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸ਼ੁੱਕਰਵਾਰ ਨੂੰ 8 ਪ੍ਰਮੁੱਖ ਬੈਂਕਾਂ ਦੇ ਲੀਡ ਜ਼ਿਲ੍ਹਾ ਮੈਨੇਜਰ ਗੁਰਦੀਪ ਸਿੰਘ ਕੰਗ ਅਤੇ ਜ਼ਿਲ੍ਹਾ ਕੋਆਰਡੀਨੇਟਿੰਗ ਅਫ਼ਸਰਾਂ (ਡੀ.ਸੀ.ਓਜ਼) ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ) ਪਾਬੰਦੀਆਂ ਅਧੀਨ ਭਾਰਤ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ। ਸਨਮਾਨਿਤ ਡੀ.ਸੀ.ਓਜ਼ ਵਿੱਚ ਸਟੇਟ ਬੈਂਕ ਆਫ਼ ਇੰਡੀਆ (ਐਸ.ਬੀ.ਆਈ) ਤੋਂ ਕਮਲ ਕਟਾਰੀਆ, ਬੈਂਕ ਆਫ਼ ਇੰਡੀਆ ਤੋਂ ਰਾਣੀ ਪਵਾਰ, ਪੰਜਾਬ ਐਂਡ ਸਿੰਧ ਬੈਂਕ ਤੋਂ ਸੰਦੀਪ ਸਿੰਘ, ਪੰਜਾਬ ਨੈਸ਼ਨਲ ਬੈਂਕ ਤੋਂ ਵਰਿੰਦਰ ਕੁਮਾਰ, ਯੂਨੀਅਨ ਬੈਂਕ ਆਫ਼ ਇੰਡੀਆ ਤੋਂ ਜਤਿੰਦਰ, ਯੂ.ਸੀ.ਓ ਬੈਂਕ ਤੋਂ ਹਰਦੀਪ ਕੌਰ, ਐਚ.ਡੀ.ਐਫ.ਸੀ ਬੈਂਕ ਤੋਂ ਰਵਿੰਦਰ ਕੌਰ ਅਤੇ ਕੇਨਰਾ ਬੈਂਕ ਤੋਂ ਸੁਮਿਤ ਸ਼ਾਮਲ ਸਨ। ਇਸ ਮੌਕੇ



ਬੋਲਦਿਆਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਗੁਰਦੀਪ ਸਿੰਘ ਕੰਗ ਅਤੇ ਜ਼ਿਲ੍ਹਾ ਕੋਆਰਡੀਨੇਟਿੰਗ ਅਫ਼ਸਰਾਂ ਦੀ ਪੂਰੀ ਟੀਮ ਦੇ ਅਣਥੱਕ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਇਸ ਸ਼ਾਨਦਾਰ ਰਾਸ਼ਟਰੀ ਪੱਧਰ ਦੀ ਪ੍ਰਾਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਲੀਡ ਜ਼ਿਲ੍ਹਾ ਮੈਨੇਜਰ ਗੁਰਦੀਪ ਸਿੰਘ ਕੰਗ ਨੇ ਜ਼ਿਲ੍ਹੇ ਦੇ ਪ੍ਰਭਾਵਸ਼ਾਲੀ ਸਮੁੱਚੇ ਬੈਂਕਿੰਗ ਪ੍ਰਦਰਸ਼ਨ 'ਤੇ ਚਾਨਣਾ ਪਾਇਆ। 31 ਦਸੰਬਰ, 2025 ਤੱਕ, ਲੁਧਿਆਣਾ ਨੇ ਵਿੱਤੀ ਸਾਲ 2025-26 ਲਈ ਆਪਣੇ ਤਰਜੀਹੀ ਖੇਤਰ ਦੇ ਉਧਾਰ ਟੀਚਿਆਂ ਦਾ 99.73 ਪ੍ਰਤੀਸ਼ਤ ਅਤੇ ਸਾਲਾਨਾ ਕ੍ਰੈਡਿਟ ਯੋਜਨਾ ਟੀਚੇ ਦਾ 95.66 ਪ੍ਰਤੀਸ਼ਤ ਪ੍ਰਾਪਤ ਕੀਤਾ ਸੀ। ਸੈਕਟਰ-ਵਾਰ ਜ਼ਿਲ੍ਹੇ ਨੇ ਖੇਤੀਬਾੜੀ ਅਧੀਨ 89.30 ਪ੍ਰਤੀਸ਼ਤ ਪ੍ਰਾਪਤੀ ਅਤੇ ਐਮ.ਐਸ.ਐਮ.ਈ ਅਧੀਨ 102.44 ਪ੍ਰਤੀਸ਼ਤ ਪ੍ਰਾਪਤੀ ਦਰਜ ਕੀਤੀ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਜ਼ਿਲ੍ਹੇ ਦਾ ਕ੍ਰੈਡਿਟ-ਡਿਪਾਜ਼ਿਟ ਅਨੁਪਾਤ ਪ੍ਰਭਾਵਸ਼ਾਲੀ 90 ਪ੍ਰਤੀਸ਼ਤ ਰਿਹਾ ਜੋ ਕਿ ਰਾਸ਼ਟਰੀ ਬੈਂਚਮਾਰਕ 60 ਪ੍ਰਤੀਸ਼ਤ ਤੋਂ ਕਾਫ਼ੀ ਜ਼ਿਆਦਾ ਹੈ।

# ਏਜੀਆਈ ਵੀਕਲੀ ਕ੍ਰਿਕਟ ਲੀਗ ਚੈਂਪੀਅਨਸ਼ਿਪ



ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਏਜੀਆਈ ਵੀਕਲੀ ਕ੍ਰਿਕਟ ਲੀਗ ਨੌਜਵਾਨਾਂ ਵਿੱਚ ਖੇਡ ਭਾਵਨਾ ਅਤੇ ਸਿਹਤਮੰਦ ਮੁਕਾਬਲੇ ਨੂੰ ਲਗਾਤਾਰ ਪ੍ਰੋਤਸਾਹਿਤ ਕਰ ਰਹੀ ਹੈ। ਇਸ ਸਿਲਸਿਲੇ ਵਿੱਚ ਅੱਜ ਏਜੀਆਈ ਕ੍ਰਿਕਟ ਗ੍ਰਾਊਂਡ, ਜਲੰਧਰ ਹਾਈਟਸ-1, 66 ਫੁੱਟ ਰੋਡ, ਜਲੰਧਰ ਵਿਖੇ ਇੱਕ ਰੋਮਾਂਚਕ ਮੈਚ ਖੇਡਿਆ ਗਿਆ। ਅੱਜ ਦੇ ਮੈਚ ਵਿੱਚ ਏਜੀਆਈ ਸਕਾਈ ਗਾਰਡਨ ਕ੍ਰਿਕਟ ਟੀਮ ਨੇ ਏਜੀਆਈ ਸਮਾਰਟ ਹੋਮਜ਼ ਕ੍ਰਿਕਟ ਟੀਮ ਨੂੰ 38 ਰਨਾਂ ਦੇ ਵੱਡੇ ਅੰਤਰ ਨਾਲ ਹਰਾਕੇ ਸ਼ਾਨਦਾਰ ਜਿੱਤ ਦਰਜ ਕੀਤੀ। ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਏਜੀਆਈ ਸਕਾਈ ਗਾਰਡਨ ਨੇ 138 ਰਨਾਂ ਦਾ ਮੁਕਾਬਲੇਯੋਗ ਸਕੋਰ ਬਣਾਇਆ। ਸ਼੍ਰੀ ਵਿਸ਼ਾਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਭ ਤੋਂ ਵੱਧ 35 ਰਨ ਬਣਾਏ, ਜਿਸ ਵਿੱਚ ਦੋ ਛੱਕੇ ਅਤੇ ਤਿੰਨ ਚੌਕੇ ਸ਼ਾਮਲ ਸਨ। ਉਨ੍ਹਾਂ ਨੂੰ ਸ਼੍ਰੀ ਬਲਬੀਰ (21 ਰਨ), ਸ਼੍ਰੀ ਰੋਹਿਤ (19 ਰਨ) ਅਤੇ ਸ਼੍ਰੀ ਬਸੰਤ (18 ਰਨ) ਵੱਲੋਂ ਵਧੀਆ ਸਹਿਯੋਗ ਮਿਲਿਆ। ਜਵਾਬ ਵਿੱਚ ਏਜੀਆਈ ਸਮਾਰਟ ਹੋਮਜ਼ ਟੀਮ 100 ਰਨਾਂ ਤੱਕ ਹੀ ਸੀਮਿਤ ਰਹੀ। ਸ਼੍ਰੀ ਪ੍ਰਿੰਸ ਨੇ 27 ਰਨ ਬਣਾਕੇ ਸਭ ਤੋਂ ਵੱਧ ਯੋਗਦਾਨ ਦਿੱਤਾ, ਜਦਕਿ ਸ਼੍ਰੀ ਬਰਾਂਟ ਸਿੰਘ ਨੇ 26 ਰਨ ਅਤੇ ਸ਼੍ਰੀ ਬਸੰਤ ਸਿੰਘ ਨੇ 20 ਰਨ ਬਣਾਏ। ਗੇਂਦਬਾਜ਼ੀ ਵਿੱਚ ਏਜੀਆਈ ਸਕਾਈ ਗਾਰਡਨ ਦੇ ਸ਼੍ਰੀ ਬਸੰਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 4 ਵਿਕਟਾਂ ਹਾਸਲ ਕੀਤੀਆਂ ਅਤੇ ਉਨ੍ਹਾਂ ਨੂੰ ਮੈਚ ਦਾ ਸਰਵੋਤਮ ਗੇਂਦਬਾਜ਼ ਘੋਸ਼ਿਤ ਕੀਤਾ ਗਿਆ। ਆਪਣੇ ਸ਼ਾਨਦਾਰ ਆਲਰਾਊਂਡ ਪ੍ਰਦਰਸ਼ਨ ਲਈ ਸ਼੍ਰੀ ਵਿਸ਼ਾਲ ਨੂੰ 'ਮੈਨ ਆਫ ਦ ਮੈਚ' ਚੁਣਿਆ ਗਿਆ। ਸ਼੍ਰੀ ਅਵਤਾਰ ਨੂੰ ਉਨ੍ਹਾਂ ਦੇ ਸਰਾਹਣਯੋਗ ਯੋਗਦਾਨ ਲਈ 'ਸਰਵੋਤਮ ਆਲਰਾਊਂਡਰ' ਦਾ ਸਨਮਾਨ ਦਿੱਤਾ ਗਿਆ। ਏਜੀਆਈ ਇੰਫਰਾ ਲਿਮਿਟਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਜੀ ਨੇ ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਭ ਟੀਮਾਂ ਦਾ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਨੇ ਵੱਡੇ ਪੱਧਰ 'ਤੇ ਖੇਡਾਂ ਨੂੰ ਪ੍ਰੋਤਸਾਹਿਤ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਉਂਦਿਆਂ ਕਿਹਾ ਕਿ ਖੇਡਾਂ ਵਿੱਚ ਸਰਗਰਮ ਭਾਗੀਦਾਰੀ ਨਾ ਸਿਰਫ ਸਰੀਰਕ ਤੰਦਰੁਸਤੀ ਵਧਾਉਂਦੀ ਹੈ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਏਜੀਆਈ ਵੀਕਲੀ ਕ੍ਰਿਕਟ ਲੀਗ ਭਾਗੀਦਾਰਾਂ ਵਿੱਚ ਆਪਸੀ ਭਾਈਚਾਰਾ, ਅਨੁਸ਼ਾਸਨ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਹੈ।

# ਪੰਜਾਬ ਨੇ ਕਣਕ ਦੀ ਨਾਲੋ-ਨਾਲ ਖ਼ਰੀਦ ਯਕੀਨੀ ਬਣਾਈ; 24 ਘੰਟਿਆਂ ਦੇ ਅੰਦਰ ਕਿਸਾਨਾਂ ਨੂੰ 647 ਕਰੋੜ ਰੁਪਏ ਦੀ ਅਦਾਇਗੀ: ਲਾਲ ਚੰਦ ਕਟਾਰੂਚੱਕ

ਜ਼ਿਕਰ ਪੰਜਾਬ

**ਭੋਗਪੁਰ/ਬਿਊਰੋ**

ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈਜ਼ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਕਿਹਾ ਕਿ ਸੂਬੇ ਭਰ ਵਿੱਚ ਕਣਕ ਦੇ ਖ਼ਰੀਦ ਕਾਰਜ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੇ ਹਨ ਅਤੇ ਕਿਸਾਨਾਂ ਨੂੰ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਅਦਾਇਗੀ ਪ੍ਰਾਪਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੁਚਾਰੂ ਅਤੇ ਕਿਸਾਨ-ਪੱਖੀ ਖ਼ਰੀਦ ਸੀਜ਼ਨ ਯਕੀਨੀ ਬਣਾਉਣ ਲਈ ਵਚਨਬੱਧ ਹੈ। ਭੋਗਪੁਰ ਦੀ ਦਾਣਾ ਮੰਡੀ ਵਿਖੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਚੱਲ ਰਹੀ ਖ਼ਰੀਦ ਦਾ ਨਿਰੀਖਣ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਕਣਕ ਦੀ ਆਮਦ ਵਿੱਚ ਤੇਜ਼ੀ ਆਈ ਹੈ ਅਤੇ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਰੋਜ਼ਾਨਾ 8 ਤੋਂ



10 ਲੱਖ ਮੀਟ੍ਰਿਕ ਟਨ ਫ਼ਸਲ ਪਹੁੰਚ ਰਹੀ ਹੈ ਉਨ੍ਹਾਂ ਦੱਸਿਆ ਕਿ ਸ਼ਨੀਵਾਰ ਨੂੰ 11 ਲੱਖ ਮੀਟ੍ਰਿਕ ਟਨ ਦੀ ਰਿਕਾਰਡ ਆਮਦ ਹੋਈ ਹੈ।

ਹੁਣ ਤੱਕ, ਸਾਰੇ ਖ਼ਰੀਦ ਕੇਂਦਰਾਂ 'ਤੇ 28 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ 24 ਲੱਖ ਮੀਟ੍ਰਿਕ ਟਨ 2585 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਖ਼ਰੀਦ ਕੀਤੀ ਗਈ ਹੈ। ਸਮੇਂ ਸਿਰ ਅਦਾਇਗੀ ਨੂੰ ਪ੍ਰਮੁੱਖ ਤਰਜੀਹ ਦੱਸਦਿਆਂ ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ਵਿੱਚ ਪਹਿਲਾਂ ਹੀ 647 ਕਰੋੜ ਰੁਪਏ ਪਾਏ ਜਾ ਚੁੱਕੇ ਹਨ, ਜਿਸ ਦੌਰਾਨ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਭੁਗਤਾਨ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ ਹੈ। ਕੈਬਨਿਟ ਮੰਤਰੀ ਨੇ ਮਜ਼ਦੂਰਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ ਲਗਭਗ ਕਰੋੜਾਂ ਬੋਰੀਆਂ ਦੀ ਸੰਭਾਲ ਦੇ ਮੱਦੇਨਜ਼ਰ ਮਜ਼ਦੂਰੀ ਪਹਿਲਾਂ ਹੀ 10 ਫੀਸਦੀ ਵਧਾ ਦਿੱਤੀ ਗਈ ਹੈ। ਇਸ ਦੌਰਾਨ ਕਿਸਾਨਾਂ ਨੇ ਖ਼ਰੀਦ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ।

ਹਰਬੰਸ ਸਿੰਘ ਨੇ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਨਿਰਵਿਘਨ ਦੱਸਦਿਆਂ ਕਿਹਾ ਕਿ ਉਨ੍ਹਾਂ ਦੀ ਸਾਰੀ ਉਪਜ ਦੀ ਤੁਰੰਤ ਖ਼ਰੀਦ ਕਰ ਲਈ ਗਈ ਅਤੇ ਉਨ੍ਹਾਂ ਨੂੰ 24 ਘੰਟਿਆਂ ਦੇ ਅੰਦਰ ਅਦਾਇਗੀ ਵੀ ਪ੍ਰਾਪਤ ਹੋ ਗਈ ਹੈ। ਕਣਕ ਅਤੇ ਝੋਨੇ ਦੇ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਸਹੂਲਤ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਸੋਚ ਦੀ ਸ਼ਲਾਘਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਸੂਬੇ ਵਿੱਚ ਹਰ ਸਾਲ ਖ਼ਰੀਦ ਸੀਜ਼ਨ ਸੁਚਾਰੂ ਢੰਗ ਨਾਲ ਨੇਪਰੇ ਚੜ੍ਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਿਸਾਨਾਂ ਨੂੰ ਬਾਰਦਾਨੇ ਦੀ ਘਾਟ, ਲਿਫ਼ਟਿੰਗ ਅਤੇ ਅਦਾਇਗੀ ਦੇ ਮੁੱਦਿਆਂ ਕਾਰਨ ਵਿਰੋਧ ਪ੍ਰਦਰਸ਼ਨ ਕਰਨਾ ਪੈਂਦਾ ਸੀ ਪਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਇਨ੍ਹਾਂ ਮੁੱਦਿਆਂ ਨੂੰ ਸਥਾਈ ਤੌਰ 'ਤੇ ਹੱਲ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕਿਸਾਨ ਆਪਣੀ ਫ਼ਸਲ ਦੀ ਵਿਕਰੀ ਕਰ ਰਹੇ ਹਨ ਅਤੇ 24 ਘੰਟਿਆਂ ਦੇ ਅੰਦਰ ਉਨ੍ਹਾਂ ਨੂੰ ਅਦਾਇਗੀ ਮਿਲ ਰਹੀ ਹੈ। ਇਸ ਤੋਂ ਇਲਾਵਾ ਸੂਬੇ ਭਰ ਵਿੱਚ ਫ਼ਸਲ ਦੀ ਲਿਫਟਿੰਗ ਵੀ ਸੁਚਾਰੂ ਢੰਗ ਨਾਲ ਹੋ ਰਹੀ ਹੈ।

# ਵਿਧਾਇਕ ਪਰਗਟ ਸਿੰਘ ਨੇ ਪੰਜਾਬ ਸਰਕਾਰ 'ਤੇ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਗਾਇਆ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਸਾਬਕਾ ਸਿੱਖਿਆ ਮੰਤਰੀ ਅਤੇ ਵਿਧਾਇਕ ਪਰਗਟ ਸਿੰਘ ਨੇ ਪੰਜਾਬ ਸਰਕਾਰ 'ਤੇ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਇਹ ਵੀ ਸ਼ਾਮਲ ਹੈ ਕਿ ਪੰਜਾਬ ਸਰਕਾਰ ਨੇ ਨਿਯਮਾਂ ਦੀ ਉਲੰਘਣਾ ਕਰਦੇ ਹੋਏ, ਮੁਅੱਤਲ ਅਤੇ ਚਾਰਜਸ਼ੀਟ ਕੀਤੇ ਅਧਿਕਾਰੀਆਂ ਨੂੰ ਉੱਚ ਅਹੁਦਿਆਂ 'ਤੇ ਤਰੱਕੀ ਦਿੱਤੀ ਹੈ। ਸਰਕਾਰ ਨੇ ਅਸਲ ਵਿੱਚ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਕਰ ਦਿੱਤਾ ਹੈ। ਇਹ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਨੂੰ ਬੇਨਕਾਬ ਕਰਦਾ ਹੈ। ਪਰਗਟ ਸਿੰਘ ਨੇ ਮੰਗ ਕੀਤੀ ਕਿ ਸਰਕਾਰ ਜਨਤਕ ਤੌਰ 'ਤੇ ਪੂਰੇ ਮਾਮਲੇ ਦੀ ਵਿਆਖਿਆ ਕਰੇ ਅਤੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਨੀਤੀ ਸਪੱਸ਼ਟ ਕਰੇ ਤਾਂ ਜੋ ਜਨਤਾ ਸੱਚਾਈ ਜਾਣ ਸਕੇ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਅਧੀਨ ਜਿਸ ਤਰੀਕੇ ਨਾਲ ਪ੍ਰਸ਼ਾਸਨਿਕ ਕਾਰਵਾਈਆਂ ਕੀਤੀਆਂ ਗਈਆਂ, ਉਸਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ। ਸੁਰਿੰਦਰ ਪਾਲ ਸਿੰਘ (ਐਸਪੀਐਸ) ਪਰਮਾਰ, ਜਿਸਨੂੰ ਵਿਜੀਲੈਂਸ ਬਿਊਰੋ ਦਾ ਮੁਖੀ ਨਿਯੁਕਤ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਕਥਿਤ ਤੌਰ 'ਤੇ 'ਗੰਭੀਰ ਦੁਰਾਚਾਰ ਅਤੇ ਡਿਊਟੀ ਵਿੱਚ ਅਣਗਹਿਲੀ' ਲਈ ਮੁਅੱਤਲ ਕਰ ਦਿੱਤਾ ਗਿਆ, ਦਾ ਮਾਮਲਾ ਨਿਰੰਤਰਤਾ ਅਤੇ ਇਰਾਦੇ ਬਾਰੇ ਬੁਨਿਆਦੀ ਸਵਾਲ ਖੜ੍ਹੇ ਕਰਦਾ ਹੈ। ਇਸੇ ਤਰ੍ਹਾਂ, ਐਸਡੀਐਮ ਬਾਘਾ ਪੁਰਾਣਾ, ਬਬਨਦੀਪ ਵਾਲੀਆ ਦਾ ਇੱਕ ਦਿਨ ਦੇ ਅੰਦਰ ਤਬਾਦਲਾ ਅਤੇ ਮੁਅੱਤਲ, ਉਚਿਤ ਪ੍ਰਕਿਰਿਆ ਅਤੇ ਪ੍ਰਸ਼ਾਸਨਿਕ ਨਿਯਮਾਂ ਦੀ ਚਿੰਤਾਜਨਕ ਅਣਦੇਖੀ ਵੱਲ ਇਸ਼ਾਰਾ ਕਰਦਾ ਹੈ। ਵਿਆਪਕ ਤਸਵੀਰ ਨੂੰ ਵੇਖਦੇ ਹੋਏ, ਇਹ ਜਾਪਦਾ ਹੈ ਕਿ ਅਧਿਕਾਰੀਆਂ ਨੂੰ




ਜਾਣਬੁੱਝ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਖਾਸ ਕਰਕੇ ਉਹ ਜੋ ਸੁਤੰਤਰ ਤੌਰ 'ਤੇ ਕੰਮ ਕਰਦੇ ਦਿਖਾਈ ਦਿੰਦੇ ਹਨ। ਕਰੁਣ ਗੁਪਤਾ (ਜਿਨ੍ਹਾਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਗਈ ਹੈ) ਅਤੇ ਰਮਨਦੀਪ ਕੌਰ (ਜਿਨ੍ਹਾਂ ਨੂੰ ਮੁਅੱਤਲ ਕੀਤਾ ਗਿਆ ਹੈ) ਵਰਗੇ ਅਧਿਕਾਰੀਆਂ ਨੂੰ ਵਿਭਾਗੀ ਕਾਰਵਾਈ ਦਾ ਸਾਹਮਣਾ ਕਰਨਾ ਪਿਆ ਹੈ। ਪਰ ਇਸ ਤੋਂ ਵੀ ਜ਼ਿਆਦਾ ਪਰੇਸ਼ਾਨ ਕਰਨ ਵਾਲੀ ਗੱਲ ਇਹ ਹੈ ਕਿ ਇਹੀ ਪ੍ਰਣਾਲੀ ਜਿਸ ਤਰ੍ਹਾਂ ਕੰਮ ਕਰਦੀ ਹੈ, ਉਹ ਵਿਰੋਧੀ ਤਰੀਕਾ ਹੈ: ਜਿੱਥੇ ਇੱਕ ਪਾਸੇ, ਅਧਿਕਾਰੀਆਂ ਨੂੰ ਚਾਰਜਸ਼ੀਟ ਅਤੇ ਮੁਅੱਤਲ ਕੀਤਾ ਜਾ ਰਿਹਾ ਹੈ, ਉੱਥੇ ਦੂਜੇ ਪਾਸੇ, ਉਨ੍ਹਾਂ ਨੂੰ ਪੀਸੀਐਸ ਕੇਡਰ ਵਿੱਚ ਉੱਚ ਅਹੁਦਿਆਂ 'ਤੇ ਤਰੱਕੀ ਦਿੱਤੀ ਜਾ ਰਹੀ ਹੈ। ਇਹ ਵਿਰੋਧਾਭਾਸ ਕੋਈ ਮਾਮੂਲੀ ਪ੍ਰਕਿਰਿਆਤਮਕ ਗਲਤੀ ਨਹੀਂ ਹੈ, ਸਗੋਂ ਸ਼ਾਸਨ ਦੇ ਪੂਰੀ ਤਰ੍ਹਾਂ ਟੁੱਟਣ ਦਾ ਸੰਕੇਤ ਹੈ। ਜੇਕਰ ਕਿਸੇ ਅਧਿਕਾਰੀ ਨੂੰ ਚਾਰਜਸ਼ੀਟ ਜਾਂ ਮੁਅੱਤਲ ਦੇ ਯੋਗ ਮੰਨਿਆ ਜਾਂਦਾ ਹੈ, ਤਾਂ ਉਸਨੂੰ ਕਿਸ ਕਾਨੂੰਨੀ ਜਾਂ ਪ੍ਰਸ਼ਾਸਕੀ ਆਧਾਰ 'ਤੇ ਤਰੱਕੀ ਲਈ ਯੋਗ ਮੰਨਿਆ ਜਾਂਦਾ ਹੈ? ਇਸ ਦੇ ਉਲਟ, ਜੇਕਰ ਉਹ ਤਰੱਕੀ ਦਾ ਹੱਕਦਾਰ ਹੈ, ਤਾਂ ਉਹ ਚਾਰਜਸ਼ੀਟਾਂ ਕੀ ਭਰੋਸੇਯੋਗਤਾ ਰੱਖਦੀਆਂ ਹਨ? ਅਜਿਹੀਆਂ ਕਾਰਵਾਈਆਂ ਇਸ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ ਕਿ ਕੀ ਸਹੀ ਪ੍ਰਕਿਰਿਆ ਦੀ ਸੱਚਮੁੱਚ ਪਾਲਣਾ ਕੀਤੀ ਜਾ ਰਹੀ ਹੈ, ਜਾਂ ਕੀ ਇਹ ਸਾਧਨ - ਚਾਰਜਸ਼ੀਟਾਂ, ਮੁਅੱਤਲੀਆਂ ਅਤੇ ਤਰੱਕੀਆਂ - ਨੂੰ ਕੰਟਰੋਲ ਦੇ ਸਾਧਨਾਂ ਵਜੋਂ ਚੋਣਵੇਂ ਤੌਰ 'ਤੇ ਵਰਤਿਆ ਜਾ ਰਿਹਾ ਹੈ। ਇਹ ਨਿਯਮ-ਅਧਾਰਤ ਸ਼ਾਸਨ ਨਹੀਂ ਹੈ; ਇਹ ਇੱਕ ਨਿਯਮ-ਅਧਾਰਤ ਮਾਮਲਾ ਹੈ, ਜਿੱਥੇ ਇੱਕੋ ਜਿਹੇ ਮਾਮਲਿਆਂ ਨੂੰ ਬਿਨਾਂ ਕਿਸੇ ਪਾਰਦਰਸ਼ੀ ਤਰਕ ਦੇ ਵੱਖਰੇ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ। ਅਜਿਹੀ ਮਨਮਾਨੀ ਇਮਾਨਦਾਰ ਅਧਿਕਾਰੀਆਂ ਨੂੰ ਨਿਰਾਸ਼ ਕਰਦੀ ਹੈ ਅਤੇ ਸਿਵਲ ਸੇਵਾ ਦੀ ਨਿਰਪੱਖਤਾ ਨੂੰ ਖਤਮ ਕਰਦੀ ਹੈ। ਇੱਕ ਹੋਰ ਮਹੱਤਵਪੂਰਨ ਮੁੱਦਾ ਜੋ ਉੱਠਦਾ ਹੈ ਉਹ ਹੈ ਇਹਨਾਂ ਚਾਰਜਸ਼ੀਟਾਂ ਦਾ ਪਿਛਲੇ ਪ੍ਰਸ਼ਾਸਕੀ ਫੈਸਲਿਆਂ 'ਤੇ ਪ੍ਰਭਾਵ।

# ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਲਈ 102 ਕਰੋੜ ਰੁਪਏ ਤੋਂ ਵੱਧ ਰਾਸ਼ੀ ਜਾਰੀ : ਡਾ. ਬਲਜੀਤ ਕੌਰ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਦੀ ਆਰਥਿਕ ਸੁਰੱਖਿਆ ਅਤੇ ਆਤਮ-ਸਨਮਾਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਵਿੱਤੀ ਸਾਲ 2026-27 ਦੇ ਮਹੀਨਾ ਮਾਰਚ ਲਈ 102 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ, ਖਾਸ ਕਰਕੇ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਲੋਕ-ਕੇਂਦਰਿਤ ਅਤੇ ਨਤੀਜਾ-ਮੁੱਖੀ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਹਜ਼ਾਰਾਂ ਔਰਤਾਂ ਲਈ ਸਹਾਰਾ ਬਣ ਰਹੀ ਹੈ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਦੀਆਂ ਹੋਈਆਂ ਆਤਮ-ਵਿਸ਼ਵਾਸ ਨਾਲ ਜੀਵਨ ਬਤੀਤ ਕਰ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵੇਲੇ ਸੂਬੇ ਦੀਆਂ 6,83,004 ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਹਰ ਮਹੀਨੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਡਾ. ਬਲਜੀਤ ਕੌਰ ਨੇ ਹੋਰ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਯੋਗ ਲਾਭਪਾਤਰੀਆਂ ਨੂੰ ਨਿਰਵਿਘਨ ਪੈਨਸ਼ਨ ਜਾਰੀ ਰਹੇ। ਇਸ ਲਈ ਪੰਜਾਬ ਸਰਕਾਰ ਵੱਲੋਂ 1200 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜੋ ਔਰਤਾਂ ਦੀ ਸਮਾਜਿਕ ਸੁਰੱਖਿਆ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ 58 ਸਾਲ ਤੋਂ ਘੱਟ ਉਮਰ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ, 30 ਸਾਲ ਤੋਂ ਵੱਧ ਉਮਰ ਦੀਆਂ ਅਣਵਿਆਹੀਆਂ ਔਰਤਾਂ, ਅਤੇ



60,000 ਰੁਪਏ ਜਾਂ ਇਸ ਤੋਂ ਘੱਟ ਸਾਲਾਨਾ ਆਮਦਨ ਵਾਲੀਆਂ ਔਰਤਾਂ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ। ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਯੋਗ ਔਰਤ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਮਿਲੇ। ਉਨ੍ਹਾਂ ਕਿਹਾ ਕਿ ਅਜਿਹੀਆਂ ਯੋਜਨਾਵਾਂ ਨਾਲ ਔਰਤਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਣ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮ-ਸਨਮਾਨ ਨਾਲ ਜੀਵਨ ਬਤੀਤ ਕਰਨ ਵਿੱਚ ਮਦਦ ਮਿਲ ਰਹੀ ਹੈ।

# ਭਗਵੰਤ ਮਾਨ ਸਰਕਾਰ ਬਾਬਾ ਸਾਹਿਬ ਦੇ ਰਸਤੇ 'ਤੇ ਚੱਲ ਰਹੀ ਹੈ, ਅਣਦੇਖੀ ਦੀ ਰਾਜਨੀਤੀ ਨਹੀਂ ਕਰ ਰਹੀ : ਹਰਪਾਲ ਸਿੰਘ ਚੀਮਾ

## ਕਿਹਾ, 'ਆਪ' ਸਰਕਾਰ ਨੇ ਐਡਵੋਕੇਟ ਜਨਰਲ ਦਫ਼ਤਰ ਵਿੱਚ ਅਨੁਸੂਚਿਤ ਜਾਤੀਆਂ ਲਈ ਵਿਸ਼ੇਸ਼ ਰਾਖਵਾਂਕਰਨ ਲਾਗੂ ਕੀਤਾ

ਜ਼ਿਕਰ ਪੰਜਾਬ

**ਨੰਗਲ/ਬਿਊਰੋ**

ਪੰਜਾਬ ਦੇ ਵਿੱਤ, ਟਰਾਂਸਪੋਰਟ, ਕਰ ਅਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੇ ਦਰਸਾਏ ਮਾਰਗ 'ਤੇ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਣਨ ਤੋਂ ਤੁਰੰਤ ਬਾਅਦ ਹਰ ਸਰਕਾਰੀ ਦਫ਼ਤਰ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀਆਂ ਤਸਵੀਰਾਂ ਲਗਾਈਆਂ ਗਈਆਂ। ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਹੁਣ ਨਵੇਂ ਮਾਪਦੰਡ ਸਥਾਪਿਤ ਕਰ ਰਹੇ ਹਨ ਜਦਕਿ ਵਿਕਾਸ ਗ੍ਰਾਂਟਾਂ ਜ਼ਮੀਨੀ ਪੱਧਰ 'ਤੇ ਪਿੰਡਾਂ ਤੱਕ ਪਹੁੰਚ ਰਹੀਆਂ ਹਨ। ਨੰਗਲ ਦੇ ਸਕੂਲ ਆਫ਼ ਐਮੀਨੈਂਸ ਵਿਖੇ ਡਾ. ਬੀ.ਆਰ. ਅੰਬੇਡਕਰ ਦੇ 135ਵੇਂ ਜਨਮ ਦਿਹਾੜੇ ਮੌਕੇ ਕਰਵਾਏ ਗਏ 'ਸਿੱਖਿਆ ਸੰਕਲਪ ਪ੍ਰੋਗਰਾਮ' ਨੂੰ ਸੰਬੋਧਨ ਕਰਦਿਆਂ ਬਾਬਾ ਸਾਹਿਬ ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਭਾਰਤੀ ਸੰਵਿਧਾਨ ਦੇ ਨਿਰਮਾਤਾ, ਡਾ. ਬੀ.ਆਰ. ਅੰਬੇਡਕਰ ਨੇ ਸਿੱਖਿਆ ਦੇ ਉੱਚਤਮ ਪੱਧਰ ਨੂੰ ਪ੍ਰਾਪਤ ਕੀਤਾ, ਜਿਨ੍ਹਾਂ ਕੋਲ ਚਾਰ ਪੀਐਚਡੀਜ਼ ਸਮੇਤ 32 ਡਿਗਰੀਆਂ ਸਨ, ਅਤੇ ਉਨ੍ਹਾਂ ਨੇ ਹਮੇਸ਼ਾ ਸਿੱਖਿਆ ਦੇ ਪਸਾਰ ਲਈ ਕੰਮ ਕੀਤਾ। ਅਜੋਕਾ ਸਮਾਜ ਉਨ੍ਹਾਂ ਦੀ ਦੂਰਅੰਦੇਸ਼ੀ ਸੋਚ ਦਾ ਹੀ ਪ੍ਰਤੀਬਿੰਬ ਹੈ।' ਉਨ੍ਹਾਂ ਕਿਹਾ, 'ਰਾਜਪਾਲ ਵੱਲੋਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 'ਤੇ ਦਸਤਖਤ ਕਰਨ ਨਾਲ, ਗੁਰੂ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾ ਦੇਣ ਦਾ ਰਸਤਾ ਸਾਫ਼ ਹੋ ਗਿਆ ਹੈ।' ਉਨ੍ਹਾ ਅੱਗੇ ਕਿਹਾ, 'ਗੁਰੂ ਰਵਿਦਾਸ ਬਾਣੀ ਸੈਂਟਰ ਸਥਾਪਿਤ ਕੀਤਾ ਜਾ ਰਿਹਾ ਹੈ ਜਿੱਥੇ 700 ਵਿਦਿਆਰਥੀ ਸਿਖਲਾਈ ਪ੍ਰਾਪਤ ਕਰ ਸਕਣਗੇ। ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੇ ਸੂਬੇ ਵਿੱਚ ਬੜੀ ਸ਼ਰਧਾ ਅਤੇ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ।' ਵਿਕਾਸ ਕਾਰਜਾਂ 'ਤੇ ਚਾਨਣਾ ਪਾਉਂਦਿਆਂ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, 'ਸ੍ਰੀ ਅਨੰਦਪੁਰ ਸਾਹਿਬ ਹਲਕੇ ਨੂੰ ਪੰਜਾਬ ਵਿੱਚ ਸਭ ਤੋਂ ਵੱਧ ਵਿਕਾਸ ਫੰਡ ਮਿਲੇ ਹਨ। ਇਹ ਹਲਕਾ ਸੂਬੇ ਵਿੱਚ ਸਭ ਤੋਂ ਵੱਧ ਗ੍ਰਾਂਟਾਂ ਪ੍ਰਾਪਤ ਕਰਨ ਵਾਲਾ ਤੀਜਾ ਹਲਕਾ ਵੀ ਹੈ, ਜਿੱਥੇ ਪੁਲਾਂ, ਸੜਕਾਂ, ਸਕੂਲਾਂ ਅਤੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਿਆ ਜਾ ਰਿਹਾ ਹੈ।' ਸਿੱਖਿਆ ਸੁਧਾਰਾਂ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ, 'ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿੱਖਿਆ ਬਜਟ ਵਿੱਚ ਕਈ ਗੁਣਾ ਵਾਧਾ ਕੀਤਾ ਗਿਆ ਹੈ ਅਤੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ। ਇਕੱਲੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਹੀ ਸਕੂਲਾਂ ਦੇ ਵਿਕਾਸ, ਆਧੁਨਿਕ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ ਅਤੇ ਹੋਰ ਸਹੂਲਤਾਂ ਪ੍ਰਦਾਨ ਕਰਨ ਲਈ 100 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਗਏ ਹਨ।'



ਭਲਾਈ ਉਪਾਵਾਂ ਅਤੇ ਸਮਾਜਿਕ ਨਿਆਂ ਬਾਰੇ ਬੋਲਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਸਰਕਾਰ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਅਤੇ ਔਰਤਾਂ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਵਰਗੀਆਂ ਲੋਕ ਭਲਾਈ ਸਕੀਮਾਂ ਲਾਗੂ ਕਰ ਰਹੀ ਹੈ। ਲੋਕਾਂ ਨੂੰ ਆਪਣੇ ਵੋਟ ਦੇ ਅਧਿਕਾਰ ਅਤੇ ਸੰਵਿਧਾਨਕ ਅਧਿਕਾਰਾਂ ਦੀ ਰਾਖੀ ਲਈ ਸੁਚੇਤ ਰਹਿਣਾ ਚਾਹੀਦਾ ਹੈ। ਬਾਬਾ ਸਾਹਿਬ ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਦਿਆਂ ਪੰਜਾਬ ਸਰਕਾਰ ਸਿੱਖਿਆ, ਸਿਹਤ ਅਤੇ ਸਮਾਜਿਕ ਨਿਆਂ ਦੇ ਖੇਤਰਾਂ ਵਿੱਚ ਵੱਡੇ ਕਦਮ ਚੁੱਕ ਰਹੀ ਹੈ। ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਹੈ ਜਿੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਐਡਵੋਕੇਟ ਜਨਰਲ ਦਫ਼ਤਰ ਵਿੱਚ ਅਨੁਸੂਚਿਤ ਜਾਤੀਆਂ ਲਈ ਰਾਖਵਾਂਕਰਨ ਲਾਗੂ ਕੀਤਾ ਹੈ, ਅਤੇ ਅੱਜ ਲਗਭਗ 60 ਕਾਨੂੰਨ ਅਧਿਕਾਰੀ (ਲਾਅ ਅਫ਼ਸਰ) ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੇ ਹਨ।' ਇਸੇ ਦੌਰਾਨ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਮੇਰਾ ਪੂਰਾ ਜੀਵਨ ਇਹ ਯਕੀਨੀ ਬਣਾਉਣ ਲਈ ਸਮਰਪਿਤ ਹੈ ਕਿ ਮਿਆਰੀ ਸਿੱਖਿਆ ਸਮਾਜ ਦੇ ਹਰ ਵਰਗ ਤੱਕ ਪਹੁੰਚੇ। ਸਮਾਜ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਅਨਮੋਲ ਦਾਤਾਂ ਸਮਾਨਤਾ ਅਤੇ ਸਿੱਖਿਆ ਦਾ ਅਧਿਕਾਰ ਹਨ।' ਸਿੱਖਿਆ ਖੇਤਰ ਵਿੱਚ ਸੁਧਾਰਾਂ ਨੂੰ ਉਜਾਗਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, 'ਪੰਜਾਬ ਸਰਕਾਰ ਸਿੱਖਿਆ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਰਹੀ ਹੈ ਅਤੇ ਸਰਕਾਰੀ ਸਕੂਲਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਹਨ। ਅੱਜ, ਸਰਕਾਰੀ ਸਕੂਲਾਂ ਵਿੱਚ ਦਾਖ਼ਲੇ ਲਈ ਸਿਫ਼ਾਰਸ਼ਾਂ ਆ ਰਹੀਆਂ ਹਨ ਅਤੇ ਇਨ੍ਹਾਂ ਦੇ ਵਿਦਿਆਰਥੀ ਜੇ.ਈ.ਈ. ਅਤੇ ਨੀਟ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ। ਇਸ ਤੋਂ ਇਹ ਸਾਬਤ ਹੁੰਦਾ ਹੈ ਕਿ ਸਹੀ ਮਾਰਗਦਰਸ਼ਨ ਅਤੇ ਮੌਕਿਆਂ ਨਾਲ ਹਰ ਵਿਦਿਆਰਥੀ ਵੱਡੀਆਂ ਬੁਲੰਦੀਆਂ ਹਾਸਲ ਕਰ ਸਕਦਾ ਹੈ।' ਉਨ੍ਹਾਂ ਅੱਗੇ ਕਿਹਾ, 'ਇਹ ਪ੍ਰੋਗਰਾਮ ਕਿਸੇ ਸਿਆਸੀ ਮਕਸਦ ਲਈ ਨਹੀਂ ਕਰਵਾਇਆ ਗਿਆ, ਸਗੋਂ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਅਪਣਾਉਣ ਅਤੇ ਸਿੱਖਿਆ ਰਾਹੀਂ ਸਮਾਜ ਵਿੱਚ ਬਰਾਬਰੀ ਨੂੰ ਉਤਸ਼ਾਹਿਤ ਕਰਨ ਲਈ ਉਲੀਕਿਆ ਗਿਆ ਹੈ। ਪ੍ਰੋਗਰਾਮ ਦੌਰਾਨ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ, ਜਿਸ ਨਾਲ ਬਾਕੀ ਬੱਚਿਆਂ ਨੂੰ ਪ੍ਰੇਰਨਾ ਮਿਲੇਗੀ। ਸਿੱਖਿਆ ਹੀ ਇੱਕ ਅਜਿਹਾ ਹਥਿਆਰ ਹੈ ਜੋ ਸਮਾਜ ਵਿੱਚ ਅਸਲੀ ਬਦਲਾਅ ਲਿਆ ਸਕਦਾ ਹੈ।' ਹਲਕੇ ਲਈ ਗ੍ਰਾਂਟਾਂ ਦਾ ਐਲਾਨ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ, 'ਵੱਖ-ਵੱਖ ਪਿੰਡਾਂ ਅਤੇ ਸੰਸਥਾਵਾਂ ਲਈ ਗ੍ਰਾਂਟਾਂ ਮਨਜ਼ੂਰ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਚੰਦੇਸਰ ਲਈ 5 ਲੱਖ ਰੁਪਏ, ਬੀਕਾਪੁਰ ਲੋਅਰ ਲਈ 10 ਲੱਖ ਰੁਪਏ, ਬਸੋਵਾਲ ਐਸ.ਸੀ ਧਰਮਸ਼ਾਲਾ ਲਈ 10 ਲੱਖ ਰੁਪਏ, ਲੋਧੀਪੁਰ ਬਾਸ ਬਰੋਟੂ ਲਈ 5 ਲੱਖ ਰੁਪਏ, ਕੁਟੀਆ ਬਾਬਾ ਜਮਨਾ ਦਾਸ ਅਜੌਲੀ ਬ੍ਰਹਮਪੁਰ ਲਈ 5 ਲੱਖ ਰੁਪਏ, ਡਾਢੀ ਲਈ 5 ਲੱਖ ਰੁਪਏ, ਮੀਆਂਪੁਰ ਹੰਡੂਰ ਲਈ 5 ਲੱਖ ਰੁਪਏ, ਅਵਾਨਕੋਟ ਲੋਅਰ ਲਈ 5 ਲੱਖ ਰੁਪਏ, ਅਤੇ ਸ੍ਰੀ ਅਨੰਦਪੁਰ ਸਾਹਿਬ ਦੀ ਡਾ. ਭੀਮ ਰਾਓ ਅੰਬੇਡਕਰ ਸੇਵਾ ਸੁਸਾਇਟੀ ਲਈ ਡਾ. ਭੀਮ ਰਾਓ ਅੰਬੇਡਕਰ ਗ੍ਰਾਂਟ ਤਹਿਤ 1 ਲੱਖ ਰੁਪਏ ਸ਼ਾਮਲ ਹਨ। ਇਹ ਵਿੱਤੀ ਸਹਾਇਤਾ ਇਲਾਕੇ ਵਿੱਚ ਵਿਕਾਸ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰੇਗੀ।' ਇਸ ਮੌਕੇ ਡਾ. ਸੰਜੀਵ ਗੌਤਮ, ਜ਼ਿਲ੍ਹਾ ਪ੍ਰਧਾਨ ਕਮੀਕਰ ਸਿੰਘ ਡਾਢੀ (ਜਥੇਬੰਦਕ ਹਲਕਾ ਕੋਆਰਡੀਨੇਟਰ), ਦਲੀਪ ਹੰਸ (ਮੈਂਬਰ, ਦਲਿਤ ਬੋਰਡ ਪੰਜਾਬ), ਡਾ. ਜੇ.ਐਸ. ਕਾਹਲੋਂ, ਦੀਪਕ ਸੋਨੀ (ਹਲਕਾ ਕੋਆਰਡੀਨੇਟਰ), ਕਾਲਾ ਬਾਬਾ ਜਮਨਾ ਦਾਸ ਕੁਟੀਆ ਅਤੇ ਸੇਵਾਮੁਕਤ ਪ੍ਰਿੰਸੀਪਲ ਬਲਦੇਵ ਨੇ ਵੀ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਅਤੇ ਯੋਗਦਾਨ 'ਤੇ ਆਪਣੇ ਵਿਚਾਰ ਸਾਂਝੇ ਕੀਤੇ।